ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 25 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੧ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਕੋਲਕਾਤਾ ਦੇ ਤਾਰਾਤਲਾ ’ਚ ਗੋਦਾਮ ਦੀ ਛੱਤ ਡਿੱਗੀ

# 60 ਤੋਂ ਵੱਧ ਮਜ਼ਦੂਰ ਮਲਬੇ ਹੇਠਾਂ ਦੱਬੇ, ਰੈਸਕਿਊ ਜਾਰੀ

**ਕੋਲਕਾਤਾ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਕੋਲਕਾਤਾ ਦੇ ਤਾਰਾਤਲਾ ਇਲਾਕੇ ਵਿੱਚ ਅੱਜ ਬੁੱਧਵਾਰ ਦੁਪਹਿਰ ਸਮੇਂ ਇੱਕ ਨਿਰਮਾਣ ਅਧੀਨ ਗੋਦਾਮ ਦੀ ਛੱਤ ਅਚਾਨਕ ਡਿੱਗ ਗਈ, ਜਿਸ ਕਾਰਨ ਕਰੀਬ 50 ਤੋਂ 60 ਲੋਕ ਮਲਬੇ ਹੇਠਾਂ ਦੱਬ ਗਏ। ਘਟਨਾ ਤੋਂ ਬਾਅਦ ਤੁਰੰਤ ਰਾਹਤ ਅਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ ਗਿਆ।



ਹੁਣ ਤੱਕ 9 ਜ਼ਖ਼ਮੀਆਂ ਨੂੰ SSKM ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿਨ੍ਹਾਂ ਵਿੱਚੋਂ 5 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਕੋਲਕਾਤਾ ਪੁਲਿਸ ਨੇ ਦੱਸਿਆ ਕਿ ਤਾਰਾਤਲਾ ਇਲਾਕੇ ਵਿੱਚ ਬ੍ਰੇਸ ਬ੍ਰਿਜ਼ ਨੇੜੇ ਟਰਾਂਸਪੋਰਟ ਡਿਪੋ ਰੋਡ ’ਤੇ ਸਥਿਤ ਇਸ ਗੋਦਾਮ ਦੀ ਛੱਤ ਅਚਾਨਕ ਡਿੱਗ ਗਈ। ਪੁਲਿਸ ਅਧਿਕਾਰੀ ਤੁਰੰਤ ਮੌਕੇ ’ਤੇ ਪਹੁੰਚ ਗਏ। ਹਾਦਸੇ ਦੇ ਸਮੇਂ ਕਈ ਮਜ਼ਦੂਰ ਉੱਥੇ ਕੰਮ ਕਰ ਰਹੇ ਸਨ। ਅਧਿਕਾਰੀਆਂ ਮੁਤਾਬਕ ਕੋਲਕਾਤਾ ਪੁਲਿਸ, ਡਿਜਾਸਟਰ ਮੈਨੇਜਮੈਂਟ ਗਰੁੱਪ, ਸਿਵਲ ਡਿਫੈਂਸ ਅਤੇ ਫਾਇਰ ਐਂਡ ਐਮਰਜੈਂਸੀ ਸਰਵਿਸ ਦੀਆਂ ਟੀਮਾਂ ਬਚਾਅ ਕਾਰਜ ਵਿੱਚ ਜੁਟੀਆਂ ਹੋਈਆਂ ਹਨ। ਫੌਜ ਦੇ ਜਵਾਨ ਵੀ ਰੈਸਕਿਊ ਆਪਰੇਸ਼ਨ ਵਿੱਚ ਮਦਦ ਕਰ ਰਹੇ ਹਨ। ਮਲਬੇ ਹੇਠਾਂ ਫਸੇ ਲੋਕਾਂ ਨੂੰ ਕੱਢਣ ਲਈ ਕਰੇਨਾਂ ਅਤੇ ਭਾਰੀ ਮਸ਼ੀਨਾਂ ਦੀ ਵਰਤੋਂ ਕੀਤੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਬੁੱਧਵਾਰ ਦੁਪਹਿਰ ਮਜ਼ਦੂਰ ਰੋਜ਼ਾਨਾ ਦੀ ਤਰ੍ਹਾਂ ਨਿਰਮਾਣ ਕੰਮ ਵਿੱਚ ਲੱਗੇ ਹੋਏ ਸਨ। ਇਸੇ ਦੌਰਾਨ ਗੋਦਾਮ ਦੀ ਛੱਤ ਦਾ ਇੱਕ ਵੱਡਾ ਹਿੱਸਾ ਅਚਾਨਕ ਢਹਿ ਗਿਆ। ਭਾਰੀ ਮਲਬਾ ਡਿੱਗਣ ਨਾਲ ਮੌਕੇ ’ਤੇ ਹੜਕੰਪ ਮਚ ਗਿਆ ਅਤੇ ਕਈ ਲੋਕ ਇਸ ਹੇਠਾਂ ਫਸ ਗਏ। ਭਾਜਪਾ ਨੇਤਾ ਰਾਕੇਸ਼ ਸਿੰਘ ਨੇ ਦਾਅਵਾ ਕੀਤਾ ਹੈ ਕਿ ਇਸ ਹਾਦਸੇ ਵਿੱਚ 5 ਲੋਕਾਂ ਦੀ ਮੌਤ ਹੋ ਚੁੱਕੀ ਹੈ। ਉਨ੍ਹਾਂ ਕਿਹਾ, “ਪੰਜ ਲੋਕਾਂ ਦੀ ਜਾਨ ਚਲੀ ਗਈ ਹੈ ਅਤੇ ਕਈ ਜ਼ਖ਼ਮੀਆਂ ਨੂੰ ਹਸਪਤਾਲ ਭੇਜਿਆ ਗਿਆ ਹੈ।” ਹਾਲਾਂਕਿ ਪ੍ਰਸ਼ਾਸਨ ਵੱਲੋਂ ਮੌਤਾਂ ਦੀ ਗਿਣਤੀ ਬਾਰੇ ਅਜੇ ਤੱਕ ਕੋਈ ਅਧਿਕਾਰਕ ਪੁਸ਼ਟੀ ਨਹੀਂ ਕੀਤੀ ਗਈ। ਇਸ ਦੌਰਾਨ ਪੱਛਮੀ ਬੰਗਾਲ ਸਰਕਾਰ ਦੇ ਮੰਤਰੀ ਇੰਦਰਨੀਲ ਖਾਨ ਨੇ ਘਟਨਾ ਸਥਲ ਦਾ ਦੌਰਾ ਕਰਕੇ ਬਚਾਅ ਕਾਰਜਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ, “ਸਾਡੀ ਪਹਿਲੀ ਤਰਜੀਹ ਅੰਦਰ ਫਸੇ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਣਾ ਹੈ। ਸਾਰੀਆਂ ਰੈਸਕਿਊ ਟੀਮਾਂ ਮੌਕੇ ’ਤੇ ਮੌਜੂਦ ਹਨ।”




## ਭਾਜਪਾ ਨੇਤਾ ਮਨੋਰੰਜਨ ਕਾਲੀਆ ਦੀ ਵਿਗੜੀ ਸਿਹਤ

**ਜਲੰਧਰ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਅਚਾਨਕ ਬਿਮਾਰ ਹੋ ਗਏ।



ਮਨੋਰੰਜਨ ਕਾਲੀਆ ਜਲੰਧਰ ਵਿੱਚ ਇੱਕ ਸਮਾਗਮ ਦੌਰਾਨ ਬੇਹੋਸ਼ ਹੋ ਗਏ, ਜਿਸ ਕਾਰਨ ਸਮਾਗਮ ਵਾਲੀ ਥਾਂ ’ਤੇ ਹੰਗਾਮਾ ਹੋ ਗਿਆ। ਉਹ ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਵੱਲੋਂ ਇੱਕ ਰੋਡ ਓਵਰ ਬ੍ਰਿਜ ਦੇ ਉਦਘਾਟਨ ਵਿੱਚ ਸ਼ਾਮਲ ਹੋਣ ਲਈ ਗਏ ਸਨ। ਜਿਵੇਂ ਹੀ ਉਹ ਡਿੱਗ ਪਏ, ਮੌਕੇ ’ਤੇ ਮੌਜੂਦ ਸੁਰੱਖਿਆ ਕਰਮਚਾਰੀਆਂ ਅਤੇ ਭਾਜਪਾ ਆਗੂਆਂ ਨੇ ਉਨ੍ਹਾਂ ਨੂੰ ਚੁੱਕ ਕੇ ਹਸਪਤਾਲ ਪਹੁੰਚਾਇਆ, ਜਿੱਥੇ ਡਾਕਟਰ ਇਸ ਸਮੇਂ ਉਨ੍ਹਾਂ ਦੀ ਜਾਂਚ ਕਰ ਰਹੇ ਹਨ। ਮੁੱਢਲੀ ਜਾਣਕਾਰੀ ਤੋਂ ਪਤਾ ਚੱਲਦਾ ਹੈ ਕਿ ਕਾਲੀਆ ਨੂੰ ਕੱਲ੍ਹ ਤੋਂ ਬੁਖਾਰ ਸੀ; ਹਾਲਾਂਕਿ, ਉਹ ਕੇਂਦਰੀ ਰਾਜ ਮੰਤਰੀ ਦੇ ਨਿਰਧਾਰਤ ਦੌਰੇ ਕਾਰਨ ਹੋਰ ਪਾਰਟੀ ਆਗੂਆਂ ਦੇ ਨਾਲ ਸਮਾਗਮ ਵਿੱਚ ਸ਼ਾਮਲ ਹੋਏ ਸਨ। ਕੇਂਦਰੀ ਰਾਜ ਮੰਤਰੀ ਦੀ ਉਡੀਕ ਕਰਦੇ ਸਮੇਂ, ਉਨ੍ਹਾਂ ਦਾ ਸੋਡੀਅਮ ਪੱਧਰ ਘੱਟ ਗਿਆ, ਜਿਸ ਕਾਰਨ ਉਨ੍ਹਾਂ ਦਾ ਬਲੱਡ ਪ੍ਰੈਸ਼ਰ ਘੱਟ ਗਿਆ ਅਤੇ ਉਹ ਬੇਹੋਸ਼ ਹੋ ਗਏ। ਡਾਕਟਰ ਇਸ ਸਮੇਂ ਉਨ੍ਹਾਂ ਦੀ ਦੇਖਭਾਲ ਕਰ ਰਹੇ ਹਨ, ਅਤੇ ਉਨ੍ਹਾਂ ਨੂੰ ਐਮਰਜੈਂਸੀ ਵਾਰਡ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾਂ ਦੀ ਹਾਲਤ ਸਥਿਰ ਬਣੀ ਹੋਈ ਹੈ।

## ਸਿਆਸਤ ਦੀ ਭੇਂਟ ਚੜ੍ਹੀ ਮਾਸੂਮ ਬੱਚੀ ! ‘ਆਪ’ ਹਲਕਾ ਇੰਚਾਰਜ ਤਲਬੀਰ ਗਿੱਲ ’ਤੇ ਲੱਗੇ ਗੰਭੀਰ ਇਲਜ਼ਾਮ

**ਅੰਮ੍ਰਿਤਸਰ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਗਿੱਲ ’ਤੇ ਇੱਕ ਮਹਿਲਾ ਵੱਲੋਂ ਉਸਦੀ ਬੱਚੀ ਦੀ ਮੌਤ ਲਈ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਦਰਅਸਲ, ਮਾਸੂਮ ਕਾਦਰ ਕੌਰ ਜੋ ਕਿ ਕਾਫੀ ਸਮੇਂ ਤੋਂ ਲੀਵਰ ਦੀ ਗੰਭੀਰ ਬੀਮਾਰੀ ਤੋਂ ਪੀੜਤ ਸੀ। ਜਿਸ ਦੀ ਸਮੇਂ ਸਿਰ ਡੌਨਰ ਨਾ ਮਿਲਣ ਕਾਰਨ ਮੌਤ ਹੋ ਗਈ। ਬੱਚੀ ਦੀ ਮਾਂ ਮਨਰੀਤ ਕੌਰ ਵੱਲੋਂ ਹਲਕਾ ਇੰਚਾਰਜ ਤਲਬੀਰ ਗਿੱਲ ’ਤੇ ਗੰਭੀਰ ਇਲਜ਼ਾਮ ਲਗਾਏ ਗਏ ਹਨ। ਦੱਸ ਦਈਏ ਕਿ ਮਾਸੂਮ ਕਾਦਰ ਕੌਰ ਨੂੰ ਉਸਦੇ ਪਿਤਾ ਵੱਲੋਂ ਲੀਵਰ ਦਿੱਤਾ ਜਾਣਾ ਸੀ, ਪਰ ਉਸਦੇ ਪਤੀ ਨੂੰ ਉਸ ਤੋਂ ਕੁਝ ਦਿਨ ਪਹਿਲਾਂ ਹੀ ਪੁਲਿਸ ਵੱਲੋਂ ਹਿਰਾਸਤ ’ਚ ਲੈ ਲਿਆ ਅਤੇ ਜੇਲ੍ਹ ’ਚ ਬੰਦ ਰੱਖਿਆ। ਇਸ ਸਬੰਧੀ ਮਨਰੀਤ ਕੌਰ ਨੇ ਕਿਹਾ ਕਿ ਉਸਦੀ ਬੱਚੀ ਲੀਵਰ ਦੀ ਬੀਮਾਰੀ ਦੇ ਚੌਥੇ ਸਟੇਜ ’ਚ ਹੈ ਅਤੇ ਉਸਦਾ ਇਲਾਜ ਚੱਲ ਰਿਹਾ ਹੈ। ਉਸਦੇ ਪਤੀ ਵੱਲੋਂ ਕਾਦਰ ਨੂੰ ਲੀਵਰ ਦਿੱਤਾ ਜਾਣਾ ਸੀ, ਸਾਰੇ ਟੈਸਟ ਕੀਤੇ ਜਾ ਰਹੇ ਸੀ। ਪਰ ਪੁਲਿਸ ਵੱਲੋਂ ਹਸਪਤਾਲ ਦੇ ਬਾਹਰ ਤੋਂ ਹੀ ਉਸਦੇ ਪਤੀ ਨੂੰ ਹਿਰਾਸਤ ’ਚ ਲੈ ਲਿਆ ਅਤੇ ਉਸਦੇ ਪਤੀ ਨੂੰ ਧੀ ਨਾਲ ਮਿਲਣ ਵੀ ਨਹੀਂ ਦਿੱਤਾ। ਮਨਰੀਤ ਕੌਰ ਨੇ ਇਲਜ਼ਾਮ ਲਗਾਉਂਦੇ ਹੋਏ ਕਿਹਾ ਕਿ ਤਲਬੀਰ ਗਿੱਲ ਸਿਆਸੀ ਨਸ਼ੇ ’ਚ ਧੁੱਤ ਹੋਣ ਕਾਰਨ ਅਜਿਹਾ ਕਾਰਾ ਕੀਤਾ ਹੈ। ਸਿਆਸੀ ਰੰਜਿਸ਼ ਦੇ ਚੱਲਦੇ ਉਸਦੇ ਪਤੀ ਦੇ ਖਿਲਾਫ ਝੂਠਾ ਮਾਮਲਾ ਦਰਜ ਕਰਵਾਇਆ ਗਿਆ ਅਤੇ ਫੇਰ ਉਸ ਨੂੰ ਜੇਲ੍ਹ ਭੇਜ ਦਿੱਤਾ ਗਿਆ। ਤਕਰੀਬਨ ਇੱਕ ਮਹੀਨੇ ਤੋਂ ਵੱਧ ਸਮੇਂ ਤੱਕ ਉਸਦਾ ਪਤੀ ਜੇਲ੍ਹ ’ਚ ਸੀ ਜਿਸ ਕਾਰਨ ਉਨ੍ਹਾਂ ਦੀ ਧੀ ਸਿਆਸਤ ਦੀ ਭੇਂਟ ਚੜ੍ਹ ਗਈ। ਮਨਰੀਤ ਕੌਰ ਨੇ ਕਿਹਾ ਕਿ ਤਲਬੀਰ ਗਿੱਲ ਦੇ ਨਾਲ-ਨਾਲ ਗੁਰਪਾਲ ਸਿੰਘ ਦੇ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਦੇ ਖਿਲਾਫ ਮਾਮਲਾ ਦਰਜ ਕੀਤਾ ਜਾਵੇ।



## ਨੀਰਵ ਮੋਦੀ ਨੂੰ ਲੱਗਿਆ ਵੱਡਾ ਝਟਕਾ; ਬ੍ਰਿਟਿਸ਼ ਅਦਾਲਤ ਨੇ ਬੈਂਕ ਧੋਖਾਧੜੀ ਮਾਮਲੇ ’ਚ ਸੁਣਾਇਆ ਇਹ ਫੈਸਲਾ

**ਲੰਡਨ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਭਗੌੜੇ ਭਾਰਤੀ ਹੀਰਾ ਵਪਾਰੀ ਨੀਰਵ ਮੋਦੀ ਨੂੰ ਬ੍ਰਿਟਿਸ਼ ਅਦਾਲਤ ਤੋਂ ਵੱਡਾ ਝਟਕਾ ਲੱਗਾ ਹੈ।



ਹਾਈ ਕੋਰਟ ਦੇ ਹੁਕਮਾਂ ਤੋਂ ਬਾਅਦ, ਨੀਰਵ ਮੋਦੀ ਨੂੰ ਹੁਣ ਬੈਂਕ ਧੋਖਾਧੜੀ ਦੇ ਮਾਮਲੇ ਵਿੱਚ 100 ਕਰੋੜ ਰੁਪਏ ਤੋਂ ਵੱਧ ਦਾ ਭੁਗਤਾਨ ਕਰਨਾ ਪਵੇਗਾ। ਹਾਈ ਕੋਰਟ ਦੇ ਜੱਜ ਸਾਈਮਨ ਟਿੰਕਲਰ ਨੇ ਨੀਰਵ ਮੋਦੀ ਨੂੰ ਨਿੱਜੀ ਗਰੰਟੀ ਦੇ ਤਹਿਤ ਕਰਜ਼ਦਾਰ ਐਲਾਨ ਦਿੱਤਾ। ਰਿਪੋਰਟਾਂ ਦੇ ਅਨੁਸਾਰ, ਨੀਰਵ ’ਤੇ £4.1 ਮਿਲੀਅਨ (ਲਗਭਗ 38.9 ਕਰੋੜ) ਦੀ ਮੂਲ ਰਕਮ ਬਕਾਇਆ ਹੈ। ਬੈਂਕ ਇਸ ਰਕਮ ਵਿੱਚ ਨਿਰਧਾਰਤ ਵਿਆਜ ਵੀ ਜੋੜੇਗਾ। ਰਿਪੋਰਟਾਂ ਦੇ ਅਨੁਸਾਰ, ਮੰਗਲਵਾਰ (ਯੂਕੇ ਸਮੇਂ) ਨੂੰ ਹਾਈ ਕੋਰਟ ਦੀ ਸੁਣਵਾਈ ਦੌਰਾਨ ਨਾ ਤਾਂ ਨੀਰਵ ਅਤੇ ਨਾ ਹੀ ਉਸਦੇ ਵਕੀਲ ਨੇ ਆਪਣੇ ਬਚਾਅ ਵਿੱਚ ਕੋਈ ਸਪੱਸ਼ਟੀਕਰਨ ਦਿੱਤਾ। ਨੀਰਵ ਨੇ ਦਲੀਲ ਦਿੱਤੀ ਕਿ ਗਾਰੰਟੀ ਲਾਗੂ ਨਹੀਂ ਕੀਤੀ ਜਾ ਸਕਦੀ ਸੀ ਅਤੇ ਉਸਨੂੰ ਬੈਂਕ ਤੋਂ ਕਦੇ ਵੀ ਜਾਇਜ਼ ਮੰਗਾਂ ਨਹੀਂ ਮਿਲੀਆਂ ਸਨ। ਬੈਂਕ ਆਫ਼ ਇੰਡੀਆ ਨੇ ਜੁਲਾਈ 2012 ਵਿੱਚ ਦੁਬਈ ਵਿੱਚ ਨੀਰਵ ਦੀ ਕੰਪਨੀ, ਫਾਇਰਸਟਾਰ ਡਾਇਮੰਡ ਨੂੰ ਕਰਜ਼ਾ ਪ੍ਰਦਾਨ ਕੀਤਾ ਸੀ। ਨੀਰਵ ਨੇ 3 ਅਗਸਤ, 2013 ਨੂੰ ਇੱਕ ਨਿੱਜੀ ਗਰੰਟੀ ਪ੍ਰਦਾਨ ਕੀਤੀ ਸੀ। 2018 ਦੇ ਸ਼ੁਰੂ ਵਿੱਚ, ਜਦੋਂ ਨੀਰਵ ਮੋਦੀ ਦੇ ਪੰਜਾਬ ਨੈਸ਼ਨਲ ਬੈਂਕ ਵਿੱਚ ਕਥਿਤ ਧੋਖਾਧੜੀ ਦੀ ਖ਼ਬਰ ਫੈਲੀ, ਤਾਂ ਬੈਂਕ ਆਫ਼ ਇੰਡੀਆ ਨੇ ਮੁੜ ਅਦਾਇਗੀ ਦੀ ਮੰਗ ਕਰਨ ਦਾ ਫੈਸਲਾ ਕੀਤਾ। ਮਾਰਚ ਅਤੇ ਅਪ੍ਰੈਲ 2018 ਵਿੱਚ ਫਾਇਰਸਟਾਰ ਅਤੇ ਨੀਰਵ ਮੋਦੀ ਨੂੰ ਭੇਜੇ ਗਏ ਨੋਟਿਸਾਂ ਦਾ ਜਵਾਬ ਨਹੀਂ ਦਿੱਤਾ ਗਿਆ। 8 ਮਾਰਚ, 2024 ਨੂੰ, ਬੈਂਕ ਆਫ਼ ਇੰਡੀਆ ਨੇ £4.1 ਮਿਲੀਅਨ ਦੀ ਮੂਲ ਰਕਮ ਅਤੇ ਵਿਆਜ ਲਈ ਸੰਖੇਪ ਫੈਸਲਾ ਪ੍ਰਾਪਤ ਕੀਤਾ। ਬੈਂਕ ਨੇ ਅਕਤੂਬਰ 2025 ਵਿੱਚ ਨੀਰਵ ਮੋਦੀ ਨੂੰ ਇੱਕ ਹੋਰ ਮੰਗ ਭੇਜੀ। ਜੱਜ ਟਿੰਕਲਰ ਨੇ ਕਿਹਾ ਕਿ ਫਰਵਰੀ 2018 ਤੋਂ ਫਾਇਰਸਟਾਰ ਗਰੁੱਪ ਦੀ ਹਰ ਕੰਪਨੀ ਪ੍ਰਭਾਵਿਤ ਹੋਈ ਸੀ। ਜੱਜ ਟਿੰਕਲਰ ਨੇ ਸਮਝਾਇਆ ਕਿ 17 ਫਰਵਰੀ, 2018 ਨੂੰ, ਨੀਰਵ ਮੋਦੀ ਨੇ ਬੈਂਕ ਨੂੰ ਇੱਕ ਈਮੇਲ ਭੇਜੀ, ਜਿਸ ਵਿੱਚ ਕਿਹਾ ਗਿਆ ਸੀ ਕਿ ਮੀਡੀਆ ਦੇ ਧਿਆਨ ਕਾਰਨ ਉਸਨੇ ਆਪਣਾ ਕੰਮ ਬੰਦ ਕਰ ਦਿੱਤਾ ਹੈ। ਉਸਨੇ ਇਹ ਵੀ ਦੱਸਿਆ ਕਿ ਸਮੂਹ ਆਪਣੇ ਬੈਂਕ ਬਕਾਏ ਵਾਪਸ ਕਰਨ ਵਿੱਚ ਅਸਮਰੱਥ ਹੈ। ਨੀਰਵ ਮੋਦੀ ਨੇ ਅਪ੍ਰੈਲ 2018 ਅਤੇ ਅਕਤੂਬਰ 2025 ਦੀਆਂ ਮੰਗਾਂ ਪ੍ਰਾਪਤ ਕਰਨ ਤੋਂ ਇਨਕਾਰ ਕਰ ਦਿੱਤਾ। ਹਾਲਾਂਕਿ, ਟਿੰਕਲਰ ਇਸ ਗੱਲ ਤੋਂ ਸੰਤੁਸ਼ਟ ਸੀ ਕਿ ਉਸਨੂੰ ਦੋਵੇਂ ਮੰਗਾਂ ਮਿਲ ਗਈਆਂ ਹਨ ਅਤੇ ਉਸਨੇ ਗਰੰਟੀਆਂ ਨੂੰ ਲਾਗੂ ਕਰਨ ਯੋਗ ਪਾਇਆ।

## ਦਮਦਮੀ ਟਕਸਾਲ ਮਹਿਤਾ ਦੇ ਦਖਲ ਤੋਂ ਬਾਅਦ ਉਤਰਾਖੰਡ ਗੁਰਦੁਆਰੇ ਦਾ ਟਕਰਾਅ ਖਤਮ

### ਹੇਮਕੁੰਡ ਸਾਹਿਬ ਤੇ ਕੇਦਾਰਨਾਥ ਯਾਤਰਾ ਸ਼ਾਂਤਮਈ ਢੰਗ ਨਾਲ ਮੁੜ ਸ਼ੁਰੂ : ਜ਼ਿਲ੍ਹਾ ਮੈਜਿਸਟ੍ਰੇਟ

**ਚੌਂਕ ਮਹਿਤਾ, 24ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਉਤਰਾਖੰਡ ਦੇ ਇੱਕ ਗੁਰਦੁਆਰੇ ਵਿੱਚ 72 ਘੰਟੇ ਚੱਲਿਆ ਟਕਰਾਅ ਅੰਮ੍ਰਿਤਸਰ ਸਥਿਤ ਦਮਦਮੀ ਟਕਸਾਲ ਅਤੇ ਪਾਉਂਟਾ ਸਾਹਿਬ ਦੇ ਨਿਹੰਗ ਸਿੰਘ ਬੁੱਢਾ ਦਲ ਦੇ ਨੁਮਾਇੰਦਿਆਂ ਦੇ ਦਖਲ ਤੋਂ ਬਾਅਦ ਖਤਮ ਹੋ ਗਿਆ ਹੈ। ਜਿਸ ਦੇ ਨਤੀਜੇ ਵਜੋਂ ਪੰਜ ਹਥਿਆਰਬੰਦ ਨਿਹੰਗਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਬਾਹਰ ਕੱਢਿਆ ਗਿਆ, ਜਿਨ੍ਹਾਂ ਨੇ ਤਿੰਨ ਦਿਨਾਂ ਤੋਂ ਵੱਧ ਸਮੇਂ ਤੋਂ ਗੁਰਦੁਆਰੇ ਦੀਆਂ ਉਪਰਲੀਆਂ ਮੰਜ਼ਿਲਾਂ ’ਤੇ ਕਬਜ਼ਾ ਕਰ ਲਿਆ ਸੀ।



ਜਿਕਰਯੋਗ ਹੈ ਕਿ ਨਿਹੰਗਾਂ ਸਿੰਘਾਂ, ਰੁਦਰਪ੍ਰਯਾਗ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਵਿਚਕਾਰ ਵਾਰ-ਵਾਰ ਹੋਈ ਗੱਲਬਾਤ ਦੇ ਅਸਫਲ ਰਹਿਣ ਤੋਂ ਬਾਅਦ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਤੋਂ ਗਿਆਨੀ ਸਾਹਿਬ ਸਿੰਘ, ਗਿਆਨੀ ਸਤਨਾਮ ਸਿੰਘ, ਗਿਆਨੀ ਗੁਰਪ੍ਰੀਤ ਸਿੰਘ ਵੈਦ, ਗਿਆਨੀ ਰਵਿੰਦਰਪਾਲ ਸਿੰਘ ਅਤੇ ਗਿਆਨੀ ਅਵਤਾਰ ਸਿੰਘ ਮਾਲੂਵਾਲ ਇਸ ਮਾਮਲੇ ਵਿਚ ਵਿਚੋਲਗੀ ਕਰਨ ਲਈ ਨਗਰਾਸੂ ਵਿਖੇ ਪਹੁੰਚੇ।

ਇਥੇ ਗਿਆਨੀ ਸਾਹਿਬ ਸਿੰਘ ਨੇ ਦੱਸਿਆ ਕਿ ਬੁੱਢਾ ਦਲ (ਪਾਉਂਟਾ ਸਾਹਿਬ) ਦੇ ਨੁਮਾਇੰਦੇ ਗਿਆਨੀ ਗੜਗੱਜ ਸਿੰਘ ਦੇ ਸਹਿਯੋਗ ਨਾਲ ‘ਨਿਹੰਗਾਂ ਅਤੇ ਗੁਰਦੁਆਰਾ ਪ੍ਰਬੰਧਕਾਂ ਨੂੰ ਵਿਸ਼ਵਾਸ ਵਿੱਚ ਲੈਣ ਤੋਂ ਬਾਅਦ ਮਸਲਾ ਹੱਲ ਹੋ ਗਿਆ। ਇਸ ਬਾਬਤ ਪ੍ਰਸ਼ਾਸਨ ਨੂੰ ਵੀ ਕਾਰਵਾਈ ਕਰਨ ਲਈ ਮਨਾ ਕਰ ਦਿੱਤਾ ਹੈ। ਨਿਹੰਗ ਸਿੰਘ ਆਪਣੀ ਮਰਜ਼ੀ ਨਾਲ ਗੁਰਦੁਆਰਾ ਸਾਹਿਬ ਖਾਲੀ ਕਰ ਕੇ ਵਾਪਸ ਆ ਗਏ ਹਨ। ਉਧਰ ਰੁਦਰਪ੍ਰਯਾਗ ਜ਼ਿਲ੍ਹਾ ਮੈਜਿਸਟ੍ਰੇਟ ਵਿਸ਼ਾਲ ਮਿਸ਼ਰਾ ਨੇ ਪੁਸ਼ਟੀ ਕੀਤੀ ਕਿ ਇਸ ਮਾਮਲੇ ਵਿਚ ਸਾਰੇ ਸ਼ਾਮਲ ਲੋਕ ਇਮਾਰਤ ਛੱਡ ਕੇ ਚਲੇ ਗਏ ਹਨ ਅਤੇ ਆਮ ਸਥਿਤੀ ਬਹਾਲ ਹੋ ਗਈ ਹੈ। ਉਨਾਂ ਨੇ ਸ਼ਰਧਾਲੂਆਂ ਨੂੰ ਅਫਵਾਹਾਂ ’ਤੇ ਧਿਆਨ ਨਾ ਦੇਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਹੇਮਕੁੰਡ ਸਾਹਿਬ ਅਤੇ ਕੇਦਾਰਨਾਥ ਯਾਤਰਾਵਾਂ ਪੁਲਿਸ ਨਿਗਰਾਨੀ ਹੇਠ ਸੁਚਾਰੂ ਢੰਗ ਨਾਲ ਜਾਰੀ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

## ਪੀਓਕੇ ’ਚ ਅਗਲੇ 24 ਘੰਟੇ ਬੇਹੱਦ ਅਹਿਮ; ਪ੍ਰਸ਼ਾਸਨ ਅਤੇ ਪ੍ਰਦਰਸ਼ਨਕਾਰੀ ਆਏ ਆਹਮੋ-ਸਾਹਮਣੇ

**ਨਵੀਂ ਦਿੱਲੀ/ਇਸਲਾਮਾਬਾਦ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਸਥਿਤੀ ਬਹੁਤ ਹੀ ਨਾਜ਼ੁਕ ਹੋ ਗਈ ਹੈ ਅਤੇ ਆਉਣ ਵਾਲੇ 24 ਘੰਟੇ ਇੱਥੋਂ ਦੇ ਵਸਨੀਕਾਂ ਲਈ ਬੇਹੱਦ ਫੈਸਲਾਕੁੰਨ ਮੰਨੇ ਜਾ ਰਹੇ ਹਨ। ਇੱਕ ਪਾਸੇ ਪ੍ਰਦਰਸ਼ਨਕਾਰੀ ਆਪਣੀਆਂ ਮੰਗਾਂ ’ਤੇ ਅੜੇ ਹੋਏ ਹਨ ਅਤੇ ਦੂਜੇ ਪਾਸੇ ਪਾਕਿਸਤਾਨੀ ਪ੍ਰਸ਼ਾਸਨ ਨੇ ਪ੍ਰਦਰਸ਼ਨਾਂ ਨੂੰ ਕੁਚਲਣ ਲਈ ਬੇਰਹਿਮੀ ਅਤੇ ਭਰਮਾਊ ਪ੍ਰਚਾਰ ਦਾ ਸਹਾਰਾ ਲੈਣਾ ਸ਼ੁਰੂ ਕਰ ਦਿੱਤਾ ਹੈ। ਭਾਰਤੀ ਖੁਫੀਆ ਏਜੰਸੀਆਂ ਵੀ ਇਨ੍ਹਾਂ ਹਾਲਾਤਾਂ ’ਤੇ ਤਿੱਖੀ ਨਜ਼ਰ ਰੱਖ ਰਹੀਆਂ ਹਨ। ਪ੍ਰਦਰਸ਼ਨਾਂ ਦੀ ਅਗਵਾਈ ਕਰ ਰਹੀ ਜੁਆਇੰਟ ਅਵਾਮੀ ਐਕਸ਼ਨ ਕਮੇਟੀ ਨੇ ਪਾਕਿਸਤਾਨੀ ਪ੍ਰਸ਼ਾਸਨ ਨੂੰ ਸਖ਼ਤ ਚੇਤਾਵਨੀ ਦਿੰਦੇ ਹੋਏ ਅਗਲੇ 24 ਘੰਟਿਆਂ ਦੇ ਅੰਦਰ ਪੀਓਕੇ ਵਿੱਚੋਂ ਰੇਂਜਰਾਂ (ਫੌਜੀ ਬਲਾਂ) ਨੂੰ ਵਾਪਸ ਬੁਲਾਉਣ ਦਾ ਅਲਟੀਮੇਟਮ ਦਿੱਤਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਲੋਕਾਂ ਦੀਆਂ ਮੰਗਾਂ ਪੂਰੀ ਤਰ੍ਹਾਂ ਸਥਾਨਕ ਮੁੱਦੇ ਹਨ। ਇਨ੍ਹਾਂ ਵਿੱਚ ਮਹਿੰਗਾਈ ਘਟਾਉਣਾ, ਬਿਜਲੀ ਦੇ ਟੈਰਿਫ ਘਟਾਉਣਾ, ਰੁਜ਼ਗਾਰ ਦੇ ਮੌਕੇ ਵਧਾਉਣਾ ਅਤੇ ਖੇਤਰ ਵਿੱਚ ਕਥਿਤ ਵਿਤਕਰੇ ਨੂੰ ਖਤਮ ਕਰਨਾ ਸ਼ਾਮਲ ਹੈ। ਸੰਗਠਨ ਦਾ ਦੋਸ਼ ਹੈ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ’ਤੇ ਗੱਲਬਾਤ ਕਰਨ ਦੀ ਬਜਾਏ, ਪ੍ਰਸ਼ਾਸਨ ਜ਼ਬਰਦਸਤੀ ਦਾ ਸਹਾਰਾ ਲੈ ਰਿਹਾ ਹੈ। ਪ੍ਰਦਰਸ਼ਨਕਾਰੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ ਵਾਧੂ ਸੁਰੱਖਿਆ ਬਲਾਂ ਨੂੰ ਵਾਪਸ ਨਹੀਂ ਬੁਲਾਇਆ ਗਿਆ, ਤਾਂ ਅੰਦੋਲਨ ਤੇਜ਼ ਹੋ ਜਾਵੇਗਾ। ਪਾਕਿਸਤਾਨ ਨੂੰ ਇਸ ਖੇਤਰ ਵਿੱਚ ਆਪਣੀ ਫੌਜੀ ਮੌਜੂਦਗੀ ਵਧਾਉਣ ਦਾ ਕੋਈ ਅਧਿਕਾਰ ਨਹੀਂ ਹੈ। ਸਰੋਤਾਂ ਅਨੁਸਾਰ, ਸਭ ਤੋਂ ਚਿੰਤਾਜਨਕ ਗੱਲ ਇਹ ਹੈ ਕਿ ਪਾਕਿਸਤਾਨ ਹੁਣ ਇਨ੍ਹਾਂ ਪ੍ਰਦਰਸ਼ਨਾਂ ਨੂੰ ਲੋਕਤੰਤਰਿਕ ਨਹੀਂ, ਸਗੋਂ ਅੱਤਵਾਦੀ ਗਤੀਵਿਧੀਆਂ ਵਜੋਂ ਪੇਸ਼ ਕਰ ਰਿਹਾ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਨਿਹੱਥੇ ਲੋਕਾਂ ’ਤੇ ਗੋਲੀਆਂ ਚਲਾਉਣ ਅਤੇ ਉਨ੍ਹਾਂ ਦੇ ਘਰਾਂ ਦੀ ਭੰਨ-ਤੋੜ ਕਰਨ ਨੂੰ ਜਾਇਜ਼ ਠਹਿਰਾਉਣ ਲਈ ਇਹ ਬਹਾਨਾ ਬਣਾਇਆ ਜਾ ਰਿਹਾ ਹੈ। ਪਾਕਿਸਤਾਨ ਸਰਕਾਰ ਨੇ ਹੁਣ ਤੱਕ 150 ਕਾਰਕੁਨਾਂ ਨੂੰ ‘ਅੱਤਵਾਦ ਵਿਰੋਧੀ ਚੌਥੀ ਅਨੁਸੂਚੀ’ ਵਿੱਚ ਸ਼ਾਮਲ ਕਰ ਦਿੱਤਾ ਹੈ। ਆਪਣੀਆਂ ਨਾਕਾਮੀਆਂ ਨੂੰ ਛਿਪਾਉਣ ਲਈ ਪਾਕਿਸਤਾਨੀ ਸੋਸ਼ਲ ਮੀਡੀਆ ਹੈਂਡਲ ਲਗਾਤਾਰ ਇਹ ਝੂਠ ਫੈਲਾ ਰਹੇ ਹਨ ਕਿ ਭਾਰਤ ਇਨ੍ਹਾਂ ਪ੍ਰਦਰਸ਼ਨਕਾਰੀਆਂ ਨੂੰ ਫੰਡਿੰਗ ਦੇ ਰਿਹਾ ਹੈ। ਖੁਫੀਆ ਏਜੰਸੀਆਂ ਨੇ ਚੇਤਾਵਨੀ ਦਿੱਤੀ ਹੈ ਕਿ ਪਾਕਿਸਤਾਨੀ ਪ੍ਰਸ਼ਾਸਨ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਵੱਡਾ ਝੂਠਾ ਬਿਰਤਾਂਤ ਸਿਰਜ ਸਕਦਾ ਹੈ ਤਾਂ ਜੋ ਅੰਤਰਰਾਸ਼ਟਰੀ ਭਾਈਚਾਰੇ ਦਾ ਧਿਆਨ ਭਟਕਾਇਆ ਜਾ ਸਕੇ। ਰਿਪੋਰਟਾਂ ਅਨੁਸਾਰ ਪਿਛਲੇ ਦੋ ਹਫ਼ਤਿਆਂ ਵਿੱਚ ਪਾਕਿਸਤਾਨੀ ਸੁਰੱਖਿਆ ਬਲਾਂ ਨੇ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਹੈ ਅਤੇ 1,500 ਸ਼ਾਂਤਮਈ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲਿਆ ਹੈ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar


www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV

ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ


ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ
AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91





ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



# ਕਥਾ ਵਿਚਾਰ

ਗੁਰਦੁਆਰਾ ਸ੍ਰੀ
ਬੰਗਲਾ ਸਾਹਿਬ ਵਿਖੇ

ਮਿਤੀ 24,25 ਜੂਨ
ਦਿਨ ਬੁੱਧਵਾਰ,ਵੀਰਵਾਰ

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਸੰਪਰਕ : 98140-13915

ਸਿੱਧਾ ਪ੍ਰਸਾਰਨ : CHARDIKLA TIME TV
ਸਮਾਂ : ਸਵੇਰੇ 7.30 ਤੋਂ 8.30 ਤੱਕ




# ★ ਮੀਡੀਆ ਬਲੈਕਆਊਟ ਸਬੰਧੀ ★

* ਚੰਡੀਗੜ੍ਹ ਪ੍ਰੈੱਸ ਕਲੱਬ।
* ਪ੍ਰੈੱਸ ਕਲੱਬ, ਅੰਮ੍ਰਿਤਸਰ।
* ਪੰਜਾਬ ਪ੍ਰੈੱਸ ਕਲੱਬ, ਜਲੰਧਰ।
* ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਚੰਡੀਗੜ੍ਹ।

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਦੀ ਇਤਰਾਜ਼ਯੋਗ ਵੀਡੀਓ ਦੇ ਮਾਮਲੇ ਵਿੱਚ ਸਰਕਾਰ ਵੱਲੋਂ ਜਾਅਲੀ ਫੋਰੈਂਸਿਕ ਰਿਪੋਰਟਾਂ ਤਿਆਰ ਕਰਵਾ ਕੇ ਸਿੱਖ ਸੰਗਤ ਨਾਲ ਧੋਖਾ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਝੂਠਾ ਸਾਬਤ ਕਰਨ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਜੋ ਬੀਤੇ ਕੱਲ੍ਹ ਹਰਿਆਣਾ ਦੀ ਗੁੜਗਾਉਂ ਪੁਲਿਸ ਨੇ ਪਰਚਾ ਦਰਜ ਕੀਤਾ ਹੈ, ਇਸ ਨਾਲ ਸਬੰਧਤ ਖ਼ਬਰ ਨੂੰ ਮੀਡੀਆ ਦੇ ਵੱਡੇ ਹਿੱਸੇ ਨੇ ਪ੍ਰਕਾਸ਼ਿਤ ਨਹੀਂ ਕੀਤਾ ਹੈ। ਮੀਡੀਆ ਖ਼ਾਸਕਰ ਪੰਜਾਬੀ ਮੀਡੀਆ ਅਤੇ ਡਿਜੀਟਲ ਮੀਡੀਆ ਵੱਲੋਂ ਇਸ ਖ਼ਬਰ ਨੂੰ ਬਲੈਕਆਊਟ ਕਰਨ ਦਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਹਿਰਾ ਖੇਦ ਪ੍ਰਗਟ ਕੀਤਾ ਜਾਂਦਾ ਹੈ। ਦੇਸ਼ ਵਿਦੇਸ਼ ਦੇ ਚੱਲਦੇ ਸਿੱਖ ਮਸਲਿਆਂ ਬਾਰੇ ਸਮੇਂ-ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ, ਕਾਰਵਾਈਆਂ ਅਤੇ ਪ੍ਰਤੀਕਰਮ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪ ਨਾਲ ਸਬੰਧਤ ਪੱਤਰਕਾਰਾਂ ਅਤੇ ਮੀਡੀਆ ਕਰਮੀਆਂ ਨੂੰ ਮੀਡੀਆ ਗਰੁੱਪ ਰਾਹੀਂ ਅਧਿਕਾਰਤ ਰੂਪ ਵਿੱਚ ਸਾਂਝੇ ਕੀਤੇ ਜਾਂਦੇ ਹਨ ਅਤੇ ਇਸੇ ਤਰ੍ਹਾਂ ਹੀ ਮੁੱਖ ਮੰਤਰੀ ਦੀ ਵੀਡੀਓ ਨਾਲ ਸਬੰਧਤ ਮਾਮਲੇ ਉੱਤੇ ਵੀ ਬੀਤੇ ਕੱਲ੍ਹ ਅਧਿਕਾਰਤ ਬਿਆਨ ਜਾਰੀ ਕੀਤਾ ਗਿਆ ਸੀ। ਪਰੰਤੂ ਬਹੁਤ ਖੇਦ ਦੀ ਗੱਲ ਹੈ ਕਿ ਮੀਡੀਆ ਦੇ ਵੱਡੇ ਹਿੱਸੇ ਨੇ ਇਸ ਗੰਭੀਰ ਮਾਮਲੇ 'ਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰਤ ਪੱਖ ਨੂੰ ਪ੍ਰਕਾਸ਼ਿਤ ਨਹੀਂ ਕੀਤਾ।

ਲੋਕਤੰਤਰ ਅੰਦਰ ਮੀਡੀਆ ਚੌਥੇ ਥੰਮ੍ਹ ਦੀ ਭੂਮਿਕਾ ਅਦਾ ਕਰਦਾ ਹੈ ਅਤੇ ਇਸ ਤਰ੍ਹਾਂ ਲੋਕ ਪੱਖੀ ਜ਼ਰੂਰੀ ਘਟਨਾਵਾਂ ਤੇ ਖ਼ਬਰਾਂ ਨੂੰ ਜੇਕਰ ਮੀਡੀਆ ਕਿਸੇ ਦਬਾਅ ਹੇਠ ਪ੍ਰਕਾਸ਼ਿਤ ਨਹੀਂ ਕਰਦਾ ਤਾਂ ਇਹ ਜਿੰਮੇਵਾਰੀ ਦਾ ਸਹੀ ਨਿਰਬਾਹ ਨਹੀਂ ਹੈ, ਇਸ ਨਾਲ ਸਮੂਹ ਮੀਡੀਆ ਅਦਾਰਿਆਂ ਦੀ ਭਰੋਸੇਯੋਗਤਾ ਉੱਤੇ ਵੱਡੇ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ।

ਧੰਨਵਾਦ ਸਹਿਤ
ਸ਼ੁਭਚਿੰਤਕ,
(ਬਗੀਚਾ ਸਿੰਘ) ਇੰਚਾਰਜ,
ਸਕੱਤਰੇਤ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ਅ:3/੨੬/੧੬੮ ਮਿਤੀ ੨੪-੦੬-੨੦੨੬

ਮੀਡੀਆ ਬਲੈਕਆਊਟ ਸਬੰਧੀ

- ਚੰਡੀਗੜ੍ਹ ਪ੍ਰੈੱਸ ਕਲੱਬ।
- ਪ੍ਰੈੱਸ ਕਲੱਬ, ਅੰਮ੍ਰਿਤਸਰ।
- ਪੰਜਾਬ ਪ੍ਰੈੱਸ ਕਲੱਬ, ਜਲੰਧਰ।
- ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ, ਚੰਡੀਗੜ੍ਹ।

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਦੀ ਇਤਰਾਜ਼ਯੋਗ ਵੀਡੀਓ ਦੇ ਮਾਮਲੇ ਵਿੱਚ ਸਰਕਾਰ ਵੱਲੋਂ ਜਾਅਲੀ ਫੋਰੈਂਸਿਕ ਰਿਪੋਰਟਾਂ ਤਿਆਰ ਕਰਵਾ ਕੇ ਸਿੱਖ ਸੰਗਤ ਨਾਲ ਧੋਖਾ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਝੂਠਾ ਸਾਬਤ ਕਰਨ ਦੀ ਕੋਸ਼ਿਸ਼ ਦੇ ਮਾਮਲੇ ਵਿੱਚ ਜੋ ਬੀਤੇ ਕੱਲ੍ਹ ਹਰਿਆਣਾ ਦੀ ਗੁੜਗਾਉਂ ਪੁਲਿਸ ਨੇ ਪਰਚਾ ਦਰਜ ਕੀਤਾ ਹੈ, ਇਸ ਨਾਲ ਸਬੰਧਤ ਖ਼ਬਰ ਨੂੰ ਮੀਡੀਆ ਦੇ ਵੱਡੇ ਹਿੱਸੇ ਨੇ ਪ੍ਰਕਾਸ਼ਿਤ ਨਹੀਂ ਕੀਤਾ ਹੈ। ਮੀਡੀਆ ਖ਼ਾਸਕਰ ਪੰਜਾਬੀ ਮੀਡੀਆ ਅਤੇ ਡਿਜੀਟਲ ਮੀਡੀਆ ਵੱਲੋਂ ਇਸ ਖ਼ਬਰ ਨੂੰ ਬਲੈਕਆਊਟ ਕਰਨ ਦਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਹਿਰਾ ਖੇਦ ਪ੍ਰਗਟ ਕੀਤਾ ਜਾਂਦਾ ਹੈ। ਦੇਸ਼ ਵਿਦੇਸ਼ ਦੇ ਚੱਲਦੇ ਸਿੱਖ ਮਸਲਿਆਂ ਬਾਰੇ ਸਮੇਂ-ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ, ਕਾਰਵਾਈਆਂ ਅਤੇ ਪ੍ਰਤੀਕਰਮ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪ ਨਾਲ ਸਬੰਧਤ ਪੱਤਰਕਾਰਾਂ ਅਤੇ ਮੀਡੀਆ ਕਰਮੀਆਂ ਨੂੰ ਮੀਡੀਆ ਗਰੁੱਪ ਰਾਹੀਂ ਅਧਿਕਾਰਤ ਰੂਪ ਵਿੱਚ ਸਾਂਝੇ ਕੀਤੇ ਜਾਂਦੇ ਹਨ ਅਤੇ ਇਸੇ ਤਰ੍ਹਾਂ ਹੀ ਮੁੱਖ ਮੰਤਰੀ ਦੀ ਵੀਡੀਓ ਨਾਲ ਸਬੰਧਤ ਮਾਮਲੇ ਉੱਤੇ ਵੀ ਬੀਤੇ ਕੱਲ੍ਹ ਅਧਿਕਾਰਤ ਬਿਆਨ ਜਾਰੀ ਕੀਤਾ ਗਿਆ ਸੀ। ਪਰੰਤੂ ਬਹੁਤ ਖੇਦ ਦੀ ਗੱਲ ਹੈ ਕਿ ਮੀਡੀਆ ਦੇ ਵੱਡੇ ਹਿੱਸੇ ਨੇ ਇਸ ਗੰਭੀਰ ਮਾਮਲੇ 'ਤੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਅਧਿਕਾਰਤ ਪੱਖ ਨੂੰ ਪ੍ਰਕਾਸ਼ਿਤ ਨਹੀਂ ਕੀਤਾ।

ਲੋਕਤੰਤਰ ਅੰਦਰ ਮੀਡੀਆ ਚੌਥੇ ਥੰਮ੍ਹ ਦੀ ਭੂਮਿਕਾ ਅਦਾ ਕਰਦਾ ਹੈ ਅਤੇ ਇਸ ਤਰ੍ਹਾਂ ਲੋਕ ਪੱਖੀ ਜ਼ਰੂਰੀ ਘਟਨਾਵਾਂ ਤੇ ਖ਼ਬਰਾਂ ਨੂੰ ਜੇਕਰ ਮੀਡੀਆ ਕਿਸੇ ਦਬਾਅ ਹੇਠ ਪ੍ਰਕਾਸ਼ਿਤ ਨਹੀਂ ਕਰਦਾ ਤਾਂ ਇਹ ਜਿੰਮੇਵਾਰੀ ਦਾ ਸਹੀ ਨਿਰਬਾਹ ਨਹੀਂ ਹੈ, ਇਸ ਨਾਲ ਸਮੂਹ ਮੀਡੀਆ ਅਦਾਰਿਆਂ ਦੀ ਭਰੋਸੇਯੋਗਤਾ ਉੱਤੇ ਵੱਡੇ ਸਵਾਲ ਖੜ੍ਹੇ ਹੋਣੇ ਸੁਭਾਵਿਕ ਹਨ।

ਧੰਨਵਾਦ ਸਹਿਤ

ਸ਼ੁਭਚਿੰਤਕ,
(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ, ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

### ਭਗਵੰਤ ਮਾਨ ਕੋਲ ਅਹੁਦੇ ’ਤੇ ਬਣੇ ਰਹਿਣ ਦਾ

# ਨੈਤਿਕ ਅਧਿਕਾਰ ਨਹੀਂ: ਪ੍ਰੋ. ਸਰਚਾਂਦ ਸਿੰਘ ਖਿਆਲਾ





**ਅੰਮ੍ਰਿਤਸਰ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਆਪਣੇ ਵਿਵਾਦਿਤ ਵੀਡੀਓ ਮਾਮਲੇ ਨੂੰ ਲੈ ਕੇ ਵਿਰੋਧੀਆਂ ਉੱਤੇ ਧਾਰਮਿਕ ਆਧਾਰ ’ਤੇ ਬਦਨਾਮ ਕਰਨ ਦੀ ਸਾਜ਼ਿਸ਼ ਰਚਣ ਦੇ ਲਗਾਏ ਜਾ ਰਹੇ ਦੋਸ਼ਾਂ ਨੂੰ ਤੱਥਾਂ ਤੋਂ ਭੱਜਣ ਦੀ ਕੋਸ਼ਿਸ਼ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਸ਼ਾਇਦ ਇਹ ਪਹਿਲਾ ਮੌਕਾ ਹੈ ਜਦੋਂ ਕਿਸੇ ਮੁੱਖ ਮੰਤਰੀ ਨੇ ਆਪਣੀ ਕਥਿਤ ਹਰਕਤਾਂ ਅਤੇ ਵਿਵਹਾਰ ਕਾਰਨ ਅਹੁਦੇ ਦੀ ਗਰਿਮਾ ਨੂੰ ਇੰਨਾ ਵੱਡਾ ਨੁਕਸਾਨ ਪਹੁੰਚਾਇਆ ਹੋਵੇ। ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ “ਗੁਰੂ ਦੋਖੀ” ਅਤੇ “ਪੰਥ ਵਿਰੋਧੀ” ਐਲਾਨੇ ਜਾਣ ਤੋਂ ਬਾਅਦ ਵੀ ਉਹਨਾਂ ਦਾ ਕੁਰਸੀ ਨਾਲ ਚਿੰਬੜੇ ਰਹਿਣਾ ਪੰਜਾਬ ਦੇ ਸਮਾਜਿਕ, ਨੈਤਿਕ ਅਤੇ ਰਾਜਨੀਤਿਕ ਜੀਵਨ ਲਈ ਗੰਭੀਰ ਚਿੰਤਾ ਦਾ ਵਿਸ਼ਾ ਹੈ। ਹੁਣ ਜਦੋਂ ਵਿਵਾਦਿਤ ਵੀਡੀਓ ਸਬੰਧੀ ਕਥਿਤ ਫ਼ਰਜ਼ੀ ਫੋਰੈਂਸਿਕ ਰਿਪੋਰਟ ਦੇ ਮਾਮਲੇ ਵਿੱਚ ਗੁਰੂਗ੍ਰਾਮ ਕ੍ਰਾਈਮ ਬ੍ਰਾਂਚ ਵੱਲੋਂ ਐਫ਼ਆਈਆਰ ਦਰਜ ਕੀਤੀ ਗਈ ਹੈ ਅਤੇ ਕਈ ਗੰਭੀਰ ਤੱਥ ਸਾਹਮਣੇ ਆ ਰਹੇ ਹਨ, ਤਾਂ ਮੁੱਖ ਮੰਤਰੀ ਨੂੰ ਆਪਣੇ ਅਹੁਦੇ ’ਤੇ ਬਣੇ ਰਹਿਣ ਦਾ ਕੋਈ ਨੈਤਿਕ ਅਧਿਕਾਰ ਨਹੀਂ ਰਹਿੰਦਾ। ਉਹਨਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਲਗਾਤਾਰ ਫੋਰੈਂਸਿਕ ਰਿਪੋਰਟਾਂ ਦਾ ਹਵਾਲਾ ਦੇ ਕੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ, ਉਹ ਅੱਜ ਜਨਤਾ ਦੇ ਸਵਾਲਾਂ ਦਾ ਸਾਹਮਣਾ ਕਰਨ ਤੋਂ ਬਚ ਰਹੇ ਹਨ। ਖ਼ਾਸ ਕਰਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਸਮੇਤ ਆਮ ਆਦਮੀ ਪਾਰਟੀ ਦੇ ਆਗੂ, ਜੋ ਕੱਲ੍ਹ ਤੱਕ ਇਨ੍ਹਾਂ ਰਿਪੋਰਟਾਂ ਨੂੰ ਅੰਤਿਮ ਸੱਚ ਦੱਸਦੇ ਸਨ, ਅੱਜ ਚੁੱਪੀ ਧਾਰ ਕੇ ਬੈਠੇ ਹਨ।

> **ਪੰਜਾਬ ਦੇ ਡੀਜੀਪੀ ਨੂੰ ਵਫ਼ਦ ਦੇ ਰੂਪ ’ਚ ਮਿਲ ਕੇ ਫ਼ਰਜ਼ੀ ਦਸਤਾਵੇਜ਼ ਸੌਂਪਣ ਵਾਲੇ ਆਪ ਆਗੂਆਂ ਖ਼ਿਲਾਫ਼ ਤੁਰੰਤ ਮਾਮਲਾ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ**

ਪ੍ਰੋ. ਖਿਆਲਾ ਨੇ ਕਿਹਾ ਕਿ ਫ਼ਰਜ਼ੀ ਫੋਰੈਂਸਿਕ ਰਿਪੋਰਟ ਤਿਆਰ ਕਰਨ ਵਾਲੇ ਹੀ ਨਹੀਂ, ਸਗੋਂ ਉਹ ਸਾਰੇ ਵਿਅਕਤੀ ਵੀ ਕਾਨੂੰਨੀ ਤੌਰ ’ਤੇ ਜਵਾਬਦੇਹ ਬਣਦੇ ਹਨ ਜਿਨ੍ਹਾਂ ਨੇ ਇਸ ਰਿਪੋਰਟ ਨੂੰ ਸਹੀ ਦੱਸਦਿਆਂ ਸਰਕਾਰੀ ਅਧਿਕਾਰੀਆਂ ਅਤੇ ਜਨਤਾ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਉਹ ਵਫ਼ਦ, ਜੋ ਇਸ ਕਥਿਤ ਫ਼ਰਜ਼ੀ ਫੋਰੈਂਸਿਕ ਰਿਪੋਰਟ ਦੇ ਆਧਾਰ ’ਤੇ ਪੰਜਾਬ ਦੇ ਡੀਜੀਪੀ ਨੂੰ ਮਿਲਣ ਗਿਆ ਸੀ ਅਤੇ ਜਿਸ ਨੇ ਇਹ ਫ਼ਰਜ਼ੀ ਦਸਤਾਵੇਜ਼ ਇੱਕ ਉੱਚ ਸਰਕਾਰੀ ਅਧਿਕਾਰੀ ਨੂੰ ਸੌਂਪੇ ਸਨ, ਸਰਕਾਰੀ ਅਧਿਕਾਰੀ ਨੂੰ ਫ਼ਰਜ਼ੀ ਦਸਤਾਵੇਜ਼ ਸੌਂਪਣ, ਗੁਮਰਾਹ ਕਰਨ ਅਤੇ ਕਾਨੂੰਨੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਦੇ ਦੋਸ਼ਾਂ ਤਹਿਤ ਸੰਬੰਧਿਤ ਆਗੂਆਂ ਅਤੇ ਵਫ਼ਦ ਦੇ ਮੈਂਬਰਾਂ ਖ਼ਿਲਾਫ਼ ਤੁਰੰਤ ਮਾਮਲਾ ਦਰਜ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਉਹਨਾਂ ਕਿਹਾ ਕਿ ਜੇ ਮੁੱਖ ਮੰਤਰੀ ਨੂੰ ਆਪਣੀ ਬੇਗੁਨਾਹੀ ’ਤੇ ਯਕੀਨ ਸੀ ਤਾਂ ਉਹਨਾਂ ਨੇ ਕਿਸੇ ਮਾਨਤਾ ਪ੍ਰਾਪਤ ਸਰਕਾਰੀ ਫੋਰੈਂਸਿਕ ਪ੍ਰਯੋਗਸ਼ਾਲਾ ਤੋਂ ਜਾਂਚ ਕਿਉਂ ਨਹੀਂ ਕਰਵਾਈ? ਨਿੱਜੀ ਤੌਰ ’ਤੇ ਤਿਆਰ ਕਰਵਾਈਆਂ ਗਈਆਂ ਕਥਿਤ ਰਿਪੋਰਟਾਂ ਦੇ ਆਧਾਰ ’ਤੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕਿਉਂ ਕੀਤੀ ਗਈ? ਇਹ ਸਵਾਲ ਅੱਜ ਵੀ ਜਵਾਬ ਮੰਗਦੇ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਗੁਰੂਗ੍ਰਾਮ ਵਿੱਚ ਦਰਜ ਮਾਮਲੇ ਦੀ ਨਿਰਪੱਖ, ਪਾਰਦਰਸ਼ੀ ਅਤੇ ਸਮੇਂਬੱਧ ਜਾਂਚ ਹੋਣੀ ਚਾਹੀਦੀ ਹੈ। ਇਸ ਗੱਲ ਦਾ ਵੀ ਖ਼ੁਲਾਸਾ ਹੋਣਾ ਚਾਹੀਦਾ ਹੈ ਕਿ ਕਥਿਤ ਫੋਰੈਂਸਿਕ ਰਿਪੋਰਟ ਤਿਆਰ ਕਰਨ ਲਈ ਦੱਸੇ ਜਾ ਰਹੇ 10 ਲੱਖ ਰੁਪਏ ਕਿਸ ਵੱਲੋਂ ਦਿੱਤੇ ਗਏ, ਕਿਸ ਖਾਤੇ ਵਿੱਚੋਂ ਭੇਜੇ ਗਏ ਅਤੇ ਇਸ ਸਾਰੀ ਕਾਰਵਾਈ ਦੇ ਪਿੱਛੇ ਕੌਣ-ਕੌਣ ਲੋਕ ਸ਼ਾਮਲ ਸਨ। ਉਹਨਾਂ ਕਿਹਾ ਕਿ ਜਿਹੜੇ ਪੁਲਿਸ ਅਧਿਕਾਰੀ ਜਾਂ ਹੋਰ ਅਧਿਕਾਰੀ ਕਿਸੇ ਨਿਰਧਾਰਿਤ ਨਤੀਜੇ ਤੱਕ ਪਹੁੰਚਣ ਲਈ ਕਥਿਤ ਤੌਰ ’ਤੇ ਅਜਿਹੀਆਂ ਰਿਪੋਰਟਾਂ ਤਿਆਰ ਕਰਵਾਉਣ ਜਾਂ ਵਰਤਣ ਵਿੱਚ ਸ਼ਾਮਲ ਹਨ, ਉਹਨਾਂ ਖ਼ਿਲਾਫ਼ ਵੀ ਤੁਰੰਤ ਕਾਨੂੰਨੀ ਕਾਰਵਾਈ ਹੋਣੀ ਚਾਹੀਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਮਾਮਲਾ ਕੇਵਲ ਇੱਕ ਵੀਡੀਓ ਜਾਂ ਇੱਕ ਰਿਪੋਰਟ ਦਾ ਨਹੀਂ, ਸਗੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ, ਸਿੱਖ ਭਾਵਨਾਵਾਂ ਅਤੇ ਲੋਕਤੰਤਰੀ ਸੰਸਥਾਵਾਂ ਦੀ ਭਰੋਸੇਯੋਗਤਾ ਨਾਲ ਜੁੜਿਆ ਹੋਇਆ ਹੈ। ਉਹਨਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਅਤੇ ਇਸ ਦੀ ਲੀਡਰਸ਼ਿਪ ਨੇ ਪਹਿਲੇ ਦਿਨ ਤੋਂ ਹੀ ਸੱਚ ਨੂੰ ਛੁਪਾਉਣ ਅਤੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਜੇ ਸਭ ਕੁਝ ਸਹੀ ਸੀ ਤਾਂ ਸਰਕਾਰੀ ਫੋਰੈਂਸਿਕ ਜਾਂਚ ਦੀ ਬਜਾਏ ਕਥਿਤ ਨਿੱਜੀ ਰਿਪੋਰਟਾਂ ਦਾ ਸਹਾਰਾ ਕਿਉਂ ਲਿਆ ਗਿਆ?

ਉਹਨਾਂ ਕਿਹਾ ਕਿ ਇਸ ਸਾਰੇ ਮਾਮਲੇ ਨੇ ਆਮ ਆਦਮੀ ਪਾਰਟੀ ਦੇ ਉਸ ਕਥਿਤ ਇਮਾਨਦਾਰੀ ਦੇ ਮਾਡਲ ਦੀ ਹਕੀਕਤ ਨੂੰ ਬੇਨਕਾਬ ਕਰ ਦਿੱਤਾ ਹੈ, ਜਿਸ ਦੇ ਨਾਮ ’ਤੇ ਪੰਜਾਬ ਦੇ ਲੋਕਾਂ ਤੋਂ ਵੋਟਾਂ ਮੰਗੀਆਂ ਗਈਆਂ ਸਨ। ਅੱਜ ਪੰਜਾਬ ਦੇ ਲੋਕ ਇਹ ਜਾਣਨਾ ਚਾਹੁੰਦੇ ਹਨ ਕਿ ਜੇ ਸਭ ਕੁਝ ਸਹੀ ਸੀ ਤਾਂ ਸੱਚ ਨੂੰ ਸਾਬਤ ਕਰਨ ਲਈ ਸਰਕਾਰੀ ਅਤੇ ਕਾਨੂੰਨੀ ਪ੍ਰਕਿਰਿਆਵਾਂ ਤੋਂ ਪਰਹੇਜ਼ ਕਿਉਂ ਕੀਤਾ ਗਿਆ। ਪੰਜਾਬ ਦੇ ਲੋਕ ਹੁਣ ਜਵਾਬ ਮੰਗ ਰਹੇ ਹਨ ਅਤੇ ਸਰਕਾਰ ਦੀ ਚੁੱਪੀ ਕਈ ਨਵੇਂ ਸਵਾਲ ਖੜ੍ਹੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਸਾਰਾ ਕੁਝ ਕੇਜਰੀਵਾਲ ਦੀ ਹੀ ਸਿੱਖ ਵਿਰੋਧੀ ਸੋਚ ਦਾ ਅਨੁਸਰਨ ਹੈ। ਜਿਸ ਉੱਤੇ ਭਗਵੰਤ ਮਾਨ ਅਤੇ ਉਹ ਤੇ ਸਾਥੀ ਪਹਿਰਾ ਦੇ ਰਹੇ ਹਨ। ਉਹਨਾਂ ਕਿਹਾ ਕਿ ਅੱਜ ਇਮਾਨਦਾਰੀ ਦਾ ਪਰਦਾਫਾਸ਼ ਹੋ ਚੁੱਕਾ ਹੈ ਤੇ ਆਮ ਆਦਮੀ ਪਾਰਟੀ ਦੇ ਆਗੂ ਕੱਟੜ ਬੇਈਮਾਨ ਸਾਬਤ ਹੋਏ ਹਨ।

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੀ ਜਨਤਾ, ਸਿੱਖ ਸੰਗਤ ਅਤੇ ਲੋਕਤੰਤਰੀ ਸੰਸਥਾਵਾਂ ਦੇ ਸਨਮਾਨ ਦੀ ਖ਼ਾਤਰ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਕੇ ਜਨਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਹਮਣੇ ਆਪਣਾ ਪੱਖ ਰੱਖਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਸਚਾਈ ਨੂੰ ਸਾਹਮਣੇ ਲਿਆਉਣਾ ਅਤੇ ਜਵਾਬਦੇਹੀ ਨਿਭਾਉਣਾ ਹੀ ਲੋਕਤੰਤਰ ਅਤੇ ਜਨ ਜੀਵਨ ਦੀ ਸਭ ਤੋਂ ਵੱਡੀ ਕਸੌਟੀ ਹੈ। ਉਹਨਾਂ ਕਿਹਾ ਕਿ ਲੋਕਤੰਤਰ ਵਿੱਚ ਕੋਈ ਵੀ ਵਿਅਕਤੀ, ਭਾਵੇਂ ਉਹ ਕਿੰਨੇ ਵੀ ਉੱਚ ਅਹੁਦੇ ’ਤੇ ਕਿਉਂ ਨਾ ਬੈਠਾ ਹੋਵੇ, ਕਾਨੂੰਨ ਅਤੇ ਜਵਾਬਦੇਹੀ ਤੋਂ ਉੱਪਰ ਨਹੀਂ ਹੋ ਸਕਦਾ।

### ਐਚਬੀਸੀਐਚ ਸੰਗਰੂਰ ਵਿੱਚ ਰੇਡੀਓਥੈਰੇਪੀ ਸੇਵਾਵਾਂ ਵਿੱਚ ਅਪਡੇਟ

# ਇਲਾਜ ਲਈ ਉਡੀਕ ਸਮਾਂ ਕਾਫ਼ੀ ਘੱਟ ਹੋਇਆ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਕੈਂਸਰ ਇਲਾਜ ਸੇਵਾਵਾਂ ਨੂੰ ਵੱਡਾ ਬਲ ਮਿਲਿਆ ਹੈ। ਪਰਮਾਣੂ ਊਰਜਾ ਵਿਭਾਗ (ਭਾਰਤ ਸਰਕਾਰ) ਦੇ ਅਧੀਨ ਟਾਟਾ ਮੈਮੋਰਿਅਲ ਸੈਂਟਰ ਦੀ ਇਕਾਈ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਨੇ ਆਪਣੇ ਸੰਗਰੂਰ ਕੇਂਦਰ ਵਿੱਚ ਭਾਭਾਟ੍ਰਾਨ (28-99) ਟੈਲੀਥੈਰੇਪੀ ਮਸ਼ੀਨ ਵਿੱਚ ਨਵਾਂ ਕੋਬਾਲਟ-60 ਸਰੋਤ ਸਫਲਤਾਪੂਰਵਕ ਸਥਾਪਿਤ ਕਰਕੇ ਰੇਡੀਓਥੈਰੇਪੀ ਸਹੂਲਤਾਂ ਨੂੰ ਅਪਡੇਟ ਕੀਤਾ ਹੈ। ਇਸ ਅਪਗ੍ਰੇਡ ਨਾਲ ਇਲਾਜ ਸਮਰੱਥਾ ਅਤੇ ਕਾਰਗੁਜ਼ਾਰੀ ਵਿੱਚ ਵਾਧਾ ਹੋਵੇਗਾ ਅਤੇ ਰੇਡੀਏਸ਼ਨ ਥੈਰੇਪੀ ਦੀ ਲੋੜ ਵਾਲੇ ਕੈਂਸਰ ਮਰੀਜ਼ਾਂ ਲਈ ਉਡੀਕ ਸਮਾਂ ਕਾਫ਼ੀ ਘਟੇਗਾ। ਨਵੀਂ ਅਪਡੇਟ ਤੋਂ ਬਾਅਦ, ਇਲਾਜ ਦੀਆਂ ਪ੍ਰਕਿਰਿਆਵਾਂ ਅਤੇ ਮਸ਼ੀਨ ਦੀ ਸਮਾਂ-ਸਾਰਣੀ ਦੇ ਅਨੁਸਾਰ ਅਸੀਂ ਹੁਣ ਰੋਜ਼ਾਨਾ ਲਗਭਗ 65 ਮਰੀਜ਼ਾਂ ਦਾ ਇਲਾਜ ਕਰ ਸਕਦੇ ਹਾਂ। ਇਸ ਤੋਂ ਪਹਿਲਾਂ, ਇਹ ਮਸ਼ੀਨ ਸਿਰਫ਼ 15 ਤੋਂ 20 ਮਰੀਜ਼ਾਂ ਦਾ ਹੀ ਰੋਜ਼ਾਨਾ ਇਲਾਜ ਕਰ ਸਕਦੀ ਸੀ, ਜਿਸ ਕਾਰਨ ਕਈ ਮਰੀਜ਼ਾਂ ਨੂੰ ਇਲਾਜ ਲਈ ਛੇ ਤੋਂ ਅੱਠ ਹਫ਼ਤਿਆਂ ਤੱਕ ਉਡੀਕ ਕਰਨੀ ਪੈਂਦੀ ਸੀ। ਐਚਬੀਸੀਐਚਆਰਸੀ ਪੰਜਾਬ ਦੇ ਡਾਇਰੈਕਟਰ ਡਾ. ਆਸ਼ੀਸ਼ ਗੁਲੀਆ ਨੇ ਕਿਹਾ ਕਿ ਇਹ ਵਿਕਾਸ ਖੇਤਰ ਦੇ ਮਰੀਜ਼ਾਂ ਲਈ ਸਮੇਂ ਸਿਰ ਅਤੇ ਆਸਾਨੀ ਨਾਲ ਕੈਂਸਰ ਇਲਾਜ ਉਪਲਬਧ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ, “ਨਵੇਂ ਕੋਬਾਲਟ-60 ਸਰੋਤ ਦੀ ਸਫਲ ਸਥਾਪਨਾ ਨਾਲ ਸੰਗਰੂਰ ਹਸਪਤਾਲ ਵਿੱਚ ਸਾਡੀਆਂ ਰੇਡੀਓਥੈਰੇਪੀ ਸੇਵਾਵਾਂ ਨੂੰ ਕਾਫ਼ੀ ਮਜ਼ਬੂਤੀ ਮਿਲੀ ਹੈ। ਅਪਡੇਟ ਕੀਤੀ ਮਸ਼ੀਨ ਨਾਲ ਅਸੀਂ ਵਧੀਆ ਡੋਜ਼ ਰੇਟ ਰਾਹੀਂ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਇਲਾਜ ਮੁਹੱਈਆ ਕਰਵਾ ਸਕਾਂਗੇ ਅਤੇ ਮਰੀਜ਼ਾਂ ਦੀ ਉਡੀਕ ਮਿਆਦ ਵਿੱਚ ਵੀ ਕਾਫ਼ੀ ਕਮੀ ਆਵੇਗੀ। ਉਮੀਦ ਹੈ ਕਿ ਉਡੀਕ ਸਮਾਂ ਛੇ ਤੋਂ ਅੱਠ ਹਫ਼ਤਿਆਂ ਤੋਂ ਘਟ ਕੇ ਲਗਭਗ ਚਾਰ ਹਫ਼ਤੇ ਰਹਿ ਜਾਵੇਗਾ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਮਰੀਜ਼ਾਂ ਨੂੰ ਦੂਰ-ਦੁਰਾਡੇ ਸ਼ਹਿਰਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ ਅਤੇ ਉਹ ਆਪਣੇ ਘਰਾਂ ਦੇ ਨੇੜੇ ਹੀ ਉੱਚ ਗੁਣਵੱਤਾ ਵਾਲਾ ਰੇਡੀਏਸ਼ਨ ਇਲਾਜ ਪ੍ਰਾਪਤ ਕਰ ਸਕਣਗੇ।÷ ਡਾ. ਗੁਲੀਆ ਨੇ ਅੱਗੇ ਕਿਹਾ ਕਿ ਇਸ ਸੁਧਾਰੀ ਗਈ ਸਹੂਲਤ ਦਾ ਲਾਭ ਹਰ ਰੋਜ਼ ਹੋਰ ਵੱਧ ਮਰੀਜ਼ਾਂ ਨੂੰ ਮਿਲੇਗਾ। ਉਨ੍ਹਾਂ ਕਿਹਾ, “ਮੌਜੂਦਾ ਸਮੇਂ ਸੰਗਰੂਰ ਯੂਨਿਟ ਵਿੱਚ ਦੋ ਮਸ਼ੀਨਾਂ ਰਾਹੀਂ ਰੋਜ਼ਾਨਾ ਲਗਭਗ 100 ਕੈਂਸਰ ਮਰੀਜ਼ਾਂ ਨੂੰ ਰੇਡੀਏਸ਼ਨ ਇਲਾਜ ਦਿੱਤਾ ਜਾ ਰਿਹਾ ਹੈ। ਅਪਗ੍ਰੇਡ ਕੀਤੀ ਟੈਲੀਥੈਰੇਪੀ ਮਸ਼ੀਨ ਨਾਲ ਸਾਡੀ ਕੁੱਲ ਇਲਾਜ ਸਮਰੱਥਾ ਵੱਧ ਕੇ 140 ਤੋਂ ਵੱਧ ਮਰੀਜ਼ ਪ੍ਰਤੀ ਦਿਨ ਹੋ ਜਾਵੇਗੀ। ਉੱਚ ਅਤੇ ਬਿਹਤਰ ਡੋਜ਼ ਰੇਟ ਕਾਰਨ ਮਰੀਜ਼ਾਂ ਦਾ ਮਸ਼ੀਨ ’ਤੇ ਬਿਤਾਇਆ ਜਾਣ ਵਾਲਾ ਸਮਾਂ ਵੀ ਘਟੇਗਾ, ਜਿਸ ਨਾਲ ਉਨ੍ਹਾਂ ਦਾ ਸਮੁੱਚਾ ਤਜਰਬਾ ਬਿਹਤਰ ਹੋਵੇਗਾ। ਕੈਂਸਰ ਪ੍ਰਬੰਧਨ ਵਿੱਚ ਰੇਡੀਓਥੈਰੇਪੀ ਨੂੰ ਸਮੇਂ ਸਿਰ ਸ਼ੁਰੂ ਕਰਨਾ ਬਹੁਤ ਮਹੱਤਵਪੂਰਨ ਹੈ ਅਤੇ ਦੇਰੀ ਵਿੱਚ ਕਮੀ ਲਿਆਉਣ ਨਾਲ ਇਲਾਜ ਦੇ ਨਤੀਜਿਆਂ ਵਿੱਚ ਵੀ ਕਾਫ਼ੀ ਸੁਧਾਰ ਹੋ ਸਕਦਾ ਹੈ।÷ ਉਨ੍ਹਾਂ ਇਹ ਵੀ ਦੱਸਿਆ ਕਿ ਪਰਮਾਣੂ ਊਰਜਾ ਵਿਭਾਗ ਨੇ ਪੰਜਾਬ ਦੇ ਲੋੜਵੰਦ ਕੈਂਸਰ ਮਰੀਜ਼ਾਂ ਦੀ ਸਹਾਇਤਾ ਲਈ ਸੰਗਰੂਰ ਵਿੱਚ 28-99 ਮਸ਼ੀਨ ਲਈ ਸਰੋਤ ਦੀ ਖਰੀਦ, ਆਵਾਜਾਈ ਅਤੇ ਸਥਾਪਨਾ ਵਾਸਤੇ ਲਗਭਗ 1.5 ਕਰੋੜ ਰੁਪਏ ਦੀ ਮਦਦ ਦਿੱਤੀ ਹੈ। ਐਚਬੀਸੀਐਚ ਐਂਡ ਆਰਸੀ ਪੰਜਾਬ ਬਾਰੇ ਪੰਜਾਬ ਅਤੇ ਗੁਆਂਢੀ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਵਸਨੀਕਾਂ ਨੂੰ ਵਿਸ਼ਵ ਪੱਧਰੀ ਕੈਂਸਰ ਦੇਖਭਾਲ ਪ੍ਰਦਾਨ ਕਰਨ ਦੇ ਯਤਨਾਂ ਵਿੱਚ ਅਗਸਤ, 2022 ਵਿੱਚ ਮੁੱਲਾਂਪੁਰ, ਨਿਊ ਚੰਡੀਗੜ੍ਹ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹਾ, ਮੋਹਾਲੀ ਵਿਖੇ ’ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ’ ਰਾਸ਼ਟਰ ਨੂੰ ਸਮਰਪਿਤ ਕੀਤਾ ਸੀ। ਇਹ ਹਸਪਤਾਲ ਭਾਰਤ ਸਰਕਾਰ ਦੇ ਪਰਮਾਣੂ ਊਰਜਾ ਵਿਭਾਗ ਅਧੀਨ ਇੱਕ ਸਹਾਇਤਾ ਪ੍ਰਾਪਤ ਸੰਸਥਾ, ਟਾਟਾ ਮੈਮੋਰੀਅਲ ਸੈਂਟਰ ਦੁਆਰਾ 660 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਬਣਾਇਆ ਗਿਆ ਸੀ। ਕੈਂਸਰ ਹਸਪਤਾਲ 300 ਬਿਸਤਰਿਆਂ ਦੀ ਸਮਰੱਥਾ ਵਾਲਾ ਇੱਕ ਤੀਜੇ ਦਰਜੇ ਦਾ ਦੇਖਭਾਲ ਹਸਪਤਾਲ ਹੈ। ਇਹ ਹਸਪਤਾਲ ਖੇਤਰ ਵਿੱਚ ਕੈਂਸਰ ਦੇਖਭਾਲ ਅਤੇ ਇਲਾਜ ਦੇ ’ਹੱਬ’ ਵਜੋਂ ਕੰਮ ਕਰਦਾ ਹੈ, ਸੰਗਰੂਰ ਵਿੱਚ 150 ਬਿਸਤਰਿਆਂ ਵਾਲਾ ਹਸਪਤਾਲ ਇਸਦੇ ’ਸਪੋਕਸ’ ਵਜੋਂ ਕੰਮ ਕਰਦਾ ਹੈ।

# ਸੁਖਦੇਵ ਸਿੰਘ ਬੁਗਰਾ ਆਪ ਛੱਡ ਕੇ ਸ਼੍ਰੋਮਣੀ ਅਕਾਲੀ ਦਲ ’ਚ ਹੋਏ ਸ਼ਾਮਿਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ੍ਰੋਮਣੀ ਅਕਾਲੀ ਦਲ ਮਜਬੂਤੀ ਵੱਲ ਵਧ ਰਿਹਾ ਹੈ। ਧੂਰੀ ਹਲਕੇ ਅੰਦਰ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਹਲਕੇ ਅੰਦਰ ਮੀਟਿੰਗਾਂ ਕਰਕੇ ਅਕਾਲੀ ਦਲ ਦੀ ਮਜ਼ਬੂਤੀ ਲਈ ਦਿਨ ਰਾਤ ਕੀਤਾ ਹੋਇਆ ਹੈ। ਹਲਕੇ ਵਿੱਚ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਨੂੰ ਹਲਕੇ ਦੇ ਪਿੰਡਾਂ ਵਿੱਚ ਮਜਬੂਤੀ ਮਿਲ ਰਹੀ ਹੈ, ਜਿਸ ਦੇ ਤਹਿਤ ਆਪ ਆਗੂ ਸੁਖਦੇਵ ਸਿੰਘ ਬੁਗਰਾ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਏ। ਇਸ ਮੌਕੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਉਹਨਾਂ ਨੂੰ ਸਰੋਪਾ ਕੇ ਸਨਮਾਨ ਕੀਤਾ ਅਤੇ ਕਿਹਾ ਕਿ ਪਾਰਟੀ ਵਿੱਚ ਆਉਣ ਵਾਲੇ ਵਰਕਰਾਂ ਨੂੰ ਬਣਦਾ ਮਾਨ ਸਤਿਕਾਰ ਦਿੱਤਾ ਜਾਵੇਗਾ ਅਤੇ ਸਰਕਾਰ ਆਉਣ ਵਿੱਚ ਅਹਿਮ ਜਿੰਮੇਵਾਰੀਆਂ ਦੇ ਕੇ ਨਿਵਾਜਿਆ ਜਾਵੇਗਾ। ਇਸ ਮੌਕੇ ਸ੍ਰੋਮਣੀ ਅਕਾਲੀ ਦਲ ਐਸੀ ਵਿੰਗ ਦੇ ਸਰਕਲ ਪ੍ਰਧਾਨ ਅਮਰੀਕ ਸਿੰਘ ਬਰੜਵਾਲ, ਸਾਬਕਾ ਸਰਪੰਚ ਸਰਬਜੀਤ ਸਿੰਘ ਕਾਤਰੋਂ, ਜਥੇਦਾਰ ਧੂਰਾ, ਹਾਜਰ ਸਨ।

# ਚੰਡੀਗੜ੍ਹ ਵਿੱਚ ਤਾਮਿਲ ਨੌਜਵਾਨਾਂ ਲਈ ਸਿੱਖ ਫਲਸਫੇ ਬਾਰੇ ਵਿਸ਼ੇਸ਼ ਸਿਖਲਾਈ ਕੈਂਪ ‘ਕੈਪਟੀਵੇਟਿੰਗ ਦਿ ਸਿੰਪਲ ਹਾਰਟਡ’ ਕਿਤਾਬ ਰਾਹੀਂ ਸਿੱਖ ਸਿਧਾਂਤਾਂ ਦੀ ਸਰਲ ਵਿਆਖਿਆ



ਨਵੀਂ ਦਿੱਲੀ, 24 ਜੂਨ (ਮਨਪ੍ਰੀਤ ਸਿੰਘ ਖਾਲਸਾ):- ਤਾਮਿਲਨਾਡੂ ਵਿੱਚ ਸਿੱਖ ਸੱਭਿਆਚਾਰ ਅਤੇ ਫਲਸਫੇ ਪ੍ਰਤੀ ਵਧ ਰਹੀ ਦਿਲਚਸਪੀ ਦੇ ਮੱਦੇਨਜ਼ਰ ਚੰਡੀਗੜ੍ਹ ਵਿੱਚ ਵਸਦੇ ਤਾਮਿਲ ਭਾਈਚਾਰੇ ਲਈ ਸਿੱਖ ਫਲਸਫੇ ਬਾਰੇ ਇੱਕ ਵਿਸ਼ੇਸ਼ ਸਿਖਲਾਈ ਕੈਂਪ ਕਰਵਾਇਆ ਗਿਆ। ਇਹ ਕੈਂਪ ਸ੍ਰੀ ਕੇਂਦਰੀ ਸਿੰਘ ਸਭਾ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ 25 ਤੋਂ ਵੱਧ ਤਾਮਿਲ ਨੌਜਵਾਨਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਸਿਖਲਾਈ ਕੈਂਪ ਦਾ ਮੁੱਖ ਉਦੇਸ਼ ਤਾਮਿਲ ਭਾਈਚਾਰੇ ਦੇ ਨੌਜਵਾਨਾਂ ਨੂੰ ਸਿੱਖ ਸਿਧਾਂਤਾਂ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਸਿੱਖ ਜੀਵਨ-ਦਰਸ਼ਨ ਨਾਲ ਜਾਣੂ ਕਰਵਾਉਣਾ ਸੀ। ਇਸ ਮੌਕੇ ਸਿੱਖ ਵਿਦਵਾਨ ਸਰਦਾਰ ਜੀਵਨ ਸਿੰਘ ਤਾਮਿਲ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰਦਿਆਂ ਭਾਗੀਦਾਰਾਂ ਨਾਲ ਸਿੱਖ ਫਲਸਫੇ ਦੇ ਵੱਖ-ਵੱਖ ਪੱਖਾਂ ਬਾਰੇ ਵਿਚਾਰ ਸਾਂਝੇ ਕੀਤੇ। ਸਿਖਲਾਈ ਦੌਰਾਨ ਸਿੱਖ ਫਲਸਫੇ ਨੂੰ ਸਮਝਾਉਣ ਲਈ ‘ਕੈਪਟੀਵੇਟਿੰਗ ਦਿ ਸਿੰਪਲ ਹਾਰਟਡ’ ਕਿਤਾਬ ਦੀ ਵਰਤੋਂ ਕੀਤੀ ਗਈ। ਇਸ ਕਿਤਾਬ ਰਾਹੀਂ ਭਾਗੀਦਾਰਾਂ ਨੂੰ ਸਿੱਖ ਸਿਧਾਂਤਾਂ ਅਤੇ ਗੁਰਮਤਿ ਵਿਚਾਰਧਾਰਾ ਨੂੰ ਸਰਲ ਤੇ ਡੂੰਘੇ ਢੰਗ ਨਾਲ ਸਮਝਣ ਵਿੱਚ ਮਦਦ ਮਿਲੀ। ਇਸ ਮੌਕੇ ਸ੍ਰੀ ਕੇਂਦਰੀ ਸਿੰਘ ਸਭਾ ਦੇ ਖ਼ਜ਼ਾਨਚੀ ਸਰਦਾਰ ਰਾਜਵਿੰਦਰ ਸਿੰਘ ਰਾਹੀ ਦੀ ਅਗਵਾਈ ਹੇਠ ਸਮੂਹ ਪ੍ਰਬੰਧ ਸੁਚੱਜੇ ਢੰਗ ਨਾਲ ਕੀਤਾ ਗਿਆ। ਕੈਂਪ ਦੌਰਾਨ ਨੌਜਵਾਨਾਂ ਨੇ ਸਿੱਖ ਕਦਰਾਂ-ਕੀਮਤਾਂ, ਸੇਵਾ, ਸਿਮਰਨ ਅਤੇ ਮਨੁੱਖਤਾ ਨਾਲ ਜੁੜੇ ਸਿਧਾਂਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਆਯੋਜਕਾਂ ਨੇ ਕਿਹਾ ਕਿ ਇਹ ਕੈਂਪ ਸਿੱਖ ਅਤੇ ਤਾਮਿਲ ਸੱਭਿਆਚਾਰ ਵਿਚਕਾਰ ਆਪਸੀ ਸਮਝ ਅਤੇ ਸਾਂਝ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਸਿਖਲਾਈ ਦੇ ਅੰਤ ਵਿੱਚ ਭਾਗੀਦਾਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਿੱਖ ਫਲਸਫੇ ਨੇ ਉਨ੍ਹਾਂ ਦੇ ਜੀਵਨ ਪ੍ਰਤੀ ਨਜ਼ਰੀਏ ਨੂੰ ਹੋਰ ਵਿਸ਼ਾਲ ਕੀਤਾ ਹੈ। ਆਯੋਜਕਾਂ ਮੁਤਾਬਕ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਸਿਖਲਾਈ ਕੈਂਪ ਅਤੇ ਵਿਚਾਰ-ਵਟਾਂਦਰੇ ਕਰਵਾਏ ਜਾਣਗੇ, ਤਾਂ ਜੋ ਸਿੱਖ ਫਲਸਫੇ ਅਤੇ ਸੱਭਿਆਚਾਰ ਬਾਰੇ ਹੋਰ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪਿੰਡ ਦਸਮੇਸ਼ ਨਗਰ ਵਿਖੇ ਨਵੇਂ 66 ਕੇ.ਵੀ. ਬਿਜਲੀ ਘਰ ਦਾ

# ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਰੱਖਿਆ ਨੀਂਹ ਪੱਥਰ



**ਜੰਡਿਆਲਾ ਗੁਰੂ 24 ਜੂਨ ( ਕੁਲਵੰਤ ਸਿੰਘ ਵਿਰਦੀ )** - ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਦਸਮੇਸ਼ ਨਗਰ ਵਿਖੇ ਨਵੇਂ 66 ਕੇ.ਵੀ. ਸਬ-ਸਟੇਸ਼ਨ (ਬਿਜਲੀ ਘਰ) ਦਾ ਨੀਂਹ ਪੱਥਰ ਰੱਖਿਆ ਗਿਆ। ਪੰਜਾਬ ਸਰਕਾਰ ਵੱਲੋਂ ਇਸ ਬਿਜਲੀ ਘਰ ਨੂੰ ਬਣਾਉਣ ਲਈ 7 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਬਿਜਲੀ ਘਰ ਦਾ ਨੀਂਹ ਪੱਥਰ ਰੱਖਣ ਮੌਕੇ ਹਾਜ਼ਰ ਇਲਾਕਾ ਨਿਵਾਸੀਆਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪਿੰਡ ਦਸਮੇਸ਼ ਨਗਰ ਅਤੇ ਆਸ-ਪਾਸ ਦੇ ਪਿੰਡਾਂ ਦੇ ਵਸਨੀਕ ਲੰਮੇ ਸਮੇਂ ਤੋਂ ਇਸ ਖੇਤਰ ਵਿੱਚ ਸਬ-ਸਟੇਸ਼ਨ ਦੀ ਮੰਗ ਕਰ ਰਹੇ ਸਨ, ਜਿਸਨੂੰ ਅੱਜ ਪੰਜਾਬ ਸਰਕਾਰ ਵੱਲੋਂ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਪਿੰਡਾਂ ਦਾ ਮੌਜੂਦਾ ਸਬ-ਸਟੇਸ਼ਨ ਦੂਰ ਹੋਣ ਕਾਰਨ ਖੇਤਰ ਦੇ ਲੋਕਾਂ ਨੂੰ ਬਿਜਲੀ ਸਪਲਾਈ ਸਬੰਧੀ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਪੂਰਾ ਕਰਦਿਆਂ ਅੱਜ ਇਸ ਮਹੱਤਵਪੂਰਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਰਾਜ ਸਰਕਾਰ ਵੱਲੋਂ 66 ਕੇ.ਵੀ. ਸਬ-ਸਟੇਸ਼ਨ ਦੇ ਨਿਰਮਾਣ 'ਤੇ ਲਗਭਗ 7 ਕਰੋੜ ਰੁਪਏ ਖਰਚ ਕੀਤੇ ਜਾਣਗੇ। ਸਬ-ਸਟੇਸ਼ਨ ਵਿੱਚ 66/11 ਕੇ.ਵੀ. ਦਾ 20 ਐੱਮ.ਵੀ.ਏ. ਸਮਰੱਥਾ ਵਾਲਾ ਪਾਵਰ ਟਰਾਂਸਫਾਰਮਰ ਸਥਾਪਿਤ ਕੀਤਾ ਜਾਵੇਗਾ, ਜਿਸ ਨਾਲ ਖੇਤਰ ਦੀ ਬਿਜਲੀ ਸਪਲਾਈ ਵਿੱਚ ਵੱਡੇ ਪੱਧਰ 'ਤੇ ਸੁਧਾਰ ਆਵੇਗਾ।ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਇਸ ਸਬ-ਸਟੇਸ਼ਨ ਦੇ ਚਾਲੂ ਹੋਣ ਨਾਲ ਪਿੰਡ ਦਸਮੇਸ਼ ਨਗਰ ਤੋਂ ਇਲਾਵਾ ਅਕਾਲਗੜ੍ਹ ਢੱਪਈਆਂ, ਰਸੂਲਪੁਰ, ਮਾਲੋਵਾਲ, ਬੰਮਾ ਅਤੇ ਖਲੈਹਿਰਾ ਸਮੇਤ ਕਈ ਪਿੰਡਾਂ ਦੇ ਖਪਤਕਾਰਾਂ ਨੂੰ ਵਧੇਰੇ ਭਰੋਸੇਯੋਗ ਅਤੇ ਨਿਰਵਿਘਨ ਬਿਜਲੀ ਸਪਲਾਈ ਪ੍ਰਾਪਤ ਹੋਵੇਗੀ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ 66 ਕੇ.ਵੀ. ਸਬ-ਸਟੇਸ਼ਨ ਤਰਸਿੱਕਾ ਅਤੇ ਨਵਾਂ ਪਿੰਡ ਤੋਂ ਚੱਲ ਰਹੇ ਕਈ ਫੀਡਰਾਂ ਨੂੰ ਨਵੇਂ ਸਬ-ਸਟੇਸ਼ਨ ਨਾਲ ਜੋੜਿਆ ਜਾਵੇਗਾ, ਜਿਸ ਨਾਲ 11 ਕੇ.ਵੀ. ਲਾਈਨਾਂ ਦੀ ਲੰਬਾਈ ਘਟੇਗੀ ਅਤੇ ਵੋਲਟੇਜ ਸਬੰਧੀ ਸਮੱਸਿਆਵਾਂ ਵਿੱਚ ਵੀ ਕਮੀ ਆਵੇਗੀ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਲਗਭਗ 22,705 ਖਪਤਕਾਰਾਂ ਨੂੰ ਅਸਿੱਧੇ ਤੌਰ 'ਤੇ ਅਤੇ 4,604 ਖਪਤਕਾਰਾਂ ਨੂੰ ਸਿੱਧੇ ਤੌਰ 'ਤੇ ਲਾਭ ਮਿਲੇਗਾ। ਇਸ ਤੋਂ ਇਲਾਵਾ ਖੇਤਰ ਵਿੱਚ ਬਿਜਲੀ ਪ੍ਰਣਾਲੀ ਦੀ ਕਾਰਗੁਜ਼ਾਰੀ ਹੋਰ ਮਜ਼ਬੂਤ ਹੋਵੇਗੀ ਅਤੇ ਭਵਿੱਖ ਦੀ ਵਧਦੀ ਮੰਗ ਨੂੰ ਵੀ ਆਸਾਨੀ ਨਾਲ ਪੂਰਾ ਕੀਤਾ ਜਾ ਸਕੇਗਾ।ਸ੍ਰ: ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ 66 ਕੇ.ਵੀ. ਦਸਮੇਸ਼ ਨਗਰ ਸਬ-ਸਟੇਸ਼ਨ ਦੇ ਚਾਲੂ ਹੋਣ ਉਪਰੰਤ ਖੇਤਰ ਦੇ ਵਸਨੀਕਾਂ ਨੂੰ ਸ਼ਹਿਰੀ ਖੇਤਰਾਂ ਵਾਂਗ ਕੈਟਾਗਰੀ-1 ਦੀ ਮਿਆਰੀ ਅਤੇ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾਵੇਗੀ, ਜਿਸ ਨਾਲ ਬਿਜਲੀ ਕੱਟਾਂ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।ਇਸ ਮੌਕੇ ਕੈਬਨਿਟ ਮੰਤਰੀ ਨੇ ਪੀ.ਐੱਸ.ਪੀ.ਸੀ.ਐੱਲ. ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਪਿੰਡ ਦਸਮੇਸ਼ ਨਗਰ ਦੇ ਵਸਨੀਕਾਂ ਨਾਲ ਮਿਲ ਕੇ ਰੁੱਖ ਲਗਾਏ ਅਤੇ "ਰੁੱਖ ਲਗਾਓ, ਮਨੁੱਖਤਾ ਬਚਾਓ" ਦਾ ਸੰਦੇਸ਼ ਦਿੰਦਿਆਂ ਸਮੂਹ ਪੰਜਾਬ ਵਾਸੀਆਂ ਨੂੰ ਵਾਤਾਵਰਨ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਇਸ ਨਵੇਂ ਬਿਜਲੀ ਘਰ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਕਰਨ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਪਹਿਲਾਂ 17 ਮਾਰਚ 2026 ਨੂੰ ਵੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ ਵੱਲੋਂ ਪਿੰਡ ਗੱਦਲੀ ਵਿਖੇ ਵੀ 66 ਕੇ.ਵੀ. ਸਬ-ਸਟੇਸ਼ਨ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ ਸੀ ਜੋ ਬਹੁਤ ਜਲਦੀ ਮੁਕੰਮਲ ਹੋ ਜਾਵੇਗਾ।

**7 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗਾ ਬਿਜਲੀ ਘਰ, ਹਜ਼ਾਰਾਂ ਖਪਤਕਾਰਾਂ ਨੂੰ ਮਿਲੇਗੀ ਨਿਰਵਿਘਨ ਅਤੇ ਬਿਹਤਰ ਬਿਜਲੀ ਸਪਲਾਈ - ਹਰਭਜਨ ਸਿੰਘ ਈ.ਟੀ.ਓ.**

### ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕੇ ਦੇ ਵੱਖ ਵੱਖ ਪਿੰਡਾਂ ਵਿਖੇ ਕੀਤੀ ਲੋਕ ਮਿਲਣੀ

# ਪੰਜਾਬ ਦੇ ਖ਼ਜ਼ਾਨੇ ਦਾ ਪੈਸਾ ਬਿਹਤਰ ਸਕੂਲਾਂ, ਹਸਪਤਾਲਾਂ, ਸੜਕਾਂ ਤੇ ਬੁਨਿਆਦੀ ਢਾਂਚੇ ਰਾਹੀਂ ਲੋਕਾਂ ਕੋਲ ਵਾਪਸ ਜਾ ਰਿਹਾ ਹੈ ਸ੍ਰ: ਈ.ਟੀ.ਓ.

**ਜੰਡਿਆਲਾ ਗੁਰੂ, 24 ਜੂਨ ( ਕੁਲਵੰਤ ਸਿੰਘ ਵਿਰਦੀ )** - ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਲਈ ਵਚਨਬੱਧ ਹੈ। ਇਸੇ ਕੜੀ ਤਹਿਤ ਸੂਬਾ ਸਰਕਾਰ ਵੱਲੋਂ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਨ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਯੋਜਨਾ ਅਧੀਨ ਪੰਜਾਬ ਦੀ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀ ਹਰ ਯੋਗ ਮਹਿਲਾ ਨੂੰ 1,000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਪ੍ਰਦਾਨ ਕੀਤੇ ਜਾਣਗੇ।ਇਹ ਪ੍ਰਗਟਾਵਾ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਭੰਗਵਾਂ, ਸੈਦੋਲੇਹਲ ਅਤੇ ਦਸਮੇਸ਼ ਨਗਰ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਲੋਕਾਂ ਦੇ ਭਰਵੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਸੂਬੇ ਦੀਆਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਦੇ ਨਾਲ-ਨਾਲ ਉਨ੍ਹਾਂ ਦੇ ਸਨਮਾਨ ਅਤੇ ਸਵੈ-ਨਿਰਭਰਤਾ ਨੂੰ ਵੀ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ। ਉਨ੍ਹਾਂ ਦੱਸਿਆ ਕਿ ਯੋਗ ਲਾਭਪਾਤਰੀਆਂ ਨੂੰ ਇਸ ਯੋਜਨਾ ਦਾ ਲਾਭ 1 ਜੁਲਾਈ ਤੋਂ ਮਿਲਣਾ ਸ਼ੁਰੂ ਹੋ ਜਾਵੇਗਾ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਲੋਕ ਮਿਲਣੀਆਂ ਦਾ ਉਦੇਸ਼ ਕਿਸੇ ਸਿਆਸੀ ਮਕਸਦ ਦੀ ਪੂਰਤੀ ਨਹੀਂ, ਸਗੋਂ ਆਮ ਲੋਕਾਂ ਨਾਲ ਸਿੱਧਾ ਸੰਵਾਦ ਸਥਾਪਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਮੌਕੇ 'ਤੇ ਹੱਲ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕ ਭਲਾਈ ਦੀ ਬਜਾਏ ਆਪਣੇ ਸਵਾਰਥਾਂ ਨੂੰ ਤਰਜੀਹ ਦਿੱਤੀ, ਜਦਕਿ ਮੌਜੂਦਾ ਸਰਕਾਰ ਸਰਕਾਰੀ ਖ਼ਜ਼ਾਨੇ ਦੇ ਹਰ ਇਕ ਪੈਸੇ ਨੂੰ ਲੋਕਾਂ ਦੀ ਭਲਾਈ ਲਈ ਵਰਤ ਰਹੀ ਹੈ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਦੇ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਦਾ ਲਾਭ ਮਿਲ ਰਿਹਾ ਹੈ। ਇਸ ਤੋਂ ਇਲਾਵਾ ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾ ਰਹੀ ਹੈ, ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਇੱਕ ਮਹੱਤਵਪੂਰਨ ਅਤੇ ਮਿਸਾਲੀ ਕਦਮ ਹੈ।ਉਨ੍ਹਾਂ ਕਿਹਾ ਕਿ ਇੱਕ ਪਾਸੇ ਦੇਸ਼ ਦੀਆਂ ਕੀਮਤੀ ਸੰਪਤੀਆਂ ਨੂੰ ਨਿੱਜੀ ਹੱਥਾਂ ਵਿੱਚ ਸੌਂਪਿਆ ਜਾ ਰਿਹਾ ਹੈ, ਜਦਕਿ ਪੰਜਾਬ ਸਰਕਾਰ ਨੇ ਇੱਕ ਨਿੱਜੀ ਥਰਮਲ ਪਲਾਂਟ ਖਰੀਦ ਕੇ ਉਸ ਦਾ ਨਾਮ ਸ੍ਰੀ ਗੁਰੂ ਅਮਰ ਦਾਸ ਜੀ ਦੇ ਨਾਮ 'ਤੇ ਰੱਖਦਿਆਂ ਇਤਿਹਾਸਕ ਫੈਸਲਾ ਲਿਆ ਹੈ, ਜੋ ਲੋਕ ਹਿੱਤਾਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਵੱਲੋਂ ਫੀਸਾਂ ਵਿੱਚ ਕੀਤੇ ਜਾਂਦੇ ਮਨਮਾਨੇ ਵਾਧੇ ਨੂੰ ਰੋਕਣ ਲਈ ਇਤਿਹਾਸਕ ਕਦਮ ਚੁੱਕਿਆ ਹੈ। ਸਰਕਾਰ ਵੱਲੋਂ ਪ੍ਰਾਈਵੇਟ ਗੈਰ-ਸਹਾਇਤਾ ਪ੍ਰਾਪਤ ਸਕੂਲਾਂ ਦੀ ਫੀਸ ਵਿੱਚ ਵਾਧੇ ਨੂੰ ਨਿਯਮਤ ਕਰਨ ਲਈ ਆਰਡੀਨੈਂਸ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਦਾ ਮਕਸਦ ਸਕੂਲ ਫੀਸਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣਾ ਅਤੇ ਮਾਪਿਆਂ 'ਤੇ ਪੈਣ ਵਾਲੇ ਬੇਲੋੜੇ ਆਰਥਿਕ ਬੋਝ ਨੂੰ ਘਟਾਉਣਾ ਹੈ।ਉਨ੍ਹਾਂ ਦੱਸਿਆ ਕਿ ਇਸ ਆਰਡੀਨੈਂਸ ਤਹਿਤ ਕੋਈ ਵੀ ਪ੍ਰਾਈਵੇਟ ਸਕੂਲ ਪੰਜ ਫੀਸਦੀ ਤੋਂ ਵੱਧ ਫੀਸ ਵਾਧਾ ਨਹੀਂ ਕਰ ਸਕੇਗਾ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ ਸੰਸਥਾਵਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਦੇ ਖ਼ਜ਼ਾਨੇ ਦਾ ਪੈਸਾ ਹੁਣ ਬਿਹਤਰ ਸਕੂਲਾਂ, ਆਧੁਨਿਕ ਹਸਪਤਾਲਾਂ, ਉੱਚ ਪੱਧਰੀ ਸੜਕਾਂ ਅਤੇ ਮਜ਼ਬੂਤ ਬੁਨਿਆਦੀ ਢਾਂਚੇ ਦੇ ਰੂਪ ਵਿੱਚ ਲੋਕਾਂ ਕੋਲ ਵਾਪਸ ਪਹੁੰਚ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਭ੍ਰਿਸ਼ਟਾਚਾਰ ਅਤੇ ਸਿਫਾਰਸ਼ ਤੋਂ ਬਿਨਾਂ 68 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਇਸ ਦੇ ਨਾਲ ਹੀ ਮਿਆਦ ਪੁੱਗ ਚੁੱਕੇ ਟੋਲ ਪਲਾਜ਼ਿਆਂ ਨੂੰ ਬੰਦ ਕਰਕੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਗਈ ਹੈ, ਜਿਸ ਨਾਲ ਪੰਜਾਬ ਵਾਸੀਆਂ ਦੀ ਰੋਜ਼ਾਨਾ ਲਗਭਗ 70 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਸਮੁੱਚੇ ਵਿਕਾਸ ਅਤੇ ਲੋਕਾਂ ਦੀ ਬਿਹਤਰੀ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਇਆ ਜਾ ਰਿਹਾ ਹੈ।



## ਗੁਰਦੁਆਰਾ ਜੋਤੀਸਰ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਦੇ ਭਰਾਤਾ ਰਾਜੂ ਦੇ ਦੁਸਿਹਰੇ ਮੌਕੇ ਰਾਜਨੀਤਕ ਧਾਰਮਿਕ ਸਖਸ਼ੀਅਤਾਂ ਨੇ ਭਰੀ ਹਾਜ਼ਰੀ



**ਜੰਡਿਆਲਾ ਗੁਰੂ, 24 ਜੂਨ (ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਵਿਖੇ ਸਥਿਤ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਵਾਲਿਆਂ ਦੇ ਤਪ ਅਸਥਾਨ ਦੇ ਮੁੱਖ ਸੰਚਾਲਕ ਬਾਬਾ ਸੁੱਖਾ ਸਿੰਘ ਜੀ ਦੇ ਛੋਟੇ ਭਰਾਤਾ ਭਾਈ ਰਾਜਵਿੰਦਰ ਸਿੰਘ ਰਾਜੂ ਪੁੱਤਰ ਕਸਮੀਰ ਸਿੰਘ ਪਿਛਲੇ ਬੀਤੇ ਦਿਨਾਂ ਦੌਰਾਨ ਛਤੀਸਗੜ੍ਹ ਵਿਖੇ ਇਕ ਰੋਡ ਐਕਸੀਡੈਂਟ ਚ ਮੌਤ ਹੋ ਗਈ ਸੀ !ਅੱਜ ਰਾਜਵਿੰਦਰ ਸਿੰਘ ਰਾਜੂ ਦੀ ਰੂਹ ਕਲਿਆਣ ਲਈ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ !ਅਤੇ ਭੋਗ ਤੋਂ ਉਪਰੰਤ ਦੁਸਿਹਰੇ ਸਮਾਗਮ ਮੌਕੇ ਗੁਰੂ ਘਰ ਦੇ ਰਾਗੀ ਸਿੰਘਾਂ ਵਲੋਂ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਪ੍ਰਮਾਤਮਾ ਦੇ ਭਾਣੇ ਨੂੰ ਮੰਨਣ ਲਈ ਬੇਨਤੀ ਕੀਤੀ ! ਅਤੇ ਉਪਰੰਤ ਗੁਰਦੁਆਰਾ ਨਾਨਕ ਦਰਬਾਰ ਸੰਪ੍ਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ !ਅਤੇ ਉਪਰੰਤ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਗਈ ! ਇਸ ਦੁਸਹਿਰੇ ਸਮਾਰੋਹ ਮੌਕੇ ਗੜਵੀ ਬਾਬਾ ਦੀਪ ਸਿੰਘ, ਦਿਲਬਾਗ ਸਿੰਘ ਤਲਵੰਡੀ, ਤੇਜਿੰਦਰ ਸਿੰਘ ਮੁਕੰਦਪੁਰ, ਮਾਸਟਰ ਜੱਸਾ ਸਿੰਘ ਖੁਜਾਲਾ, ਜਸਕਰਨ ਸਿੰਘ ਚਾਟੀਵਿੰਡ,ਦਸਮੇਸ ਤਰਨਾਦਲ ਮੁਖੀ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ,ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸੇਵਾਦਾਰ ਅਮਰੀਕ ਸਿੰਘ ਬਿੱਟਾ ,ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ,ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਦੇ ਭਰਾਤਾ ਸਤਿੰਦਰ ਸਿੰਘ ਪ੍ਰਧਾਨ ਨਗਰ ਕੌਂਸਲ ਜੰਡਿਆਲਾ ਗੁਰੂ ,ਭੁਪਿੰਦਰ ਸਿੰਘ ਕੌਂਸਲਰ, ਸੁਰਿੰਦਰ ਕੁਮਾਰ ਸੋਨੂੰ ਮਾਮਾ , ਸਵਿੰਦਰ ਸਿੰਘ ,ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਦੇ ਮੁੱਖ ਸੇਵਾਦਾਰ ਬਾਬਾ ਮਨਜੀਤ ਸਿੰਘ ਤਾਰਾਗੜ੍ਹ , ਭਾਈ ਭੁਪਿੰਦਰ ਸਿੰਘ ਕਥਾ ਵਾਚਕ ਗਦਲੀ, ਬਾਬਾ ਮਨਮੋਹਨ ਸਿੰਘ ਭੰਗਾਣੀ ਵਾਲੇ , ਬਾਬਾ ਸੁਖਵੰਤ ਸਿੰਘ ਚੰਨਣਕੇ ਵਾਲੇ ਅਤੇ ਆਦਿ ਸੰਗਤਾਂ ਨੇ ਅੰਤਿਮ ਅਰਦਾਸ ਦੁਸਹਿਰੇ ਸਮਾਗਮ ਵਿੱਚ ਹਾਜਰੀ ਭਰੀ ਅਤੇ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ !

## ਪੰਜਾਬ ਦੇ ਹਾਲਾਤਾਂ, ਸਿੱਖ ਹੱਕਾਂ ਦੇ ਨਾਲ ਇਤਿਹਾਸਿਕ ਚੇਤਨਾ 'ਤੇ ਲੁਧਿਆਣਾ ਵਿਚ ਹੋਇਆ ਗੰਭੀਰ ਮੰਥਨ



**ਨਵੀਂ ਦਿੱਲੀ 24 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਡਾ. ਬੀ.ਆਰ. ਅੰਬੇਡਕਰ ਭਵਨ, ਲੁਧਿਆਣਾ ਵਿਖੇ ਬਹੁਜਨ ਦ੍ਰਾਵਿੜ ਪਾਰਟੀ ਦੀ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੌਰਾਨ ਪੰਜਾਬ ਦੀ ਮੌਜੂਦਾ ਸਥਿਤੀ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਕੌਮੀ ਪ੍ਰਧਾਨ ਜੀਵਨ ਸਿੰਘ ਤਾਮਿਲ, ਤੀਰਥ ਸਿੰਘ, ਇੰਦਰਜੀਤ ਸਿੰਘ, ਡਾ. ਬਿਬੇਕ ਕੁਮਾਰ, ਮਕਸੂਦਲ ਹਕ ਮਲੇਰਕੋਟਲਾ, ਜਸਵੀਰ ਸਿੰਘ, ਦਿੱਲੀ ਯੂਨੀਵਰਸਿਟੀ ਤੋਂ ਜਗਤਾਰ ਸਿੰਘ, ਭਾਈ ਗੁਰਬੀਰ ਸਿੰਘ ਦੁੱਧੜਾਏ, ਅਕਾਲੀ ਦਲ ਵਾਰਿਸ ਪੰਜਾਬ ਵੱਲੋਂ ਭਾਈ ਸੁਰਿੰਦਰ ਪਾਲ ਸਿੰਘ ਤਲਾਬਪੁਰਾ ਅਤੇ ਸਿੱਖ ਚਿੰਤਕ ਭਾਈ ਰਤਿੰਦਰ ਸਿੰਘ ਇੰਦੌਰ ਸਮੇਤ ਕਈ ਹਸਤੀਆਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਕੌਮੀ ਪ੍ਰਧਾਨ ਜੀਵਨ ਸਿੰਘ ਤਾਮਿਲ, ਪਾਰਟੀ ਦੇ ਕਨਵੀਨਰ ਤੀਰਥ ਸਿੰਘ ਸਮੇਤ ਹੋਰ ਆਗੂਆਂ ਨੂੰ ਸ੍ਰੀ ਸਾਹਿਬ ਅਤੇ ਕਈ ਮਹੱਤਵਪੂਰਨ ਪੁਸਤਕਾਂ ਭੇਟ ਕੀਤੀਆਂ ਗਈਆਂ। ਇਨ੍ਹਾਂ ਵਿੱਚ 'ਪੇਰੀਆਰ ਰਤਨਾਵਲੀ', ਅਮਰਦੀਪ ਸਿੰਘ ਅਮਰ ਦਾ ਨਾਵਲ 'ਦੀਵਾ ਜੱਗਦਾ ਰਹੇਗਾ', ਸੰਤ ਸੇਵਾ ਸਿੰਘ ਰਾਮਪੁਰ ਖੇੜਾ ਵਾਲਿਆਂ ਦੀ ਪੁਸਤਕ 'ਗੁਰ ਸਾਗਰ', 'ਗੁਰੂ ਨਾਨਕ ਸਾਹਿਬ ਜੀ ਦੀ ਅਰਬ ਰਤਨ ਫੇਰੀ' ਅਤੇ ਡਾ. ਬੀ. ਆਰ. ਅੰਬੇਡਕਰ ਨਾਲ ਸੰਬੰਧਤ ਪੁਸਤਕਾਂ ਸ਼ਾਮਲ ਸਨ। ਇਹ ਪੁਸਤਕਾਂ ਹੋਰ ਹਾਜ਼ਰੀਨਾਂ ਵਿੱਚ ਵੀ ਵੰਡੀਆਂ ਗਈਆਂ। ਮੀਟਿੰਗ ਦੇ ਸਮਾਪਤ ਹੋਣ ਉਪਰੰਤ ਵੱਖ-ਵੱਖ ਪ੍ਰਤੀਨਿਧੀਆਂ ਦਰਮਿਆਨ ਹੋਈਆਂ ਲੰਬੀਆਂ ਗੈਰ-ਰਸਮੀ ਗੱਲਬਾਤਾਂ ਦੌਰਾਨ ਉੱਤਰਾਖੰਡ ਵਿੱਚ ਨਿਹੰਗ ਸਿੰਘਾਂ ਨਾਲ ਵਾਪਰੇ ਘਟਨਾਕ੍ਰਮ, ਸ੍ਰੀ ਹੇਮਕੁੰਟ ਸਾਹਿਬ ਦਾ ਇਤਿਹਾਸਕ ਮਹੱਤਵ, ਸ੍ਰੀ ਦਸਮ ਗ੍ਰੰਥ ਸਾਹਿਬ ਦੀ ਬਾਣੀ ਅਤੇ ਸਿੱਖਾਂ ਦੇ ਸ਼ਸਤ੍ਰ ਧਾਰਣ ਕਰਨ ਦੇ ਅਧਿਕਾਰ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵੀ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਭਵਿੱਖੀ ਕਾਰਜਕ੍ਰਮਾਂ ਸਬੰਧੀ ਮੁੱਢਲੇ ਪੱਧਰ 'ਤੇ ਵੀ ਵਿਚਾਰ-ਵਟਾਂਦਰਾ ਹੋਇਆ। ਇਸ ਤਹਿਤ ਮੱਧ ਪ੍ਰਦੇਸ਼ ਅਤੇ ਮਹਾਰਾਸ਼ਟਰ ਦੇ ਸਿੱਖ-ਬਹੁਲ ਇਲਾਕਿਆਂ ਵਿੱਚ ਸਿੱਖ ਵਿਦਵਾਨਾਂ ਦੀ ਸ਼ਮੂਲੀਅਤ ਨਾਲ ਭਾਈ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਦੇ ਜੀਵਨ 'ਤੇ ਸੈਮੀਨਾਰ ਕਰਵਾਉਣ ਅਤੇ ਸਿਕਲੀਗਰ ਭਾਈਚਾਰੇ ਨਾਲ ਜੁੜੇ ਮਸਲਿਆਂ ਨੂੰ ਉਠਾਉਣ ਬਾਰੇ ਗੱਲਬਾਤ ਕੀਤੀ ਗਈ।

### ਬੈਲਜੀਅਮ ਦੇ ਗੁਰਦੁਆਰਾ ਸੰਗਤ ਸਾਹਿਬ ਵਿਖੇ ਜੂਨ 1984 ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ 'ਚ ਵਿਸ਼ਾਲ ਬੈਨਰ ਲਗਾਇਆ

# ਕੌਮ ਨੇ ਨਮ ਅੱਖਾਂ ਨਾਲ ਦਿੱਤੀ ਸ਼ਰਧਾਂਜਲੀ




**ਨਵੀਂ ਦਿੱਲੀ, 24 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਜੂਨ 1984 ਦੇ ਘੱਲੂਘਾਰੇ ਅਤੇ ਸਿੱਖ ਨਸਲਕੁਸ਼ੀ ਦੀ ਯਾਦ ਨੂੰ ਸਮਰਪਿਤ ਬੈਲਜੀਅਮ ਸਥਿਤ ਗੁਰਦੁਆਰਾ ਸੰਗਤ ਸਾਹਿਬ ਸਿੰਤਰੁਦਨ ਵਿਖੇ ਇੱਕ ਵਿਸ਼ੇਸ਼ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਵੱਡੇ ਆਕਾਰ ਦਾ ਇਤਿਹਾਸਕ ਬੈਨਰ ਲਗਾਇਆ ਗਿਆ। ਇਸ ਮੌਕੇ ਫੌਜੀ ਹਮਲੇ ਤੋਂ ਬਾਅਦ ਦਾ ਹਸ਼ਰ ਦਿਖਾਉਂਦੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਾਵਨ ਤਸਵੀਰ ਸੁਸ਼ੋਭਿਤ ਕਰਕੇ ਜੂਨ 1984 ਵਿੱਚ ਸ਼ਹੀਦ ਹੋਏ ਸਿੰਘ-ਸਿੰਘਣੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਸਤਿਕਾਰ ਸਹਿਤ ਯਾਦ ਕੀਤਾ ਗਿਆ। ਗੁਰਦੁਆਰਾ ਸਾਹਿਬ ਵਿਖੇ ਲਗਾਏ ਗਏ ਇਸ ਵਡ-ਆਕਾਰੀ ਬੈਨਰ ਉੱਤੇ ਜੂਨ 1984 ਦੇ ਘੱਲੂਘਾਰੇ ਦਾ ਇਤਿਹਾਸ ਦਰਜ ਕੀਤਾ ਗਿਆ ਹੈ, ਤਾਂ ਜੋ ਆਉਣ ਵਾਲੀਆਂ ਸੰਗਤਾਂ ਅਤੇ ਨਵੀਂ ਪੀੜ੍ਹੀ ਨੂੰ ਇਹ ਪਤਾ ਲੱਗ ਸਕੇ ਕਿ ਕਿਸ ਤਰ੍ਹਾਂ ਭਾਰਤ ਦੀ ਤਤਕਾਲੀ ਇੰਦਰਾ ਗਾਂਧੀ ਹਕੂਮਤ ਨੇ ਆਪਣੇ ਰਾਜਨੀਤਿਕ ਹਿਤਾਂ ਲਈ ਸਿੱਖ ਕੌਮ ਦੇ ਸਰਵੱਚ ਧਾਰਮਿਕ ਅਸਥਾਨਾਂ ਉੱਤੇ ਫੌਜੀ ਹਮਲਾ ਕਰਕੇ ਇਤਿਹਾਸ ਦਾ ਇੱਕ ਖ਼ੂਨੀ ਅਤੇ ਕਾਲਾ ਅਧਿਆਇ ਲਿਖਿਆ ਸੀ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਜੂਨ 1984 ਸਿਰਫ਼ ਇੱਕ ਫੌਜੀ ਕਾਰਵਾਈ ਨਹੀਂ, ਸਗੋਂ ਸਿੱਖ ਕੌਮ ਦੇ ਧਾਰਮਿਕ, ਇਤਿਹਾਸਕ ਅਤੇ ਸਿਆਸੀ ਅਸਤਿਤਵ ਨੂੰ ਕੁਚਲਣ ਲਈ ਰਚਿਆ ਗਿਆ ਇੱਕ ਸੋਚਿਆ-ਸਮਝਿਆ ਹਮਲਾ ਸੀ। ਉਨ੍ਹਾਂ ਕਿਹਾ ਕਿ ਤਤਕਾਲੀ ਇੰਦਰਾ ਗਾਂਧੀ ਸਰਕਾਰ ਨੇ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਆਕਾਲ ਤਖ਼ਤ ਸਾਹਿਬ ਉੱਤੇ ਟੈਂਕਾਂ, ਤੋਪਾਂ ਅਤੇ ਭਾਰੀ ਹਥਿਆਰਾਂ ਨਾਲ ਹਮਲਾ ਕਰਕੇ ਨਾ ਸਿਰਫ਼ ਸਿੱਖ ਭਾਵਨਾਵਾਂ ਨੂੰ ਲਹੂ-ਲੁਹਾਣ ਕੀਤਾ, ਸਗੋਂ ਮਨੁੱਖਤਾ ਅਤੇ ਧਾਰਮਿਕ ਆਜ਼ਾਦੀ ਦੇ ਅਸੂਲਾਂ ਨੂੰ ਵੀ ਰੌਂਦਿਆ। ਬੁਲਾਰਿਆਂ ਨੇ ਕਿਹਾ ਕਿ ਇਸ ਹਮਲੇ ਦੌਰਾਨ ਅਨੇਕਾਂ ਬੇਗੁਨਾਹ ਸ਼ਰਧਾਲੂ, ਸਿੰਘ-ਸਿੰਘਣੀਆਂ, ਨੌਜਵਾਨ, ਬਜ਼ੁਰਗ ਅਤੇ ਬੱਚੇ ਸ਼ਹੀਦ ਹੋਏ, ਜਦਕਿ ਪਵਿੱਤਰ ਗੁਰੂ ਘਰਾਂ ਨੂੰ ਗੋਲੀਆਂ ਅਤੇ ਗੋਲਿਆਂ ਨਾਲ ਲਹੂ-ਲੁਹਾਣ ਕੀਤਾ ਗਿਆ। ਉਨ੍ਹਾਂ ਕਿਹਾ ਕਿ ਗੁਰੂ ਘਰਾਂ 'ਤੇ ਕੀਤਾ ਗਿਆ ਇਹ ਹਮਲਾ ਸਿੱਖ ਕੌਮ ਲਈ ਕਦੇ ਨਾ ਭੁੱਲਣ ਵਾਲਾ ਦਰਦ, ਰੋਸ ਅਤੇ ਇਤਿਹਾਸਕ ਚੇਤਾਵਨੀ ਹੈ, ਜਿਸ ਨੂੰ ਹਰ ਪੀੜ੍ਹੀ ਤੱਕ ਪਹੁੰਚਾਉਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਿੱਖ ਕੌਮ ਲਈ ਹਮੇਸ਼ਾ ਪ੍ਰੇਰਣਾ, ਚੇਤਨਾ ਅਤੇ ਸੰਘਰਸ਼ ਦਾ ਚਾਨਣ ਬਣੀਆਂ ਰਹਿਣਗੀਆਂ। ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸਿਰਫ਼ ਸਮਾਗਮਾਂ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਇਸ ਇਤਿਹਾਸਕ ਸੱਚਾਈ, ਜ਼ੁਲਮ ਅਤੇ ਕੁਰਬਾਨੀ ਨਾਲ ਜੋੜਿਆ ਜਾਵੇ। ਇਸ ਮੌਕੇ ਗੁਰਦੁਆਰਾ ਸੰਗਤ ਸਾਹਿਬ ਸਿੰਤਰੁਦਨ ਦੇ ਮੁੱਖ ਸੇਵਾਦਾਰ ਭਾਈ ਸੁਰਜੀਤ ਸਿੰਘ, ਕਮੇਟੀ ਮੈਂਬਰ ਭਾਈ ਉਂਕਾਰ ਸਿੰਘ ਨਿੱਜਰ, ਭਾਈ ਸੁਖਵਿੰਦਰ ਸਿੰਘ ਮੁਲਤਾਨੀ, ਭਾਈ ਪ੍ਰਿਥੀਪਾਲ ਸਿੰਘ ਪਟਵਾਰੀ, ਭਾਈ ਬਿੰਦਰ ਸਿੰਘ (ਯੂਰਪੀਅਨ ਸਿੱਖ ਆਰਗੇਨਾਈਜੇਸ਼ਨ), ਭਾਈ ਮਲੂਕ ਸਿੰਘ, ਭਾਈ ਬਲਕਾਰ ਸਿੰਘ ਮਾੜੀ, ਭਾਈ ਲਵਦੀਪ ਸਿੰਘ ਅਤੇ ਭਾਈ ਮਨਜੀਤ ਸਿੰਘ ਮੰਨਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਅੰਤ ਵਿੱਚ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਆਤਮਿਕ ਯਾਦ ਵਿੱਚ ਅਰਦਾਸ ਕੀਤੀ ਗਈ ਅਤੇ ਪੰਥ ਦੀ ਚੜ੍ਹਦੀ ਕਲਾ, ਏਕਤਾ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ ਗਈ।

### ਉਤਰਾਖੰਡ ਤੇ ਹਿਮਾਚਲ ਸਰਕਾਰਾਂ ਸਿੱਖ ਯਾਤਰੀਆਂ ਨਾਲ

# ਹੋ ਰਹੀਆਂ ਵਧੀਕੀਆਂ ਤੁਰੰਤ ਰੋਕਣ: ਤਰਲੋਚਨ ਸਿੰਘ, ਪੁਰੇਵਾਲ, ਰਘਬੀਰ ਸਿੰਘ



ਨਵੀਂ ਦਿੱਲੀ, 24 ਜੂਨ (ਮਨਪ੍ਰੀਤ ਸਿੰਘ ਖਾਲਸਾ):- ਅਖੰਡ ਕੀਰਤਨੀ ਜਥਾ ਯੂਕੇ ਦੇ ਜਥੇਦਾਰ ਤਰਲੋਚਨ ਸਿੰਘ, ਸ੍ਰੀ ਗੁਰੂ ਸਿੰਘ ਸਭਾ ਡਰਬੀ ਦੇ ਪ੍ਰਧਾਨ ਰਘਬੀਰ ਸਿੰਘ ਅਤੇ ਸਿੱਖ ਅਜਾਇਬਘਰ ਡਰਬੀ ਦੇ ਚੇਅਰਮੈਨ ਸ. ਰਾਜਿੰਦਰ ਸਿੰਘ ਪੁਰੇਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਸੰਬੰਧਿਤ ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਕੁਝ ਵੀਡੀਓਆਂ 'ਤੇ ਗੰਭੀਰ ਇਤਰਾਜ਼ ਜਤਾਉਂਦਿਆਂ ਕਿਹਾ ਕਿ ਜੇਕਰ ਕਿਸੇ ਵੀਡੀਓ ਵਿੱਚ ਗੁਰੂ ਸਾਹਿਬਾਨ ਦੀਆਂ ਤਸਵੀਰਾਂ ਪ੍ਰਤੀ ਅਦਬ ਦੇ ਉਲਟ ਕੋਈ ਦ੍ਰਿਸ਼ ਜਾਂ ਹਰਕਤ ਦਿਖਾਈ ਦਿੰਦੀ ਹੈ ਤਾਂ ਇਹ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਮਾਮਲਾ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਖ਼ਤ ਨੋਟਿਸ ਲੈ ਕੇ ਬਣਦੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਧਾਰਮਿਕ ਮਰਯਾਦਾ ਨਾਲ ਖਿਲਵਾੜ ਕਰਨ ਵਾਲਿਆਂ ਨੂੰ ਸਪੱਸ਼ਟ ਸੰਦੇਸ਼ ਮਿਲ ਸਕੇ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਨੂੰ ਨਿੱਜੀ ਜਾਂ ਦਲ-ਵਾਦੀ ਸਿਆਸਤ ਤੋਂ ਉੱਪਰ ਉੱਠ ਕੇ ਪੰਥਕ ਅਤੇ ਧਾਰਮਿਕ ਮਸਲਿਆਂ 'ਤੇ ਇਕਜੁੱਟ ਹੋਣ ਦੀ ਲੋੜ ਹੈ। ਉਨ੍ਹਾਂ ਆਖਿਆ ਕਿ ਜਦੋਂ ਧਾਰਮਿਕ ਸੰਵੇਦਨਾਵਾਂ ਅਤੇ ਸਿੱਖ ਅਸਮਿਤਾ ਨਾਲ ਜੁੜੇ ਮਸਲੇ ਸਾਹਮਣੇ ਆਉਣ ਤਾਂ ਉਨ੍ਹਾਂ 'ਤੇ ਸਾਂਝਾ, ਸਪੱਸ਼ਟ ਅਤੇ ਦ੍ਰਿੜ੍ਹ ਰੁਖ ਅਪਣਾਇਆ ਜਾਣਾ ਚਾਹੀਦਾ ਹੈ। ਆਗੂਆਂ ਨੇ ਹੇਮਕੁੰਟ ਸਾਹਿਬ ਦੀ ਯਾਤਰਾ 'ਤੇ ਜਾਣ ਵਾਲੇ ਸਿੱਖ ਯਾਤਰੀਆਂ ਨਾਲ ਹਿਮਾਚਲ ਪ੍ਰਦੇਸ਼ ਅਤੇ ਉਤਰਾਖੰਡ ਵਿੱਚ ਹੋ ਰਹੀਆਂ ਵਧੀਕੀਆਂ ਦੀ ਵੀ ਤਿੱਖੇ ਸ਼ਬਦਾਂ ਵਿੱਚ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿ ਕੁਝ ਥਾਵਾਂ 'ਤੇ ਸਿੱਖ ਯਾਤਰੀਆਂ ਨਾਲ ਬਦਸਲੂਕੀ, ਹਮਲਿਆਂ ਅਤੇ ਧੱਕੇਸ਼ਾਹੀ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ, ਜੋ ਗੰਭੀਰ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਦੋਵਾਂ ਰਾਜਾਂ ਦੀਆਂ ਸਰਕਾਰਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਘਟਨਾਵਾਂ ਨੂੰ ਤੁਰੰਤ ਰੋਕਿਆ ਜਾਵੇ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਨਾਲ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਸਿੱਖ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕਿ ਇਸ ਮਸਲੇ ਨੂੰ ਪੂਰੀ ਗੰਭੀਰਤਾ ਨਾਲ ਸੰਬੰਧਿਤ ਸਰਕਾਰਾਂ ਅੱਗੇ ਉਠਾਇਆ ਜਾਵੇ, ਤਾਂ ਜੋ ਸਮਾਜ ਵਿੱਚ ਨਫ਼ਰਤ ਅਤੇ ਬੇਚੈਨੀ ਦਾ ਮਾਹੌਲ ਪੈਦਾ ਨਾ ਹੋਵੇ।

# ਲੋੜਵੰਦ ਲੋਕਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ



**ਚੌਕ ਮਹਿਤਾ, 24 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋ ਲੋੜਵੰਦ ਲੋਕਾ ਨੂੰ ਫਰੀ ਰਸੋਈ ਦਾ ਸਮਾਨ ਅਤੇ ਅਨਾਜ ਵੰਡਣ ਦੀ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਨ ਦਲਬੀਰ ਸਿੰਘ ਟੌਂਗ ਅਤੇ ਸੰਜੀਵ ਭੰਡਾਰੀ ਪ੍ਰਧਾਨ ਨਗਰ ਪੰਚਾਇਤ ਰਈਆ ਦੇ ਦਿਸ਼ਾ-ਨਿਰਦੇਸ਼ਾ ਹੇਠ ਵਾਰਡ ਨੰਬਰ 3 ਤੋਂ ਨੌਜਵਾਨ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਡੀਪੂ ਹੋਲਡਰ ਇਕਬਾਲ ਸਿੰਘ ਦੇ ਅਨਾਜ ਡੀਪੂ ਤੇ ਲਾਭਪਾਤਰੀਆਂ ਨੂੰ ਕਣਕ ਅਤੇ ਅਨਾਜ ਦੀਆ ਕਿੱਟਾ ਵੰਡੀਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਕਿਹਾ ਕਿ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲੋੜਵੰਦ ਲੋਕਾਂ ਨੂੰ ਸਮਾਨ ਮਿਲਦਾ ਜਾ ਰਿਹਾ ਹੈ ਉਹਨਾਂ ਕਿਹਾ ਕਿ ਜੋ ਵੀ ਵਾਅਦਾ ਭਗਵੰਤ ਮਾਨ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤਾ ਸੀ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਤੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਖ਼ੁਸ਼ ਹਨ ਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਬਣੇਗੀ। ਇਸ ਮੌਕੇ ਸੂਬੇਦਾਰ ਤਰਸੇਮ ਸਿੰਘ, ਨੰਬਰਦਾਰ ਭੁਪਿੰਦਰ ਸਿੰਘ, ਸੰਦੀਪ ਸਿੰਘ, ਐਡਵੋਕੇਟ ਲੱਖਾ ਸਿੰਘ ਆਜ਼ਾਦ, ਕੁਲਦੀਪ ਸਿੰਘ, ਰਜਿੰਦਰ ਸਿੰਘ, ਭੁਪਿੰਦਰ ਸਿੰਘ ਮਾਨ, ਦਿਲਬਾਗ ਸਿੰਘ, ਜਗਰੂਪ ਸਿੰਘ ਡੈਨੀ, ਜਸਪਾਲ ਸਿੰਘ ਆਦਿ ਹਾਜਰ ਸਨ ਹਾਜਰ ਸਨ ।

# ਪ੍ਰਮਾਤਮਾ ਦਾ ਸਿਮਰਨ ਕਰਨ ਨਾਲ ਦੁੱਖ ਦੂਰ ਹੁੰਦੇ ਹਨ : ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਜੋਤੀਸਰ ਵਾਲੇ

**ਚੌਕ ਮਹਿਤਾ 24 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਹਲਕਾ ਜੰਡਿਆਲਾ ਗੁਰੂ ਸਮਾਜ ਸੇਵੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਜੋਤੀਸਰ ਜੰਡਿਆਲਾ ਗੁਰੂ ਵਾਲਿਆਂ ਨੇ ਧਾਰਮਿਕ ਸਮਾਗਮ ਦੌਰਾਨ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦੀ ਪ੍ਰੇਰਣਾ ਦਿੰਦਿਆਂ ਕਿਹਾ ਕਿ ਮਨੁੱਖੀ ਜੀਵਨ ਵਿੱਚ ਆਉਣ ਵਾਲੇ ਦੁੱਖ-ਕਲੇਸ਼ਾਂ ਤੋਂ ਮੁਕਤੀ ਪਾਉਣ ਲਈ ਵਾਹਿਗੁਰੂ ਦੇ ਨਾਮ ਦਾ ਸਿਮਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਜੋ ਵਿਅਕਤੀ ਸੱਚੇ ਦਿਲ ਨਾਲ ਨਾਮ ਜਪਦਾ ਹੈ, ਉਸ ਦੇ ਮਨ ਨੂੰ ਸ਼ਾਂਤੀ ਮਿਲਦੀ ਹੈ ਅਤੇ ਜੀਵਨ ਸੁਖਮਈ ਬਣਦਾ ਹੈ। ਸੰਤ ਬਾਬਾ ਬਿਬੇਕ ਸਿੰਘ ਜੀ ਜੰਡਿਆਲਾ ਗੁਰੂ ਗੁਰਦੁਆਰਾ ਨਾਨਕਸਰ ਸਾਹਿਬ ਜੋਤੀਸਰ



ਵਾਲਿਆਂ ਨੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਬੁਰਾਈਆਂ ਤੋਂ ਦੂਰ ਰਹਿ ਕੇ ਗੁਰੂ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰਬਾਣੀ ਸਾਨੂੰ ਸਹੀ ਜੀਵਨ ਜੀਣ ਦੀ ਰਾਹ ਦਿਖਾਉਂਦੀ ਹੈ ਅਤੇ ਸਮਾਜ ਵਿੱਚ ਪਿਆਰ ਤੇ ਭਾਈਚਾਰੇ ਦੀ ਭਾਵਨਾ ਪੈਦਾ ਕਰਦੀ ਹੈ। ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਜੋਤੀਸਰ ਜੰਡਿਆਲਾ ਗੁਰੂ ਜੋ ਪਿਛੱਲੇ ਕਾਫੀ ਸਮੇਂ ਤੋਂ ਲੋੜਵੰਦਾਂ ਨੂੰ ਰਾਸ਼ਨ ਦੀ ਸੇਵਾ ਹਰ ਮਹੀਨੇ ਕਰਦੇ ਹਨ। ਅਤੇ ਲੋੜਵੰਦਾਂ ਪ੍ਰਵਾਰਾਂ ਦੀਆਂ ਧੀਆਂ ਦੇ ਆਨੰਦ ਕਾਰਜ ਵਿਆਹ ਕਰਵਾਉਣ ਵਿੱਚ ਪਹਿਲੇ ਨੰਬਰ ਤੇ ਸਮਾਜ ਸੇਵੀ ਕਾਰਜਾਂ ਵਿੱਚ ਅੱਗੇ ਰਹਿੰਦੇ ਹਨ। ਉਨ੍ਹਾਂ ਨੇ ਕਿਹਾ ਕਿ ਮੇਰਾ ਸਮੁੱਚਾ ਜੀਵਨ ਅਕਾਲੀ ਦਲ ਵਾਰਿਸ ਪੰਜਾਬ ਦੇ ਆਪਣੇ ਵਾਰਿਸਾਂ ਦੇ ਦੁੱਖ ਸੁੱਖ ਵਿੱਚ ਭਾਈਵਾਲ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਬੇਨਤੀ ਕੀਤੀ ਕਿ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੱੜ ਲੱਗੋ ਅਤੇ ਖੰਡੇ ਬਾਟੇ ਦਾ ਪਾਹੁਲ ਅਮ੍ਰਿਤ ਛੱਕ ਕੇ ਗੁਰੂ ਸਾਹਿਬ ਜੀ ਦੇ ਲੜ੍ਹ ਲੱਗੋ।

# ਬੀ.ਡੀ.ਪੀ.ਓ ਦਫ਼ਤਰ ਧੂਰੀ ਵਿਖੇ ਪਲੇਸਮੈਂਟ ਕੈਂਪ 25 ਜੂਨ ਨੂੰ, ਨੌਜਵਾਨਾਂ ਨੂੰ ਲਾਹਾ ਲੈਣ ਦੀ ਅਪੀਲ

**ਧੂਰੀ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ Security and Intelligence Services India Ltd., Vardhman Textiles Ltd., SBI Life Insurance ਕੰਪਨੀਆਂ ਨਾਲ ਤਾਲਮੇਲ ਕਰਕੇ ਮਿਤੀ: 25.06.2026 ਦਿਨ ਵੀਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਬੀ.ਡੀ.ਪੀ.ਓ ਦਫ਼ਤਰ, ਧੂਰੀ ਵਿਖੇ ਸਵੇਰੇ 9:30 ਵਜੇ ਤੋਂ ਸਵੇਰੇ 12:30 ਵਜੇ ਤੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ ਸ਼੍ਰੀਮਤੀ ਸਿੰਪੀ ਸਿੰਗਲਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੰਪਨੀ ਵੱਲੋਂ ਸਕਿਊਰਟੀ ਗਾਰਡ (ਕੇਵਲ ਲੜਕੇ ਲਈ), ਮਸ਼ੀਨ ਆਪਰੇਟਰ (ਕੇਵਲ ਲੜਕੀਆਂ ਲਈ), Graduate Sales Trainee, Development Manager, Sr. Agency Manager (ਲੜਕੇ ਅਤੇ ਲੜਕੀਆਂ ਦੋਵਾਂ ਲਈ) ਦੀ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 5ਵੀਂ,8ਵੀਂ,10ਵੀਂ, 12ਵੀਂ, ਗਰੈਜੂਏਟ, ਪੋਸਟ ਗਰੈਜੂਏਟ ਪਾਸ, ਉਮਰ 19 ਸਾਲ ਤੋਂ 40 ਸਾਲ (ਸਕਿਊਰਟੀ ਗਾਰਡ), 18 ਤੋਂ 35 ਸਾਲ (ਮਸ਼ੀਨ ਆਪਰੇਟਰ), 20 ਤੋਂ 35 ਸਾਲ (Graduate Sales Trainee, Development Manager, Sr. Agency Manager) ਲਈ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਸਕਿਊਰਟੀ ਗਾਰਡ ਦੀ ਭਰਤੀ ਲਈ ਪ੍ਰਾਰਥੀ ਦੀ ਹਾਈਟ 168 ਸੈਂਟੀਮੀਟਰ ਇੰਚ ਹੋਣੀ ਚਾਹੀਦੀ ਹੈ। ਇਹ ਭਰਤੀ ਸਾਬਕਾ ਫੌਜੀਆਂ ਵਾਸਤੇ ਨਹੀਂ ਹੈ।

ਚਾਹਵਾਨ ਅਤੇ ਯੋਗ ਪ੍ਰਾਰਥੀ ਰਜ਼ਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਮਿਲਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਸੰਤ ਗਿ. ਹਰਨਾਮ ਸਿੰਘ ਖ਼ਾਲਸਾ ਦੀ ਇੰਗਲੈਂਡ ਫੇਰੀ ਦੀ ਹੋਈ ਸੰਪੂਰਨਤਾ

# ਵੈਸਟ ਬ੍ਰਮਵਿਚ, ਸਮੈਥਿਕ, ਡਰਬੀ ਅਤੇ ਸਾਊਥਹਾਲ ਵਿਖੇ ਸ਼ਹੀਦੀ ਸਮਾਗਮਾਂ ਵਿੱਚ ਕੀਤੀ ਸ਼ਮੂਲੀਅਤ



**ਚੌਕ ਮਹਿਤਾ,24 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀ ਇੰਗਲੈਂਡ ਫੇਰੀ ਸੰਪੂਰਨ ਹੋ ਗਈ ਹੈ,ਜਿੱਥੇ ਉਹ ਇੰਗਲੈਂਡ ਦੀਆਂ ਸੰਗਤਾਂ ਦੇ ਵਿਸ਼ੇਸ਼ ਸੱਦੇ 'ਤੇ ਜੂਨ 1984 ਦੇ ਤੀਸਰੇ ਘੱਲੂਘਾਰੇ ਦੀ 42ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਕਰਵਾਏ ਗਏ ਵਿਸ਼ਾਲ ਸ਼ਹੀਦੀ ਸਮਾਗਮਾਂ 'ਚ ਸ਼ਮੂਲੀਅਤ ਕਰਨ ਲਈ ਪਹੁੰਚੇ ਸਨ।ਆਪਣੀ ਇਸ ਫੇਰੀ ਦੌਰਾਨ ਦਮਦਮੀ ਟਕਸਾਲ ਮੁਖੀ ਨੇ ਗੁਰਦੁਆਰਾ ਗੁਰੂ ਹਰਿ ਰਾਏ ਸਾਹਿਬ ਜੀ ਵੈਸਟ ਬ੍ਰਮਵਿਚ, ਗੁਰਦੁਆਰਾ ਬਾਬਾ ਸੰਘ ਜੀ ਸਮੈਥਿਕ ,ਗੁਰੂ ਅਰਜਨ ਦੇਵ ਗੁਰਦੁਆਰਾ ਡਰਬੀ ਤੇ ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਕਰਵਾਏ ਗਏ ਸ਼ਹੀਦੀ ਸਮਾਗਮਾਂ ਵਿੱਚ ਹਾਜ਼ਰੀ ਭਰੀ। ਇਸ ਮੌਕੇ ਉਨ੍ਹਾਂ ਨੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ,ਜਨਰਲ ਸੁਬੇਗ ਸਿੰਘ,ਭਾਈ ਠਾਹਰਾ ਸਿੰਘਤੇ ਭਾਇ ਅਮਰੀਕ ਸਿੰਘ ਸਮੇਤ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਗੁਰਮਤਿ ਕਥਾ-ਵਿਚਾਰ ਰਾਹੀਂ ਸੰਗਤਾਂ ਨੂੰ ਸ਼ਹੀਦਾਂ ਦੇ ਜੀਵਨ, ਸੰਘਰਸ਼ ਅਤੇ ਕੁਰਬਾਨੀਆਂ ਤੋਂ ਪ੍ਰੇਰਣਾ ਲੈਣ ਦਾ ਸੰਦੇਸ਼ ਦਿੱਤਾ। ਗੁ. ਸਿੰਘ ਸਭਾ ਸਾਊਥਹਾਲ ਵਿਖੇ ਹੋਏ ਵਿਸ਼ੇਸ਼ ਸਮਾਗਮ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ 'ਘੱਲੂਘਾਰਾ ਜੂਨ 1984 ਸ਼ਹੀਦੀ ਯਾਦਗਾਰ' ਕੰਪਲੈਕਸ ਦਾ ਉਦਘਾਟਨ ਵੀ ਕੀਤਾ। ਇਸ ਯਾਦਗਾਰ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਯਾਦਗਾਰੀ ਮਾਡਲ ਸਥਾਪਿਤ ਕੀਤਾ ਗਿਆ ਹੈ, ਜੋ ਜੂਨ 1984 ਦੇ ਸ਼ਹੀਦਾਂ ਦੀ ਪਾਵਨ ਯਾਦ ਨੂੰ ਸਮਰਪਿਤ ਹੈ। ਇਸ ਮੌਕੇ ਉਨ੍ਹਾਂ ਨੇ ਵਿਦੇਸ਼ਾਂ 'ਚ ਵੱਸਦੀਆਂ ਸਿੱਖ ਸੰਗਤਾਂ ਵੱਲੋਂ ਆਪਣੇ ਸ਼ਹੀਦਾਂ, ਇਤਿਹਾਸ ਤੇ ਪੰਥਕ ਵਿਰਸੇ ਪ੍ਰਤੀ ਦਿਖਾਏ ਪਿਆਰ, ਸਤਿਕਾਰ ਅਤੇ ਸਮਰਪਣ ਨੂੰ ਬੇਹੱਦ ਪ੍ਰੇਰਣਾਦਾਇਕ ਦੱਸਦਿਆਂ ਕਿਹਾ ਕਿ ਭਾਵੇਂ ਸਿੱਖ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿੱਚ ਵੱਸ ਰਹੇ ਹਨ, ਪਰ ਉਹ ਆਪਣੀਆਂ ਧਾਰਮਿਕ ਜੜ੍ਹਾਂ, ਗੁਰਬਾਣੀ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਪੰਥਕ ਪਰੰਪਰਾਵਾਂ ਨਾਲ ਮਜ਼ਬੂਤੀ ਨਾਲ ਜੁੜੇ ਹੋਏ ਹਨ। ਵਿਦੇਸ਼ਾਂ 'ਚ ਸਿੱਖ ਇਤਿਹਾਸ ਤੇ ਸ਼ਹੀਦਾਂ ਦੀ ਯਾਦ ਨੂੰ ਸਾਂਭਣ ਲਈ ਕੀਤੇ ਜਾ ਰਹੇ ਉਪਰਾਲੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਆਪਣੇ ਵਿਰਸੇ ਨਾਲ ਜੋੜਨ ਵਿੱਚ ਅਹਿਮ ਯੋਗਦਾਨ ਪਾ ਰਹੇ ਹਨ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਅਤੇ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ, ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਗੁਰੂ ਸਾਹਿਬਾਨ ਦੇ ਉੱਚੇ ਆਦਰਸ਼ਾਂ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕਰਨ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਆਪਣੇ ਵਿਰਸੇ ਅਤੇ ਪੰਥਕ ਅਸੂਲਾਂ ਨਾਲ ਜੁੜੀਆਂ ਰਹਿਣ। ਇਸ ਮੌਕੇ ਸੰਤ ਬਾਬਾ ਅਵਤਾਰ ਸਿੰਘ ਬੰਧਨੀ ਕਲਾਂ ਪੋਤਰੇ ਸੰਤ ਬਾਬਾ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲੇ,ਭਾਈ ਦਇਆ ਸਿੰਘ ਜੀ ਮੁੱਖ ਸੇਵਾਦਾਰ ਗੁ.ਸ੍ਰੀ ਗੁਰੂ ਹਰਰਾਏ ਸਾਹਿਬ ਜੀ, ਭਾਈ ਹਰਜੀਤ ਸਿੰਘ ਜੀ ਸਰਪੰਚ ਵਾਇਸ ਪ੍ਰਧਾਨ ਸਿੰਘ ਸਭਾ ਸਾਊਥ ਹਾਲ, ਭਾਈ ਇਸਟ ਮੀਤ ਸਿੰਘ ਫੁੱਲ, ਭਾਈ ਸੁਖਵਿੰਦਰ ਸਿੰਘ ਸੁੱਖਾ ਫਾਰਮ ਹਾਊਸ, ਭਾਈ ਬਲਵਿੰਦਰ ਸਿੰਘ ਜੀ ਚਹੇੜੂ, ਭਾਈ ਗੁਰਨਾਮ ਸਿੰਘ ਮੁੱਖ ਸੇਵਾਦਾਰ ਗੁ. ਬਾਬਾ ਸੰਗ ਜੀ, ਭਾਈ ਰੇਸ਼ਮ ਸਿੰਘ, ਭਾਈ ਰਘਬੀਰ ਸਿੰਘ ਬੀਰਾ, ਭਾਈ ਬਗੇਲ ਸਿੰਘ, ਭਾਈ ਮੱਖਣ ਸਿੰਘ, ਭਾਈ ਦਲਜੀਤ ਸਿੰਘ ਨਿਰਮਲਾ, ਭਾਈ ਖਜਾਨ ਸਿੰਘ ਡਰਬੀ, ਭਾਈ ਤੇਗਬੀਰ ਸਿੰਘ ਲੂਟਨ, ਭਾਈ ਸੁਖਦੀਪ ਸਿੰਘ ਪਤਾਰਾ, ਭਾਈ ਸਤਨਾਮ ਸਿੰਘ, ਭਾਈ ਪਰਗਣ ਸਿੰਘ, ਭਾਈ ਸੁਖਚੈਨ ਸਿੰਘ, ਭਾਈ ਜਸਵੀਰ ਸਿੰਘ, ਭਾਈ ਜਸਵੀਰ ਸਿੰਘ ਖਹਿਰਾ, ਭਾਈ ਗੁਰਿੰਦਰ ਸਿੰਘ ਘਾਲੀ, ਭਾਈ ਗੁਰਦੇਵ ਸਿੰਘ, ਭਾਈ ਦਲਜੀਤ ਸਿੰਘ, ਭਾਈ ਜਸਵਿੰਦਰ ਸਿੰਘ ਪੱਤੜ, ਭਾਈ ਜਗਵੀਰ ਸਿੰਘ, ਭਾਈ ਜੋਧਾ ਸਿੰਘ ਦਮਦਮੀ ਟਕਸਾਲ, ਭਾਈ ਅਮਨਦੀਪ ਸਿੰਘ, ਭਾਈ ਸਰਬਜੋਤ ਸਿੰਘ ਜੋਤਾ ਅਮਰਿਕਾ, ਭਾਈ ਮੇਜਰ ਸਿੰਘ ਅਮਰਿਕਾ, ਭਾਈ ਗੁਰਜੀਤ ਸਿੰਘ ਅਮਰੀਕਾ, ਭਾਈ ਜਸਵਿੰਦਰ ਸਿੰਘ ਜੱਸੀ, ਭਾਈ ਬਹਾਦਰ ਸਿੰਘ,ਭਾਈ ਦਲਜੀਤ ਸਿੰਘ ਮਰਸੇਡੀ, ਭਾਈ ਕਾਲਾ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਹਰਜੀਤ ਸਿੰਘ, ਭਾਈ ਸਤਵਿੰਦਰ ਸਿੰਘ, ਭਾਈ ਸਿਮਰਨ ਸਿੰਘ, ਭਾਈ ਕੁਲਵੀਰ ਸਿੰਘ ਜਰਮਨ, ਭਾਈ ਸੁਖਪ੍ਰੀਤ ਸਿੰਘ ਵਿਲਨਹਾਲ, ਭਾਈ ਕਰਮਜੀਤ ਸਿੰਘ, ਭਾਈ ਬਿਕਰਮਜੀਤ ਸਿੰਘ, ਭਾਈ ਸੁਰਿੰਦਰ ਪਾਲ ਸਿੰਘ ਦਿਓਲ, ਭਾਈ ਸਰਤਾਜ ਸਿੰਘ, ਭਾਈ ਬਿਕਰਮਜੀਤ ਸਿੰਘ ਜੌੜਾ ਢਾਡੀ ਜਥਾ, ਭਾਈ ਪਰਵਿੰਦਰ ਸਿੰਘ, ਭਾਈ ਸਤਨਾਮ ਸਿੰਘ ਬੁੰਬਈ, ਭਾਈ ਗੁਰਪ੍ਰੀਤ ਸਿੰਘ, ਭਾਈ ਹਰਪਾਲ ਸਿੰਘ, ਭਾਈ ਗੁਰਵਿੰਦਰ ਸਿੰਘ ਬਿੱਲਾ, ਭਾਈ ਸਰਵਣ ਸਿੰਘ ਬੁੰਬਈ, ਭਾਈ ਸੰਦੀਪ ਸਿੰਘ ਸੀਪਾ, ਭਾਈ ਰਵਿੰਦਰ ਸਿੰਘ ਬੁੰਬਈ, ਭਾਈ ਜਗਜੀਤ ਸਿੰਘ ਕਥਾ ਵਾਚਕ, ਭਾਈ ਹਰਫੂਲ ਸਿੰਘ ਰਮਣ, ਭਾਈ ਗੁਰਵੀਰ ਸਿੰਘ, ਭਾਈ ਬਲਰਾਜ ਸਿੰਘ ਸੰਧੂ, ਭਾਈ ਅਮਨਜੀਤ ਸਿੰਘ ਅਮਨਾ, ਭਾਈ ਤਰਨਜੀਤ ਸਿੰਘ ਫੁੱਲ, ਭਾਈ ਸਤਨਾਮ ਸਿੰਘ,ਭਾਈ ਹਰਿੰਦਰ ਸਿੰਘ ਸੋਨੂ, ਭਾਈ ਗੁਰਕੀਰਤ ਸਿੰਘ, ਭਾਈ ਨਵਜੀਤ ਸਿੰਘ ਨਵੀ, ਭਾਈ ਇਮਾਨ ਸਿੰਘ,ਭਾਈ ਦੀਪਕ ਸਿੰਘ, ਭਾਈ ਰਾਖਾ ਸਿੰਘ, ਭਾਈ ਨਵਜੀਤ ਸਿੰਘ ਨਵੀ, ਭਾਈ ਮਨਦੀਪ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਹਿੰਮਤ ਸਿੰਘ,ਭਾਈ ਹੁਸ਼ਿਆਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਸਤਨਾਮ ਸਿੰਘ ਸੰਘਾ,ਭਾਈ ਅਮਰਦੀਪ ਸਿੰਘ, ਭਾਈ ਰਵਿੰਦਰ ਸਿੰਘ ਪ੍ਰਧਾਨ,ਭਾਈ ਅਰਸ਼ਦੀਪ ਸਿੰਘ, ਭਾਈ ਸੁਖਰਾਜ ਸਿੰਘ, ਭਾਈ ਕਮਲਜੀਤ ਸਿੰਘ,ਭਾਈ ਹਰਬਲਪ੍ਰੀਤ ਸਿੰਘ ਤੇ ਭਾਈ ਜਗਜੀਤ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ।

### ਗੁ. ਸਿੰਘ ਸਭਾ ਸਾਊਥਹਾਲ ਵਿਖੇ 'ਘੱਲੂਘਾਰਾ ਜੂਨ 1984 ਸ਼ਹੀਦੀ ਯਾਦਗਾਰ' ਕੰਪਲੈਕਸ ਦਾ ਕੀਤਾ ਉਦਘਾਟਨ)

ਆਵਾਜ਼ਿ ਕੌਮ AWAZE QAUM International Newspaper & WEB TV

ਐੱਸ.ਆਈ.ਆਰ: 25 ਜੂਨ 2026 ਤੋਂ 24 ਜੁਲਾਈ 2026 ਤਕ ਬੀ.ਐਲ.ਓਜ. ਘਰ-ਘਰ ਜਾ ਕੇ ਮੁਹਈਆ ਕਰਵਾਉਣਗੇ ਇਨਮਰੇਸ਼ਮ ਫਾਰਮ

# ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਸਾਂਝੀ ਕੀਤੀ ਜਾਣਕਾਰੀ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਭਾਰਤ ਚੋਣ ਕਮਿਸ਼ਨ, ਨਵੀਂ ਦਿੱਲੀ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ 2026 ਸਬੰਧੀ ਜਾਰੀ ਕੀਤੀਆਂ ਗਈਆਂ ਹਦਾਇਤਾਂ ਬਾਰੇ ਜਾਣਕਾਰੀ ਦੇਣ ਲਈ ਪੂਨਮਦੀਪ ਕੌਰ, ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ, ਸੰਗਰੂਰ ਵਲੋਂ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ ਰਾਜ ਵਿੱਚ ਐੱਸ ਆਈ ਆਰ-2026 ਦੇ ਪ੍ਰੋਗਰਾਮ ਤਹਿਤ ਕਰਵਾਈਆਂ ਜਾਣ ਵਾਲੀਆਂ ਵੱਖ-ਵੱਖ ਮਿਤੀਬੱਧ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ। ਪੰਜਾਬ ਰਾਜ ਵਿੱਚ ਮਿਤੀ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ. ਘਰ-ਘਰ ਜਾ ਕੇ ਵੋਟਰ ਸੂਚੀ ਵਿੱਚ ਦਰਜ ਹਰੇਕ ਵੋਟਰ ਨੂੰ Enumeration Form (ਜਿਸ ਵਿੱਚ ਵੋਟਰਾਂ ਦੇ ਕੁਝ ਵੇਰਵੇ ਪਹਿਲਾਂ ਤੋਂ ਹੀ ਦਰਜ ਹੋਣਗੇ) ਮੁਹੱਈਆ ਕਰਵਾਉਣਗੇ।

Enumeration Form ਭਰਨ ਲਈ ਬੀ.ਐਲ.ਓਜ. ਵੋਟਰਾਂ ਦੀ ਸਹਾਇਤਾ ਵੀ ਕਰਨਗੇ। Enumeration Form ਨਾਲ ਵੋਟਰ ਵੱਲੋਂ ਆਪਣੀ ਮੌਜੂਦਾ ਫੋਟੋ ਦੇਣੀ ਲਾਜ਼ਮੀ ਹੋਵੇਗੀ ਪਰੰਤੂ Enumeration Form ਨਾਲ ਕੋਈ ਵੀ ਹੋਰ ਦਸਤਾਵੇਜ਼ ਇਕੱਠੇ ਨਹੀਂ ਕੀਤੇ ਜਾਣਗੇ। ਜੇਕਰ ਫੀਲਡ ਵਿਜ਼ਟ ਦੌਰਾਨ ਕਿਸੇ ਵੋਟਰ ਦਾ ਘਰ ਬੰਦ ਜਾਂ ਲਾਕਡ ਪਾਇਆ ਜਾਂਦਾ ਹੈ ਤਾਂ ਬੀ.ਐਲ.ਓਜ਼. ਸਬੰਧਤ ਵੋਟਰਾਂ ਦੇ Enumeration Form ਸਮੇਤ Information slip (ਜਿਸ 'ਤੇ ਬੀ.ਐਲ.ਓ ਦੇ ਵੇਰਵੇ ਦਰਜ ਕੀਤੇ ਹੋਣ) ਨੱਥੀ ਕਰਕੇ ਘਰ ਵਿੱਚ ਸੁੱਟ ਦੇਣਗੇ ਅਤੇ ਘਰ ਦੇ ਬਾਹਰ Sticker ਚਿਪਕਾਉਂਣਗੇ (ਜਿਸ 'ਤੇ 56 ਇਕੱਠੇ ਕਰਨ ਸਬੰਧੀ ਕੀਤੇ ਜਾਣ ਵਾਲੇ ਦੌਰਿਆਂ ਦੇ ਵੇਰਵੇ ਦਰਜ ਕੀਤੇ ਜਾਣੇ ਹਨ)। ਬੀ.ਐੱਲ.ਓਜ Enumeration Form ਪ੍ਰਾਪਤ ਕਰਨ ਲਈ ਇਸ ਸਮੇਂ ਦੌਰਾਨ ਘੱਟੋ-ਘੱਟ ਤਿੰਨ ਵਾਰ ਸਬੰਧਤ ਘਰਾਂ ਦਾ ਦੌਰਾ ਕਰਨਗੇ।

ਐੱਸ.ਆਈ.ਆਰ. ਦੇ ਸ਼ਿਡਊਲ ਮੁਤਾਬਿਕ ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ ਮਿਤੀ 03.08.2026 ਨੂੰ ਕੀਤੀ ਜਾਣੀ ਹੈ। ਦਾਅਵੇ ਅਤੇ ਇਤਰਾਜ਼ ਮਿਤੀ 03.08.2026 ਤੋਂ ਮਿਤੀ 02.09.2026 ਤਕ ਲਏ ਜਾਣਗੇ, ਜਿਹਨਾਂ ਦਾ ਨਿਪਟਾਰਾ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਵੱਲੋਂ ਮਿਤੀ 03.08.2026 ਤੋਂ 28.09.2026 ਤਕ ਕਰਦੇ ਹੋਏ ਮਿਤੀ 01.10.2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ। ਐੱਸ.ਆਈ.ਆਰ. ਸਬੰਧੀ ਜਾਣਕਾਰੀ ਦੇਣ ਅਤੇ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਚੋਣ ਦਫਤਰ, ਸੰਗਰੂਰ ਵਿਖੇ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਰਾਜਨੀਤਿਕ ਪਾਰਟੀਆਂ ਨਾਲ ਮਿਤੀ 23.06.2026 ਨੂੰ ਕੀਤੀ ਗਈ ਮੀਟਿੰਗ ਦੌਰਾਨ ਉਨ੍ਹਾਂ ਨੂੰ ਬੂਥ ਲੈਵਲ ਏਜੰਟ ਨਿਯੁਕਤ ਕਰਨ ਦੀ ਅਪੀਲ ਕੀਤੀ ਗਈ ਹੈ ਤਾਂ ਜੋ ਇਹ ਪ੍ਰਕਿਰਿਆ ਨਿਰਵਿਘਨ ਢੰਗ ਨਾਲ ਮੁਕੰਮਲ ਕੀਤੀ ਜਾ ਸਕੇ। ਉਨ੍ਹਾਂ ਨੇ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਪ੍ਰਕਿਰਿਆ ਦੌਰਾਨ ਬੀ.ਐੱਲ.ਓਜ਼ ਅਤੇ ਚੋਣ ਅਮਲੇ ਨੂੰ ਪੂਰਾ ਸਹਿਯੋਗ ਦੇਣ ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਅਤੇ ਪਾਰਦਰਸ਼ੀ ਬਣਾਇਆ ਜਾ ਸਕੇ। ਇਸ ਮੌਕੇ ਸ਼੍ਰੀ ਅੰਕੁਰ ਮਹਿੰਦਰੂ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸੰਗਰੂਰ ਅਤੇ ਸ਼੍ਰੀਮਤੀ ਪਰਮਜੀਤ ਕੌਰ, ਚੋਣ ਤਹਿਸੀਲਦਾਰ ਵੀ ਹਾਜ਼ਰ ਸਨ।

# ਬਾਹਰਲੀਆਂ ਸਟੇਟਾਂ ਵਿਚ ਸਿੱਖਾਂ ਨਾਲ ਹੋ ਰਹੀਆਂ ਜਿਆਦਤੀਆਂ ਬਾਰੇ ਸਮੂਹ ਸਿੱਖ ਤੇ ਕਿਸਾਨ ਜਥੇਬੰਦੀਆਂ ਫਿਰੋਜ਼ਪੁਰ ਨੇ ਲਿਆ ਗੰਭੀਰ ਨੋਟਿਸ







ਫ਼ਿਰੋਜ਼ਪੁਰ, 24 ਜੂਨ (ਮਨੋਹਰ ਲਾਲ) :— ਜ਼ਿਲ੍ਹਾ ਫਿਰੋਜ਼ਪੁਰ ਦੀਆਂ ਸਮੂਹ ਸਿੱਖ ਅਤੇ ਕਿਸਾਨ ਜਥੇਬੰਦੀਆਂ ਦਾ ਭਾਰੀ ਇਕੱਠ ਖਾਲਸਾ ਗੁਰਦੁਆਰਾ ਫਿਰੋਜ਼ਪੁਰ ਛਾਉਣੀ ਵਿਖੇ ਹੋਇਆ। ਅੱਜ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਸਿੱਖ ਸੰਗਤਾਂ ਵਿੱਚ ਭਾਰੀ ਰੋਸ਼ ਪਾਇਆ ਜਾ ਰਿਹਾ ਸੀ ਕਿ ਜਦੋਂ ਸਿੰਘ ਆਪਣੇ ਧਾਰਮਿਕ ਤੀਰਥਾਂ ਦੇ ਦਰਸ਼ਨ ਕਰਨ ਲਈ ਉਤਰਾਖੰਡ, ਹਿਮਾਚਲ, ਨਾਂਦੇੜ ਸਾਹਿਬ ਜਾਂਦੇ ਹਨ ਤਾਂ ਸਿੱਖਾਂ ਦਾ ਧਾਰਮਿਕ ਚਿੰਨ੍ਹ ਕਿਰਪਾਨ, ਕੜਾ, ਨਿਸ਼ਾਨ ਸਾਹਿਬ, ਦਸਤਾਰ ਦੀ ਸ਼ਰਾਰਤੀ ਅਨਸਰਾਂ ਵੱਲੋਂ ਬਿਅਦਬੀ ਕੀਤੀ ਜਾਂਦੀ ਹੈ, ਸਿੱਖ ਨੌਜਵਾਨਾਂ ਨਾਲ਼ ਕੁੱਟ ਮਾਰ ਕੀਤੀ ਜਾਂਦੀ ਹੈ, ਜਿਸ ਨੂੰ ਸਿੱਖ ਕਦੀਂ ਵੀ ਬਰਦਾਸ਼ਤ ਨਹੀਂ ਕਰਨਗੇ, ਸਿੱਖਾਂ ਦੇ ਇਹ ਧਾਰਮਿਕ ਚਿੰਨ੍ਹ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸਿੱਖਾਂ ਨੂੰ ਬਖ਼ਸ਼ੇ ਸਨ। ਉਨ੍ਹਾਂ ਕਿਹਾ ਕਿ ਸਾਡੇ ਸਵਿਧਾਨ ਵਿੱਚ ਵੀ ਸਿੱਖਾਂ ਨੂੰ ਵੱਡੀ ਕਿਰਪਾਨ ਰੱਖਣ ਦੀ ਇਜਾਜ਼ਤ ਮਿਲੀ ਹੋਈ ਹੈ, ਇਸੇ ਕਿਰਪਾਨ ਨਾਲ਼ ਸਿੱਖਾਂ ਨੇ ਦੇ ਦੇਸ਼ ਨੂੰ ਆਜ਼ਾਦ ਕਰਾਉਣ ਲਈ 80 ਪ੍ਰਤੀਸਤ ਕੁਰਬਾਨੀਆਂ ਦਿੱਤੀਆਂ ਹਨ ਅਤੇ ਸਿੱਖਾਂ ਨਾਲ ਹੋ ਰਹੇ ਜ਼ੁਲਮ ਨੂੰ ਕਦੀ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅੱਜ ਵੱਡੀ ਗਿਣਤੀ ਵਿੱਚ ਸਿੱਖ ਜਥੇਬੰਦੀਆਂ ਨੇ ਫਿਰੋਜ਼ਪੁਰ ਵਿਖੇ ਰੋਸ ਮਾਰਚ ਕੱਢ ਕੇ ਪ੍ਰਦਰਸਨ ਕੀਤਾ ਅਤੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਰਾਹੀਂ ਉਤਰਾਖੰਡ, ਹਿਮਾਚਲ ਪ੍ਰਦੇਸ਼ ਆਦਿ ਦੇ ਮੁੱਖ ਮੰਤਰੀਆਂ ਨੂੰ ਸਿਖਾਂ ਨਾਲ ਹੋ ਰਹੀਆਂ ਜਿਆਦਤੀਆਂ ਨੂੰ ਰੋਕਣ ਲਈ ਸੁਨੇਹਾ ਭੇਜਿਆ। ਅੱਜ ਜ਼ਿਲ੍ਹਾ ਫਿਰੋਜ਼ਪੁਰ ਦੀਆਂ ਸਮੂਹ ਜਥੇਬੰਦੀਆਂ ਨੇ ਇੱਕ ਵੱਡਾ ਫੈਸਲਾ ਕੀਤਾ ਕਿ ਪੰਥ, ਪੰਜਾਬ ਅਤੇ ਕਿਸਾਨ ਹਿੱਤਾਂ ਦੀ ਰਾਖੀ ਲਈ ਸਾਂਝੇ ਤੌਰ ਤੇ ਪ੍ਰੋਗਰਾਮਾ ਕੀਤੇ ਜਾਣਗੇ। ਸਿੱਖ ਜਥੇਬੰਦੀਆਂ ਦੇ ਆਗੂ ਹਰਜਿੰਦਰ ਸਿੰਘ ਅਕਾਲੀ ਦਲ ਵਾਰਿਸ ਪੰਜਾਬ, ਗੁਰਚਰਨ ਸਿੰਘ ਭੁੱਲਰ ਅਕਾਲੀ ਦਲ ਅੰਮ੍ਰਿਤਸਰ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਅਕਾਲੀ ਦਲ ਪੁਨਰ ਸੁਰਜੀਤ, ਭਾਈ ਬਲਕਾਰ ਸਿੰਘ ਆਗੂ ਪੰਜ ਪਿਆਰੇ, ਦਵਿੰਦਰ ਸਿੰਘ ਸੇਖੋਂ ਅਤੇ ਮਾਨ ਸਿੰਘ ਕਿਲੀ ਮਿਸਾਲ ਸਤਿਲੁਜ, ਕੁਲਵੰਤ ਸਿੰਘ ਬਾਬਾ ਬੁੱਢਾ ਸਾਹਿਬ ਗ੍ਰੰਥੀ ਸਭਾ, ਹਿਮੰਤ ਸਿੰਘ ਏਕ ਨੂਰ ਖਾਲਸਾ ਫੌਜ, ਜਸਪਾਲ ਸਿੰਘ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਬਾਬਾ ਬੋਹੜ ਸਿੰਘ ਤੂਤ, ਸੁਬੇਦਾਰ ਚਰਨ ਸਿੰਘ ਕੀਰਤੀ ਚੱਕਰ, ਜਸਬੀਰ ਸਿੰਘ ਭੁੱਲਰ, ਡਾ: ਮੋਹਨ ਸਿੰਘ ਲਾਲਕਾ, ਗੁਰਦੀਪ ਸਿੰਘ, ਕੁਲਵੰਤ ਸਿੰਘ, ਗਿਆਨ ਸਿੰਘ ਮੰਡ, ਬਾਬਾ ਸਤਿਨਾਮ ਸਿੰਘ ਵੱਲੀਆ ਇੰਟਰਨੈਸ਼ਨਲ ਪੰਥਕ ਦਲ, ਅਵਤਾਰ ਸਿੰਘ ਮਹਿਮਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਖੋਸਾ ਪ੍ਰਮਜੀਤ ਸਿੰਘ ਬਜੀਦਪੁਰ, ਕਿਸਾਨ ਬਚਾਓ ਮੋਰਚਾ ਗੋਮਾ ਸਿੰਘ, ਕਰਨੈਲ ਸਿੰਘ ਭਾਵੜਾ, ਹਰਦੇਵ ਸਿੰਘ ਹਾਮਦ, ਕੁਲਵੰਤ ਸਿੰਘ ਸੈਦੋਕੇ ਰੁਹੇਲਾ, ਬਲਜਿੰਦਰ ਸਿੰਘ ਮੈਨੇਜਰ ਆਦਿ ਸੰਗਤਾਂ ਸਮੇਤ ਹਾਜ਼ਰ ਹੋਏ।

# ਮੁੱਖ ਮੰਤਰੀ ਦਾ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਟਕਰਾਅ ਆਮ ਆਦਮੀ ਪਾਰਟੀ ਨੂੰ ਲੈ ਡੁੱਬੇਗਾ: ਪੰਮਾ ਬਾਠ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਅਤੇ ਸਿੱਖਾਂ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਦਰਮਿਆਨ ਵਧ ਰਹੀ ਖਿੱਚੋਤਾਣ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਮੁੱਖ ਮੰਤਰੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲਿਆਂ ਅਤੇ ਮਰਿਆਦਾ ਨੂੰ ਚੁਣੌਤੀ ਦੇਣਾ ਸਿੱਧੇ ਤੌਰ 'ਤੇ ਸਿੱਖ ਭਾਵਨਾਵਾਂ ਨਾਲ ਖਿਲਵਾੜ ਹੈ ਅਤੇ ਮੁੱਖ ਮੰਤਰੀ ਦਾ ਹੰਕਾਰੀ ਰਵੱਈਆ ਆਮ ਆਦਮੀ ਪਾਰਟੀ (ਆਪ) ਦੀ ਸਿਆਸੀ ਬੇੜੀ ਨੂੰ ਪੂਰੀ ਤਰ੍ਹਾਂ ਡੋਬ ਦੇਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕੀਤਾ।ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਉਹ ਸਰਵਉੱਚ ਅਸਥਾਨ ਹੈ, ਜਿੱਥੇ ਵੱਡੇ-ਵੱਡੇ ਮਹਾਰਾਜੇ ਅਤੇ ਜਰਨੈਲ ਵੀ ਸੀਸ ਝੁਕਾਉਂਦੇ ਰਹੇ ਹਨ। ਪਰ ਮੌਜੂਦਾ ਮੁੱਖ ਮੰਤਰੀ ਆਪਣੀ ਸਿਆਸੀ ਤਾਕਤ ਦੇ ਨਸ਼ੇ ਵਿੱਚ ਅੰਨ੍ਹੇ ਹੋ ਕੇ ਇਸ ਮਹਾਨ ਸੰਸਥਾ ਦੇ ਅਧਿਕਾਰ ਖੇਤਰ ਅਤੇ ਫੈਸਲਿਆਂ 'ਤੇ ਉਂਗਲ ਉਠਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਸਭ ਕੁਝ ਦਿੱਲੀ ਬੈਠੇ ਆਕਾਵਾਂ ਦੇ ਇਸ਼ਾਰੇ 'ਤੇ ਪੰਜਾਬ ਦੀ ਸਿੱਖ ਸਿਆਸਤ ਅਤੇ ਧਾਰਮਿਕ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੀ ਇੱਕ ਗਿਣੀ-ਮਿੱਥੀ ਸਾਜਿਬ ਰਹਿਤ ਕੀਤਾ

ਜਾ ਰਿਹਾ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਗਵਾਹ ਹੈ ਕਿ ਜਿਸ ਸਿਆਸੀ ਆਗੂ ਜਾਂ ਪਾਰਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਸਿੰਧਾ ਟਕਰਾਅ ਲਿਆ ਹੈ, ਉਸਦਾ ਖਾਮਿਆਜ਼ਾ ਉਨ੍ਹਾਂ ਨੂੰ ਸਿਆਸੀ ਅਤੇ ਸਮਾਜਿਕ ਤੌਰ 'ਤੇ ਭੁਗਤਣਾ ਪਿਆ ਹੈ। ਕਾਂਗਰਸ ਅਤੇ ਅਕਾਲੀ ਦਲ ਵਰਗੀਆ ਰਵਾਇਤੀ ਪਾਰਟੀਆਂ ਦਾ ਹਸਰ ਸਭ ਦੇ ਸਾਹਮਣੇ ਹੈ। ਜੇਕਰ 'ਆਪ' ਸਰਕਾਰ ਨੇ ਵੀ ਇਹੀ ਰਾਹ ਫੜੀ ਰੱਖਿਆ, ਤਾਂ ਇਸ ਦਾ ਪੰਜਾਬ ਵਿੱਚੋਂ ਮੁਕੰਮਲ ਸਫਾਇਆ ਤੈਅ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਅਤੇ ਸੂਬੇ ਦੀ ਤਰੱਕੀ ਲਈ 'ਆਪ' ਨੂੰ ਵੋਟਾਂ ਪਾਈਆਂ ਸਨ, ਨਾਂ ਕਿ ਧਾਰਮਿਕ ਮਸਲਿਆਂ ਵਿੱਚ ਦਖ਼ਲਅੰਦਾਜ਼ੀ ਕਰਕੇ ਮਾਹੌਲ ਖ਼ਰਾਬ ਕਰਨ ਲਈ। ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਨੇ ਤੁਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਸਵੀਕਾਰ ਨਾ ਕੀਤਾ ਜਾ ਆਪਣੀ ਜਿੰਦ ਨਾ ਛੱਡੀ, ਤਾਂ ਪੰਜਾਬ ਦੇ ਸੂਝਵਾਨ ਲੋਕ ਆਉਣ ਵਾਲੀਆਂ ਚੋਣਾਂ ਵਿੱਚ 'ਆਪ' ਨੂੰ ਅਜਿਹਾ ਸਬਕ ਸਿਖਾਉਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਨਿਸ਼ਕਾ ਏਅਰ ਕਾਂਡ ਦੇ ਸੱਚ ਨੂੰ ਦੱਬਣ ਦੀਆਂ ਕੋਸ਼ਿਸ਼ਾਂ ਖ਼ਿਲਾਫ਼

# ਵੈਨਕੂਵਰ ਸਥਿਤ ਸਟੈਨਲੀ ਪਾਰਕ 'ਚ ਬੁਲੰਦ ਹੋਈ ਆਵਾਜ਼









ਆਵਾਜ਼ਿ ਕੌਮ AWAZE QAUM International Newspaper & WEB TV

**ਨਵੀਂ ਦਿੱਲੀ, 24 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਕੈਨੇਡਾ ਦੇ ਵੈਨਕੂਵਰ ਸਥਿਤ ਸਟੈਨਲੀ ਪਾਰਕ ਵਿੱਚ ਕਨਿਸ਼ਕਾ ਯਾਦਗਾਰ ਸਥਾਨ 'ਤੇ ਭਾਵਨਾਵਾਂ, ਸਵਾਲਾਂ ਅਤੇ ਇਨਸਾਫ਼ ਦੀ ਮੰਗ ਦਾ ਅਹਿਮ ਮੰਜ਼ਰ ਵੇਖਣ ਨੂੰ ਮਿਲਿਆ, ਜਿੱਥੇ ਸਿੱਖਸ ਫਾਰ ਜਸਟਿਸ ਅਤੇ ਖਾਲਿਸਤਾਨ ਹਮਾਇਤੀ ਸਿੱਖਾਂ ਵੱਲੋਂ 1985 ਦੇ ਏਅਰ ਇੰਡੀਆ ਫਲਾਈਟ 182 (ਕਨਿਸ਼ਕਾ) ਧਮਾਕੇ ਵਿੱਚ ਮਾਰੇ ਗਏ 329 ਬੇਗੁਨਾਹ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ 'ਤੇ ਤਲਵਿੰਦਰ ਸਿੰਘ ਪਰਮਾਰ ਦਾ ਵੱਡਾ ਬੈਨਰ ਵੀ ਪ੍ਰਦਰਸ਼ਿਤ ਕੀਤਾ ਗਿਆ, ਜਦਕਿ ਕਨਿਸ਼ਕਾ ਕਾਂਡ ਦੀ ਪੂਰੀ ਸੱਚਾਈ ਸਾਹਮਣੇ ਲਿਆਉਣ ਅਤੇ ਸਾਰੇ ਤੱਥ ਜਨਤਾ ਅੱਗੇ ਰੱਖਣ ਲਈ ਸੁਤੰਤਰ ਜਾਂਚ ਦੀ ਮੰਗ ਇੱਕ ਵਾਰ ਫਿਰ ਜ਼ੋਰ ਨਾਲ ਉੱਠੀ। ਸਮਾਗਮ ਦੌਰਾਨ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਅਧਿਕਾਰੀ ਰੰਗਸੰਗ ਨੂੰ ਖਾਲਿਸਤਾਨ ਹਮਾਇਤੀ ਸਿੱਖਾਂ ਦੇ ਸਖ਼ਤ ਵਿਰੋਧ ਦਾ ਸਾਹਮਣਾ ਕਰਨਾ ਪਿਆ। ਮੌਕੇ 'ਤੇ ਬੋਲਣ ਵਾਲੇ ਸਿੱਖ ਆਗੂਆਂ ਨੇ ਕਿਹਾ ਕਿ ਉਹ ਦੌਰ ਲੰਘ ਗਿਆ ਜਦੋਂ ਹਰ 23 ਜੂਨ ਨੂੰ ਭਾਰਤੀ ਨੁਮਾਇੰਦੇ ਯਾਦਗਾਰ ਸਥਾਨ 'ਤੇ ਪਹੁੰਚ ਕੇ ਇਸ ਮਾਮਲੇ ਦੀ ਇੱਕ-ਪੱਖੀ ਵਿਆਖਿਆ ਪੇਸ਼ ਕਰਦੇ ਸਨ। ਉਨ੍ਹਾਂ ਕਿਹਾ ਕਿ ਹੁਣ ਹਰ ਸਾਲ 23 ਜੂਨ ਨੂੰ ਸਿੱਖ ਯਾਦਗਾਰ 'ਤੇ ਪਹੁੰਚ ਕੇ ਕੇਵਲ ਸ਼ਰਧਾਂਜਲੀ ਹੀ ਨਹੀਂ ਦਿੰਦੇ, ਸਗੋਂ ਕੈਨੇਡੀਅਨ ਜਨਤਾ ਅੱਗੇ ਇਨਸਾਫ਼, ਜਵਾਬਦੇਹੀ ਅਤੇ ਪੂਰੇ ਸੱਚ ਦੀ ਮੰਗ ਵੀ ਪੂਰੇ ਵਿਸ਼ਵਾਸ ਨਾਲ ਰੱਖਦੇ ਹਨ। ਇਸ ਇਕੱਠ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਨਰਿੰਦਰ ਸਿੰਘ ਰੰਧਾਵਾ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਟਸਫੋਰਡ ਤੋਂ ਕਰਨੈਲ ਸਿੰਘ ਟੁੱਟ, ਰਣਜੀਤ ਸਿੰਘ ਚਾਹਲ, ਰਣਜੀਤ ਸਿੰਘ ਖਾਲਸਾ, ਐਸਐਫਜੇ ਦੇ ਮਨਜਿੰਦਰ ਸਿੰਘ ਖਾਲਸਾ, ਟੀਮ ਸ਼ਹੀਦ ਨਿੱਝਰ ਤੋਂ ਭਾਈ ਜੈਗ ਸਿੰਘ ਸਿੱਧੂ, ਭਾਈ ਦਲਜੀਤ ਸਿੰਘ, ਭਾਈ ਪਵਨਦੀਪ ਸਿੰਘ ਬਾਸੀ, ਭਾਈ ਭੁਪਿੰਦਰ ਸਿੰਘ ਢੇਸੀ, ਭਾਈ ਰਜਿੰਦਰ ਸਿੰਘ, ਭਾਈ ਰਜਿੰਦਰ ਸਿੰਘ ਨੱਤ ਅਤੇ ਭਾਈ ਸਲਿੰਦਰ ਸਿੰਘ ਸਮੇਤ ਕਈ ਹੋਰ ਸਿੱਖ ਆਗੂ ਅਤੇ ਸੰਗਤ ਹਾਜ਼ਰ ਰਹੇ। ਇਸ ਮੌਕੇ 'ਤੇ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ 1985 ਦੇ ਕਨਿਸ਼ਕਾ (ਏਅਰ ਇੰਡੀਆ ਫਲਾਈਟ 182) ਬੰਬ ਧਮਾਕੇ ਸਬੰਧੀ ਕੈਨੇਡਾ ਸਰਕਾਰ ਨੂੰ ਮੁੜ ਸੁਤੰਤਰ ਜਾਂਚ ਖੋਲ੍ਹਣੀ ਚਾਹੀਦੀ ਹੈ, ਤਾਂ ਜੋ ਇਸ ਦੁਖਦਾਈ ਘਟਨਾ ਦੇ ਪਿੱਛੇ ਲੁਕੇ ਅਸਲ ਤੱਥ, ਜਵਾਬਦੇਹ ਤੱਤ ਅਤੇ ਸਾਰੀ ਹਕੀਕਤ ਲੋਕਾਂ ਸਾਹਮਣੇ ਆ ਸਕੇ। ਉਨ੍ਹਾਂ ਕਿਹਾ ਕਿ ਇਤਿਹਾਸ ਦੇ ਇਨ੍ਹਾਂ ਖੂਨੀ ਸਫ਼ਿਆਂ 'ਤੇ ਪਿਆ ਧੁੰਦਲਾ ਪਰਦਾ ਹਟਾਉਣਾ ਸਮੇਂ ਦੀ ਲੋੜ ਹੈ, ਕਿਉਂਕਿ ਇਨਸਾਫ਼ ਤਦੋਂ ਹੀ ਸੰਭਵ ਹੈ ਜਦੋਂ ਸੱਚ ਬੇਧੜਕ ਸਾਹਮਣੇ ਆਵੇ। ਉਨ੍ਹਾਂ ਇਹ ਵੀ ਦੱਸਿਆ ਕਿ ਖਾਲਿਸਤਾਨ ਰੈਫਰੈਂਡਮ ਦੀ ਵੋਟਿੰਗ ਦਾ ਅਗਲਾ ਪੜਾਅ 16 ਅਗਸਤ ਨੂੰ ਇੰਡਿਆਨਾਪੋਲਿਸ, ਇੰਡਿਆਨਾ ਵਿੱਚ ਹੋਵੇਗਾ, ਜਿਸ ਲਈ ਤਿਆਰੀਆਂ ਜ਼ੋਰਾਂ 'ਤੇ ਹਨ।

**329 ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ; ਤਲਵਿੰਦਰ ਸਿੰਘ ਪਰਮਾਰ ਦਾ ਬੈਨਰ ਪ੍ਰਦਰਸ਼ਿਤ, ਭਾਰਤੀ ਕੌਂਸਲੇਟ ਅਧਿਕਾਰੀ ਰੰਗਸੰਗ ਦਾ ਹੋਇਆ ਭਾਰੀ ਵਿਰੋਧ**

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਨਗਰ ਕੌਂਸਲ ਦੇ ਨਵੇਂ ਚੁਣੇ ਅਹੁਦੇਦਾਰਾਂ ਤੇ ਕੌਂਸਲਰਾਂ ਨਾਲ ਬਾਬਾ ਭਾਈ ਮੂਲ ਚੰਦ ਸਾਹਿਬ ਦੇ ਦਰਬਾਰ ਵਿਖੇ ਮੱਥਾ ਟੇਕਿਆ

# ਸੁਨਾਮ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੀਤੀ ਅਰਦਾਸ

**ਸੁਨਾਮ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਅੱਜ ਸੁਨਾਮ ਵਿਖੇ ਸਥਿਤ ਬਾਬਾ ਭਾਈ ਮੂਲ ਚੰਦ ਸਾਹਿਬ ਦੇ ਪਵਿੱਤਰ ਦਰਬਾਰ ਵਿਖੇ ਨਤਮਸਤਕ ਹੋਏ ਅਤੇ ਇਲਾਕੇ ਦੀ ਖੁਸ਼ਹਾਲੀ, ਲੋਕਾਂ ਦੀ ਚੜ੍ਹਦੀ ਕਲਾ, ਭਾਈਚਾਰਕ ਸਾਂਝ ਅਤੇ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਅਰਦਾਸ ਕੀਤੀ। ਸ਼੍ਰੀ ਅਰੋੜਾ ਨੇ ਕਿਹਾ ਕਿ ਧਾਰਮਿਕ ਅਸਥਾਨ ਸਾਨੂੰ ਨਿਮਰਤਾ, ਸੇਵਾ ਅਤੇ ਮਨੁੱਖਤਾ ਦਾ ਸੰਦੇਸ਼ ਦਿੰਦੇ ਹਨ ਅਤੇ ਸਮਾਜ ਨੂੰ ਇਕਜੁੱਟ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਨਗਰ ਕੌਂਸਲ ਸੁਨਾਮ ਦੇ ਨਵੇਂ ਚੁਣੇ ਗਏ ਅਹੁਦੇਦਾਰ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ, ਜਿਨ੍ਹਾਂ ਵਿੱਚ ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ, ਸੀਨੀਅਰ ਮੀਤ ਪ੍ਰਧਾਨ ਯਾਦਵਿੰਦਰ ਸਿੰਘ ਨਿਰਮਾਣ, ਮੀਤ ਪ੍ਰਧਾਨ ਮੀਨਾ ਰਾਣੀ ਅਤੇ ਹੋਰ ਨਗਰ ਕੌਂਸਲਰ ਸ਼ਾਮਲ ਸਨ। ਨਵੀਂ ਟੀਮ ਦੀ ਮੌਜੂਦਗੀ ਨੂੰ ਸ਼ਹਿਰ ਦੇ ਵਿਕਾਸ ਲਈ ਇੱਕ ਸਕਾਰਾਤਮਕ ਕਦਮ ਦੱਸਦਿਆਂ ਸ਼੍ਰੀ ਅਮਨ ਅਰੋੜਾ ਨੇ ਵਿਸ਼ਵਾਸ ਜਤਾਇਆ ਕਿ ਇਹ ਟੀਮ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਅੱਜ ਤੋਂ ਨਵੇਂ ਚੁਣੇ ਅਹੁਦੇਦਾਰਾਂ ਅਤੇ ਹੋਰ ਕੌਂਸਲਰਾਂ ਨੇ ਆਪਣੇ ਕੰਮ ਦੀ ਸ਼ੁਰੂਆਤ ਕਰਨੀ ਹੈ। ਕੰਮ ਦੀ ਸ਼ੁਰੂਆਤ ਤੋਂ ਪਹਿਲਾਂ ਸਾਰੀ ਟੀਮ ਇਸ ਪਵਿੱਤਰ ਅਸਥਾਨ ਉੱਤੇ ਮੱਥਾ ਟੇਕ ਕੇ ਆਸ਼ੀਰਵਾਦ ਪ੍ਰਾਪਤ ਕਰਨ ਪੁੱਜੀ ਤਾਂ ਜੋ ਬਾਬਾ ਭਾਈ ਮੂਲ ਚੰਦ ਸਾਹਿਬ ਦਾ ਅਸ਼ੀਰਵਾਦ ਸਾਰੀ ਟੀਮ ਤੇ ਸਦਾ ਬਣਿਆ ਰਹੇ ਅਤੇ ਅਤੇ ਸੁਨਾਮ ਸ਼ਹਿਰ ਲਗਾਤਾਰ ਤਰੱਕੀ ਕਰੇ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਸ਼ਹਿਰ ਦੇ ਵਿਕਾਸ ਲਈ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਨਗਰ ਕੌਂਸਲ ਦੀ ਨਵੀਂ ਟੀਮ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਮਿਲੇਗੀ। ਉਨ੍ਹਾਂ ਕਿਹਾ ਕਿ ਪਿਛਲੇ ਸਵਾ ਚਾਰ ਸਾਲਾਂ ਦੌਰਾਨ ਸ਼ਹਿਰ ਵਿੱਚ ਰਿਕਾਰਡ ਤੋੜ ਵਿਕਾਸ ਕਾਰਜ ਹੋਏ ਹਨ ਅਤੇ ਹੁਣ ਆਉਣ ਵਾਲੇ ਸਮੇਂ ਵਿੱਚ ਇਹ ਵਿਕਾਸ ਦੀ ਰਫ਼ਤਾਰ ਹੋਰ ਵੀ ਦੁੱਗਣੀ ਤੇ ਚੌਗੁਣੀ ਕੀਤੀ ਜਾਵੇਗੀ। ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣਾ, ਸੜਕਾਂ, ਸੀਵਰੇਜ, ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਅਤੇ ਹੋਰ ਜਨਹਿੱਤੀ ਕੰਮਾਂ ਨੂੰ ਤਰਜੀਹ ਦੇ ਕੇ ਸੁਨਾਮ ਨੂੰ ਇੱਕ ਮਾਡਲ ਸ਼ਹਿਰ ਵਜੋਂ ਵਿਕਸਤ ਕਰਨ ਲਈ ਸਰਕਾਰ ਵਚਨਬੱਧ ਹੈ। ਪ੍ਰਬੰਧਕ ਕਮੇਟੀ ਵੱਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਨਗਰ ਕੌਂਸਲ ਦੇ ਸਮੂਹ ਅਹੁਦੇਦਾਰਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਕਮੇਟੀ ਦੇ ਮੈਂਬਰ ਮੋਹਨ ਸਰੂਪ ਜੋਸ਼ੀ, ਬਲਬੀਰ ਜੋਸ਼ੀ , ਸੁਰਿੰਦਰ ਮੋਦਗਿਲ, ਬਲਦੇਵ ਸਿੰਘ ਜੋਸ਼ੀ ਅਮਰਜੀਤ ਸਿੰਘ ਜੋਸ਼ੀ, ਅਜੀਤ ਸਰੂਪ ਜੋਸ਼ੀ ਨੇ ਕੈਬਨਿਟ ਮੰਤਰੀ ਅਮਨ ਅਰੋੜਾ, ਮਨਪ੍ਰੀਤ ਬਾਂਸਲ, ਯਾਦਵਿੰਦਰ ਸਿੰਘ ਨਿਰਮਾਣ, ਮੀਨਾ ਰਾਣੀ ਅਤੇ ਹੋਰ ਕੌਂਸਲਰਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਸੰਜੇ ਕੁਮਾਰ ਸੰਜੂ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ ਅਤੇ ਉਨ੍ਹਾਂ ਦੇ ਲੋਕ ਭਲਾਈ ਦੇ ਕੰਮਾਂ ਦੀ ਸ਼ਲਾਘਾ ਕੀਤੀ ਗਈ।



ਆਵਾਜ਼ਿ ਕੌਮ AWAZE QAUM International Newspaper & WEB TV

# ਰਮਨਦੀਪ ਸਿੰਘ ਸੀਂਗੋ ਯੂਥ ਕਾਂਗਰਸ ਜਿਲ੍ਹਾ ਬਠਿੰਡਾ ਦਾ ਉਪ ਪ੍ਰਧਾਨ ਚੁਣਿਆ ਗਿਆ



**ਤਲਵੰਡੀ ਸਾਬੋ, 24 ਜੂਨ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਯੂਥ ਕਾਂਗਰਸ ਦੇ ਜਥੇਬੰਦਕ ਢਾਂਚੇ ਦੇ ਵਿਸਥਾਰ ਲਈ ਪਿਛਲੇ ਸਮੇਂ 'ਚ ਪਈਆਂ ਵੋਟਾਂ ਦੀ ਬੀਤੇ ਕੱਲ੍ਹ ਗਿਣਤੀ ਉਪਰੰਤ ਐਲਾਨੇ ਨਤੀਜਿਆਂ ਮੁਤਾਬਿਕ ਰਮਨਦੀਪ ਸਿੰਘ ਸੀਂਗੋ ਨੂੰ ਯੂਥ ਕਾਂਗਰਸ ਜਿਲ੍ਹਾ ਬਠਿੰਡਾ ਦਾ ਉਪ ਪ੍ਰਧਾਨ ਚੁਣਿਆ ਗਿਆ ਹੈ। ਇੱਥੇ ਦੱਸਣਾ ਬਣਦਾ ਹੈ ਕਿ ਰਮਨਦੀਪ ਸਿੰਘ ਸੀਂਗੋ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ ਚ ਕਾਂਗਰਸ ਵੱਲੋਂ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਦੀ ਟੀਮ ਦੇ ਮੋਹਰੀ ਆਗੂਆਂ 'ਚ ਗਿਣੇ ਜਾਂਦੇ ਹਨ। ਪ੍ਰੈੱਸ ਬਿਆਨ 'ਚ ਰਮਨਦੀਪ ਸਿੰਘ ਸੀਂਗੋ ਨੇ ਜਿੱਥੇ ਉਸਨੂੰ ਵੋਟਾਂ ਪਾਉਣ ਵਾਲੇ ਯੂਥ ਕਾਂਗਰਸੀਆਂ ਦਾ ਧੰਨਵਾਦ ਕੀਤਾ ਹੈ ਉੱਥੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ, ਗੁਰਬਾਜ਼ ਸਿੰਘ ਸਿੱਧੂ ਅਤੇ ਆਲਾਕਮਾਨ ਆਗੂਆਂ ਦਾ ਉਨਾਂ ਤੇ ਵਿਸ਼ਵਾਸ ਪ੍ਰਗਟਾਉਣ ਲਈ ਵੀ ਸ਼ੁਕਰੀਆ ਅਦਾ ਕੀਤਾ ਹੈ। ਉਸਨੇ ਯਕੀਨ ਦਵਾਇਆ ਕਿ ਉਹ ਵੱਧ ਤੋਂ ਵੱਧ ਨੌਜਵਾਨਾਂ ਨੂੰ ਯੂਥ ਕਾਂਗਰਸ ਨਾਲ ਜੋੜਨ ਲਈ ਦਿਨ ਰਾਤ ਮਿਹਨਤ ਕਰੇਗਾ। ਉੱਧਰ ਰਮਨਦੀਪ ਸਿੰਘ ਸੀਂਗੋ ਦੇ ਜਿਲ੍ਹਾ ਯੂਥ ਕਾਂਗਰਸ ਉਪ ਪ੍ਰਧਾਨ ਚੁਣੇ ਜਾਣ 'ਤੇ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਨਵਇੰਦਰ ਸਿੰਘ ਨਵੀ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਗੁਰਾਦਿੱਤਾ ਸਿੰਘ ਸੀਂਗੋ, ਡੂੰਗਰ ਸਿੰਘ ਸੀਂਗੋ, ਜਿਲ੍ਹਾ ਯੂਥ ਕਾਂਗਰਸ ਜਨਰਲ ਸਕੱਤਰ ਸੁਖਵੀਰ ਸਿੰਘ ਸਿੱਧੂ, ਸੀਨੀਅਰ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਭੋਲਾ ਸਿੰਘ ਕਲਾਲਵਾਲਾ, ਭਾਗ ਸਿੰਘ ਕਾਕਾ, ਬਹਾਦਰ ਸਿੰਘ ਲੇਲੇਵਾਲਾ ਤੇ ਹਰਦੇਵ ਸਿੰਘ ਫੌਜੀ ਨੰਗਲਾ ਤਿੰਨੇ ਸਾਬਕਾ ਸਰਪੰਚ, ਤਰਸੇਮ ਲਾਲੇਆਣਾ, ਡਾ. ਮਲਕੀਤ ਮਿਰਜ਼ੇਆਣਾ, ਸੁਰਜੀਤ ਸ਼ਰਮਾ ਜਗਾ ਰਾਮ ਤੀਰਥ, ਹਰਪਾਲ ਗਿੱਲ ਗਾਟਵਾਲੀ, ਦਰਸ਼ਨ ਗਿੱਲ, ਬਲਵੰਤ ਸਿੰਘ ਲੇਲੇਵਾਲਾ, ਮਨਪ੍ਰੀਤ ਸਿੰਘ ਸ਼ੇਖਪੁਰਾ, ਬਹਾਦਰ ਸਿੰਘ ਲੇਲੇਵਾਲਾ, ਸੁੱਖੀ ਮੈਨੂੰਆਣਾ, ਜੱਗਾ ਸਿੰਘ ਬੰਗੀ, ਗੁਰਵਿੰਦਰ ਦੁੱਨੇਵਾਲਾ, ਸੇਵਕ ਤੰਗਰਾਲੀ, ਗੁਰਮੇਲ ਲਾਲੇਆਣਾ, ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ, ਜਗਤਾਰ ਨੰਬਰਦਾਰ ਭਾਗੀਵਾਂਦਰ, ਰਵਿੰਦਰ ਸਿੰਘ ਸੀਂਗੋ, ਗੁਲਾਬ ਕੈਲੇਵਾਂਦਰ, ਗੁਰਮੀਤ ਸਿੰਘ ਤਿਉਣਾ, ਟਹਿਲ ਸਿੰਘ ਲਹਿਰੀ, ਅੰਗਰੇਜ ਗਾਂਧੀ, ਜਸਪਾਲ ਭਗਵਾਨਪੁਰਾ ਆਦਿ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਸ ਨਾਲ ਇਲਾਕੇ ਚ ਯੂਥ ਕਾਂਗਰਸ ਹੋਰ ਮਜ਼ਬੂਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਖਵੀਰ ਸਿੰਘ ਸਿੱਧੂ ਯੂਥ ਕਾਂਗਰਸ ਜਿਲ੍ਹਾ ਬਠਿੰਡਾ ਦੇ ਜਨਰਲ ਸਕੱਤਰ ਚੁਣੇ ਗਏ



**ਤਲਵੰਡੀ ਸਾਬੋ, 24 ਜੂਨ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਯੂਥ ਕਾਂਗਰਸ ਦੇ ਜਥੇਬੰਦਕ ਢਾਂਚੇ ਦੇ ਵਿਸਥਾਰ ਲਈ ਪਿਛਲੇ ਸਮੇਂ 'ਚ ਨੌਜਵਾਨਾਂ ਵੱਲੋਂ ਵੱਖ-ਵੱਖ ਅਹੁਦਿਆਂ ਲਈ ਪਾਈਆਂ ਗਈਆਂ ਵੋਟਾਂ ਦੇ ਲੰਘੀ ਸ਼ਾਮ ਐਲਾਨੇ ਗਏ ਨਤੀਜਿਆਂ ਮੁਤਾਬਿਕ ਸੁਖਵੀਰ ਸਿੰਘ ਸਿੱਧੂ (ਹੈਪੀ ਬਹਿਮਣ) ਨੂੰ ਯੂਥ ਕਾਂਗਰਸ ਜਿਲ੍ਹਾ ਬਠਿੰਡਾ ਦਾ ਜਨਰਲ ਸਕੱਤਰ ਚੁਣਿਆ ਗਿਆ ਹੈ। ਇੱਥੇ ਦੱਸਣਾ ਬਣਦਾ ਹੈ ਕਿ ਸੁਖਵੀਰ ਸਿੰਘ ਸਿੱਧੂ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ 'ਚ ਕਾਂਗਰਸ ਵੱਲੋਂ ਵਿਚਰ ਰਹੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਦੇ ਅਤਿ ਕਰੀਬੀਆਂ 'ਚ ਗਿਣੇ ਜਾਂਦੇ ਹਨ। ਅੱਜ ਇੱਥੋਂ ਜਾਰੀ ਪ੍ਰੈੱਸ ਬਿਆਨ 'ਚ ਸੁਖਵੀਰ ਸਿੰਘ ਸਿੱਧੂ ਨੇ ਜਿੱਥੇ ਉਨਾਂ ਨੂੰ ਵੋਟਾਂ ਪਾਉਣ ਵਾਲੇ ਯੂਥ ਕਾਂਗਰਸੀਆਂ ਅਤੇ ਹੋਰਨਾਂ ਨੌਜਵਾਨਾਂ ਦਾ ਧੰਨਵਾਦ ਕੀਤਾ ਹੈ। ਉੱਥੇ ਉਨਾਂ ਨੇ ਜੀਤਮਹਿੰਦਰ ਸਿੰਘ ਸਿੱਧੂ, ਗੁਰਬਾਜ਼ ਸਿੰਘ ਸਿੱਧੂ ਅਤੇ ਆਲਾਕਮਾਨ ਆਗੂਆਂ ਦਾ ਉਨਾਂ ਤੇ ਵਿਸ਼ਵਾਸ ਪ੍ਰਗਟਾਉਣ ਲਈ ਵੀ ਸ਼ੁਕਰੀਆ ਅਦਾ ਕੀਤਾ। ਉਨਾਂ ਯਕੀਨ ਦਵਾਇਆ ਕਿ ਉਹ ਵੱਧ ਤੋਂ ਵੱਧ ਨੌਜਵਾਨਾਂ ਨੂੰ ਯੂਥ ਕਾਂਗਰਸ ਨਾਲ ਜੋੜਨ ਲਈ ਦਿਨ ਰਾਤ ਮਿਹਨਤ ਕਰੇਗਾ। ਉਧਰ ਸੁਖਵੀਰ ਸਿੰਘ ਸਿੱਧੂ ਦੇ ਜਿਲ੍ਹਾ ਯੂਥ ਕਾਂਗਰਸ ਜਨਰਲ ਸਕੱਤਰ ਚੁਣੇ ਜਾਣ ਤੇ ਹਲਕੇ ਦੇ ਸੀਨੀਅਰ ਕਾਂਗਰਸੀ ਆਗੂਆਂ ਨਵਇੰਦਰ ਸਿੰਘ ਨਵੀ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਕ੍ਰਿਸ਼ਨ ਯਾਦਵ,ਗੁਰਾਦਿੱਤਾ ਸਿੰਘ ਸੀਂਗੋ, ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਬੰਗੀ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਬਚਿੱਤਰ ਸਿੰਘ ਸਾਬਕਾ ਉਪ ਚੇਅਰਮੈਨ, ਭਾਗ ਸਿੰਘ ਕਾਕਾ, ਬਹਾਦਰ ਸਿੰਘ ਲੇਲੇਵਾਲਾ ਤੇ ਹਰਦੇਵ ਸਿੰਘ ਫੌਜੀ ਨੰਗਲਾ ਤਿੰਨੇ ਸਾਬਕਾ ਸਰਪੰਚ, ਭੋਲਾ ਸਿੰਘ ਕਲਾਲਵਾਲਾ, ਤਰਸੇਮ ਲਾਲੇਆਣਾ, ਡਾ. ਮਲਕੀਤ ਮਿਰਜ਼ੇਆਣਾ, ਦਰਸ਼ਨ ਗਿੱਲ, ਬਲਵੰਤ ਸਿੰਘ ਲੇਲੇਵਾਲਾ, ਮਨਪ੍ਰੀਤ ਸਿੰਘ ਸ਼ੇਖਪੁਰਾ, ਗੁਰਜੀਤ ਸਿੰਘ ਰੋਮਾਣਾ, ਬਹਾਦਰ ਸਿੰਘ ਲੇਲੇਵਾਲਾ, ਸੁੱਖੀ ਮੈਨੂੰਆਣਾ, ਜੱਗਾ ਸਿੰਘ ਬੰਗੀ, ਗੁਰਵਿੰਦਰ ਦੁੱਨੇਵਾਲਾ, ਡੂੰਗਰ ਸਿੰਘ ਸੀਂਗੋ, ਹਰਪਾਲ ਪੰਚ ਗਾਟਵਾਲੀ, ਸੇਵਕ ਤੰਗਰਾਲੀ, ਗੁਰਮੇਲ ਲਾਲੇਆਣਾ, ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ, ਜਗਤਾਰ ਨੰਬਰਦਾਰ ਭਾਗੀਵਾਂਦਰ, ਸੁਰਜੀਤ ਸ਼ਿੰਦੀ ਜਗਾ, ਹਰਜਿੰਦਰ ਸਿੰਘ ਜਿੰਦਾ, ਧਰਵਿੰਦਰ ਢਿੱਲੋਂ ਗਿਆਨਾ, ਰਵਿੰਦਰ ਸਿੰਘ ਸੀਂਗੋ, ਗੁਲਾਬ ਕੈਲੇਵਾਂਦਰ, ਤਰਸੇਮ ਮਾਨਵਾਲਾ, ਚਰਨਜੀਤ ਕੋਟਬਖਤੂ, ਸੁਖਦੀਪ ਕਣਕਵਾਲ, ਗੁਰਮੀਤ ਸਿੰਘ ਤਿਉਣਾ, ਟਹਿਲ ਸਿੰਘ ਲਹਿਰੀ, ਅੰਗਰੇਜ ਗਾਂਧੀ, ਜਸਪਾਲ ਭਗਵਾਨਪੁਰਾ ਆਦਿ ਨੇ ਖ਼ੁਸ਼ੀ ਪ੍ਰਗਟ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਇਸ ਨਾਲ ਹਲਕੇ ਚ ਯੂਥ ਕਾਂਗਰਸ ਹੋਰ ਮਜ਼ਬੂਤ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਡੇਰਾ ਬਾਬਾ ਸੰਧਿਆ ਦਾਸ ਜਗਾ ਰਾਮ ਤੀਰਥ ਵਿਖੇ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ





ਤਲਵੰਡੀ ਸਾਬੋ, 24 ਜੂਨ (ਗੁਰਜੰਟ ਸਿੰਘ ਨਥੇਹਾ)- ਨੇੜਲੇ ਪਿੰਡ ਜਗਾਰਾਮ ਤੀਰਥ ਵਿਖੇ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸ਼ਹੀਦੀ ਦਿਹਾੜੇ ਦੇ ਸਮਰਪਿਤ ਸਹਿਜ ਪਾਠਾਂ ਦੇ ਭੋਗ ਪਾਏ ਗਏ। ਇਸ ਦੌਰਾਨ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਬਾਬਾ ਬਾਦਲ ਸਿੰਘ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀਆਂ ਸਿੱਖਿਆਵਾਂ ਅਤੇ ਜੀਵਨ ਸਬੰਧੀ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਮੌਕੇ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਸ਼ਹੀਦੀ ਸੱਚ ਧਰਮ ਸਵੈਮਾਣ ਅਣਖ਼ ਆਬਰੂ ਵਾਲਾ ਜੀਵਨ ਜਿਉਣ ਦੀ ਪ੍ਰੇਰਨਾ ਦਿੰਦੀ ਹੈ। ਇਸ ਮੌਕੇ ਬਾਬਾ ਹਰਬੰਸ ਦਾਸ ਜੀ ਨੇ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬਾਬਾ ਅਮਰਜੀਤ ਸਿੰਘ, ਅੰਮ੍ਰਿਤਾਪਲ ਸਿੰਘ, ਮੇਜਰ ਸਿੰਘ ਸਰਪੰਚ, ਗੁਰਪ੍ਰੀਤ ਸਿੰਘ ਸਰਪੰਚ, ਜੱਗਾ ਸਿੱਧੂ ਕਲੱਬ ਪ੍ਰਧਾਨ, ਡਾ. ਰੇਸ਼ਮ ਸਿੰਘ, ਮੰਦਰ ਸਿੰਘ ਪ੍ਰਧਾਨ, ਬਿੱਕਰ ਸਿੰਘ ਬਲਾਕ ਸੰਮਤੀ ਮੈਂਬਰ, ਜਗਸੀਰ ਸਿੰਘ ਰਿਟਾਇਰ ਇੰਸਪੈਕਟਰ, ਗੋਰਾ ਸਿੱਧੂ, ਪਾਲ ਚਹਿਲ ਗੁਰਮਨ ਮੌੜ, ਚਰਨਾ ਗਿੱਲ, ਜਸਵੀਰ ਸਿੱਧੂ, ਗੁਰਮੀਤ ਸਿੰਘ, ਤਰਲੋਚਨ ਜੈਲਦਾਰ, ਭਿੰਦਰ ਸ਼ਰਮਾ ਆਦਿ ਹਾਜ਼ਰ ਸਨ।

**ਪੰਜਾਬ ਦੇ ਪਿੰਡ ਦੇਸ਼ ਵਿੱਚ ਸਭ ਤੋਂ ਵੱਧ ਵਿਕਸਤ ਹੋਣਗੇ; ਸਰਪੰਚਾਂ ਨੂੰ ਅੱਗੇ ਹੋ ਕੇ ਬਦਲਾਅ ਦੀ ਅਗਵਾਈ ਕਰਨੀ ਚਾਹੀਦੀ ਹੈ- ਮੁੱਖ ਮੰਤਰੀ ਭਗਵੰਤ ਸਿੰਘ ਮਾਨ**

# ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਫੰਡਾਂ ਦੀ ਕਦੇ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ






**ਬਠਿੰਡਾ, 24 ਜੂਨ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਰਪੰਚਾਂ ਨੂੰ ਪੇਂਡੂ ਪੰਜਾਬ ਦੇ ਬਦਲਾਅ ਦੀ ਅਗਵਾਈ ਕਰਨ ਦਾ ਸੱਦਾ ਦਿੱਤਾ ਅਤੇ ਸਪੱਸ਼ਟ ਕੀਤਾ ਕਿ ਪੰਜਾਬ ਨੂੰ ਦੇਸ਼ ਦਾ ਸਭ ਤੋਂ ਵੱਧ ਵਿਕਸਤ ਸੂਬਾ ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸੂਬੇ ਦੇ ਪਿੰਡ ਦੇਸ਼ ਵਿੱਚ ਸਭ ਤੋਂ ਵੱਧ ਵਿਕਸਤ ਹੋ ਕੇ ਉਭਰਨੇ ਚਾਹੀਦੇ ਹਨ। ਰਾਮਪੁਰਾ ਫੂਲ ਅਤੇ ਤਲਵੰਡੀ ਸਾਬੋ ਦੇ ਸਰਪੰਚਾਂ ਅਤੇ ਪੰਚਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਕਾਰਜ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੇ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਫੰਡਾਂ ਦੀ ਵਰਤੋਂ ਇਸ ਤਰੀਕੇ ਨਾਲ ਕਰਨ, ਜਿਸ ਨਾਲ ਸਮਾਜ ਦੇ ਹਰ ਵਰਗ ਨੂੰ ਲਾਭ ਮਿਲੇ, ਜਦਕਿ ਸਿੱਖਿਆ, ਪੇਂਡੂ ਬੁਨਿਆਦੀ ਢਾਂਚੇ ਅਤੇ ਟਿਕਾਊ ਵਿਕਾਸ ਨੂੰ ਪਹਿਲ ਦਿੱਤੀ ਜਾਵੇ। ਮੁੱਖ ਮੰਤਰੀ ਨੇ ਪਿੰਡਾਂ ਦੇ ਵਿਕਾਸ ਅਤੇ ਸਿੰਚਾਈ ਨਾਲ ਸਬੰਧਤ ਮੁੱਦਿਆਂ ਦੀ ਵੀ ਸਮੀਖਿਆ ਕੀਤੀ ਅਤੇ ਕਿਸਾਨਾਂ ਲਈ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਅਤੇ ਪੰਜਾਬ ਦੀ ਤਰੱਕੀ ਤੇ ਖ਼ੁਸ਼ਹਾਲੀ ਦੀ ਰਫ਼ਤਾਰ ਤੇਜ਼ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਸਰਪੰਚ ਮਿਲਣੀ ਦੀਆਂ ਕੁਝ ਝਲਕੀਆਂ ਐਕਸ ਉੱਤੇ ਸਾਂਝੀਆਂ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ: "ਰਾਮਪੁਰਾ ਫੂਲ ਅਤੇ ਤਲਵੰਡੀ ਸਾਬੋ ਦੇ ਸਰਪੰਚਾਂ ਅਤੇ ਪੰਚਾਂ ਨਾਲ ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਚਰਚਾ ਕੀਤੀ ਗਈ। ਸਾਰਿਆਂ ਨੇ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਨੌਕਰੀਆਂ ਦੇਣ ਅਤੇ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਲਈ ਸਰਕਾਰ ਦੇ ਯਤਨਾਂ ਦਾ ਸਵਾਗਤ ਕੀਤਾ। ਪੇਂਡੂ ਵਿਕਾਸ ਅਤੇ ਕਿਸਾਨਾਂ ਲਈ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਪੰਜਾਬ ਦੇ ਵਿਕਾਸ ਅਤੇ ਪ੍ਰਗਤੀ ਦਾ ਇਹ ਸਫ਼ਰ ਨਿਰੰਤਰ ਜਾਰੀ ਰਹੇਗਾ।" 'ਸਰਪੰਚ ਮਿਲਣੀ' ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਵਿੱਚ ਸਭ ਤੋਂ ਔਖੀ ਚੋਣ ਸਰਪੰਚ ਦੀ ਹੁੰਦੀ ਹੈ ਕਿਉਂਕਿ ਉਹ ਹੀ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਜੁੜੇ ਹੁੰਦੇ ਹਨ। ਉਨ੍ਹਾਂ ਕਿਹਾ, "ਸਰਪੰਚ ਪਿੰਡ ਦਾ ਮੁਖੀ ਹੁੰਦਾ ਹੈ ਅਤੇ ਇੱਕ ਚੰਗਾ ਸਰਪੰਚ ਪਿੰਡ ਦੀ ਨੁਹਾਰ ਬਦਲ ਸਕਦਾ ਹੈ ਅਤੇ ਲੋਕਾਂ ਦੀ ਖ਼ੁਸ਼ਹਾਲੀ ਯਕੀਨੀ ਬਣਾ ਸਕਦਾ ਹੈ। ਅਸਲ ਵਿੱਚ ਸਰਪੰਚ ਉਹ ਨੀਂਹ ਹਨ, ਜਿਸ 'ਤੇ ਲੋਕਤੰਤਰ ਦਾ ਥੰਮ੍ਹ ਖੜ੍ਹਾ ਹੈ, ਜਿਸ ਕਾਰਨ ਉਹ ਸਮਾਜ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਹਨ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਦੇ ਪੱਧਰ 'ਤੇ ਸਮੱਸਿਆਵਾਂ ਨੂੰ ਜਾਣਨ ਲਈ ਇਹ ਲੋਕ ਮਿਲਣੀਆਂ ਵਿਲੱਖਣ ਪਹਿਲਕਦਮੀ ਹਨ। ਉਨ੍ਹਾਂ ਕਿਹਾ ਕਿ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਹੈ, ਪਰ ਪਿੰਡਾਂ ਵਿੱਚ ਇਨ੍ਹਾਂ ਦੀ ਵਰਤੋਂ ਸਹੀ ਅਤੇ ਇਮਾਨਦਾਰੀ ਨਾਲ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ, "ਦੋਸ਼ ਕਿਸੇ 'ਤੇ ਵੀ ਲਗਾਏ ਜਾ ਸਕਦੇ ਹਨ, ਪਰ ਸਹੀ ਸਰਪੰਚ ਹੀ ਪਿੰਡਾਂ ਦੇ ਵਿਕਾਸ ਦਾ ਧੁਰਾ ਹੁੰਦੇ ਹਨ। ਪਹਿਲਾਂ ਪਿਛਲੀਆਂ ਸਰਕਾਰਾਂ ਦਾ ਗ੍ਰਾਂਟਾਂ ਵਿੱਚ ਹਿੱਸਾ ਹੁੰਦਾ ਸੀ, ਜਿਸ ਕਾਰਨ ਵਿਕਾਸ ਕਾਰਜ ਪ੍ਰਭਾਵਿਤ ਹੁੰਦੇ ਸਨ। ਹੁਣ ਪਿੰਡਾਂ ਨੂੰ ਵੱਡੀ ਮਾਤਰਾ ਵਿੱਚ ਗ੍ਰਾਂਟਾਂ ਆ ਰਹੀਆਂ ਹਨ ਅਤੇ ਉਹ ਦਿਨ ਦੂਰ ਨਹੀਂ ਜਦੋਂ ਇਸ ਪੈਸੇ ਨਾਲ ਸੂਬੇ ਦੇ ਪਿੰਡਾਂ ਦੀ ਪੂਰੀ ਤਰ੍ਹਾਂ ਕਾਇਆ-ਕਲਪ ਹੋ ਜਾਵੇਗੀ। ਸਰਪੰਚਾਂ ਨੂੰ ਵਿਕਾਸ ਕਾਰਜਾਂ ਨੂੰ ਪਹਿਲ ਦੇਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਫੰਡ ਇਸ ਤਰੀਕੇ ਨਾਲ ਖ਼ਰਚ ਕੀਤੇ ਜਾਣੇ ਚਾਹੀਦੇ ਹਨ ਕਿ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲੇ। ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਲਾਇਬ੍ਰੇਰੀਆਂ, ਸਕੂਲਾਂ ਦੀ ਉਸਾਰੀ ਅਤੇ ਸੋਲਰ ਲਾਈਟਾਂ ਲਗਾਉਣ ਨੂੰ ਪਹਿਲ ਦਿੱਤੀ ਜਾਣੀ ਚਾਹੀਦੀ ਹੈ ਅਤੇ ਉਸ ਤੋਂ ਬਾਅਦ ਗਲੀਆਂ-ਨਾਲੀਆਂ ਨੂੰ, ਤਾਂ ਜੋ ਪਿੰਡਾਂ ਦਾ ਸਰਵਪੱਖੀ ਵਿਕਾਸ ਯਕੀਨੀ ਬਣਾਇਆ ਜਾ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸੂਬੇ ਦੇ ਵਿਕਾਸ ਨੂੰ ਤੇਜ਼ ਕਰਨ ਲਈ ਇਹ ਬਹੁਤ ਜ਼ਰੂਰੀ ਹੈ ਅਤੇ ਸਮੇਂ ਦੀ ਲੋੜ ਹੈ ਤਾਂ ਜੋ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਇਆ ਜਾ ਸਕੇ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪਿੰਡਾਂ ਦੀਆਂ ਪੰਚਾਇਤਾਂ ਲੋਕਤੰਤਰੀ ਪ੍ਰਣਾਲੀ ਦਾ ਸਭ ਤੋਂ ਮਹੱਤਵਪੂਰਨ ਅੰਗ ਹਨ ਅਤੇ ਪੇਂਡੂ ਖੇਤਰਾਂ ਦੇ ਵਿਕਾਸ ਵਿੱਚ ਸਹਾਇਕ ਰਹੀਆਂ ਹਨ। ਉਨ੍ਹਾਂ ਦੁਹਰਾਇਆ ਕਿ ਉਨ੍ਹਾਂ ਦੀ ਸਰਕਾਰ ਸਰਪੰਚਾਂ ਨੂੰ ਹਰ ਸੰਭਵ ਸਹਾਇਤਾ ਅਤੇ ਸਹਿਯੋਗ ਦੇਣ ਲਈ ਵਚਨਬੱਧ ਹੈ ਕਿਉਂਕਿ ਉਹ ਸਮੁੱਚੇ ਪੇਂਡੂ ਵਿਕਾਸ ਦੀ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਂਦੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਚਾਇਤਾਂ ਅਤੇ ਸਰਪੰਚ ਸੂਬਾ ਸਰਕਾਰ ਦੀਆਂ ਅਸਲ ਅੱਖਾਂ ਅਤੇ ਕੰਨ ਹਨ ਕਿਉਂਕਿ ਉਹ ਜ਼ਮੀਨੀ ਪੱਧਰ 'ਤੇ ਜਨਤਾ ਨਾਲ ਚੰਗੀ ਤਰ੍ਹਾਂ ਜੁੜੇ ਹੋਏ ਹਨ। ਉਨ੍ਹਾਂ ਕਿਹਾ, "ਪੰਚਾਇਤਾਂ ਨੂੰ ਲੋਕਤੰਤਰ ਦੀ ਨੀਂਹ ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਉਨ੍ਹਾਂ ਕੋਲ ਅਥਾਹ ਸ਼ਕਤੀ ਹੁੰਦੀ ਹੈ ਅਤੇ ਉਨ੍ਹਾਂ ਦੇ ਫੈਸਲਿਆਂ ਨੂੰ ਪੂਰਾ ਪਿੰਡ ਸਤਿਕਾਰ ਨਾਲ ਮੰਨਦਾ ਹੈ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਨੇ ਸਰਪੰਚਾਂ ਨੂੰ ਇਹ ਤਾਕਤ ਦਿੱਤੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਸਰਪੰਚਾਂ ਦਾ ਮੁੱਢਲਾ ਫ਼ਰਜ਼ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੰਸਥਾਵਾਂ ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਯੋਜਨਾਵਾਂ ਦੇ ਲਾਭਾਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਜ਼ਰੀਏ ਵਜੋਂ ਕੰਮ ਕਰਦੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਨੀਤੀਆਂ ਸੂਬਾ ਸਰਕਾਰ ਵੱਲੋਂ ਬਣਾਈਆਂ ਜਾਂਦੀਆਂ ਹਨ ਅਤੇ ਸਰਪੰਚ ਤੇ ਪੰਚ ਇਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸਾਰੇ ਸਰਪੰਚਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਪ ਨੂੰ ਵਿਕਾਸ ਕਾਰਜਾਂ ਲਈ ਮੁੜ ਸਮਰਪਿਤ ਕਰਨ ਅਤੇ ਵਿਕਾਸ ਕਾਰਜਾਂ ਤੇ ਸੇਵਾਵਾਂ ਦੀ ਨਿਗਰਾਨੀ ਪੂਰੀ ਤਨਦੇਹੀ ਨਾਲ ਯਕੀਨੀ ਬਣਾਉਣ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਰਪੰਚਾਂ ਨੂੰ ਇੱਕ ਸਪੱਸ਼ਟ ਸੱਦਾ ਦਿੱਤਾ ਕਿ ਉਹ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੇ ਨਾਜਾਇਜ਼ ਦਖ਼ਲ ਤੋਂ ਦੂਰ ਰਹਿਣ। ਉਨ੍ਹਾਂ ਕਿਹਾ, "ਇਹ ਮੰਦਭਾਗਾ ਹੈ ਕਿ ਅਤੀਤ ਵਿੱਚ ਪਿੰਡਾਂ ਵਿੱਚ ਵਿਆਪਕ ਧੜੇਬੰਦੀ ਕਾਰਨ ਕਈ ਕੰਮ ਵਿਚਾਲੇ ਲਟਕ ਗਏ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਪੰਚਾਂ ਨੂੰ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ, "ਲੋਕਤੰਤਰ ਵਿੱਚ ਬਹੁਮਤ ਹਾਸਲ ਕਰਨ ਵਾਲਾ ਵਿਅਕਤੀ ਜਾਂ ਪਾਰਟੀ ਜੇਤੂ ਹੁੰਦੀ ਹੈ, ਪਰ ਇੱਕ ਵਾਰ ਚੁਣੇ ਜਾਣ ਤੋਂ ਬਾਅਦ ਸਰਪੰਚ ਪੂਰੇ ਪਿੰਡ ਦਾ ਹੁੰਦਾ ਹੈ। ਇੱਕ ਸਰਪੰਚ ਨੂੰ ਪਿੰਡ ਦੇ ਹਰ ਨਿਵਾਸੀ ਨਾਲ ਬਰਾਬਰ ਦਾ ਵਿਵਹਾਰ ਕਰਨਾ ਚਾਹੀਦਾ ਹੈ ਅਤੇ ਫੈਸਲੇ ਨਿਰਪੱਖ ਹੋ ਕੇ ਲਏ ਜਾਣੇ ਚਾਹੀਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਕਈ ਸਰਪੰਚ ਹਨ, ਜਿਨ੍ਹਾਂ ਨੇ ਆਪਣੀ ਸਿਆਣਪ ਅਤੇ ਦੂਰਅੰਦੇਸ਼ੀ ਨਾਲ ਆਪਣੇ ਪਿੰਡਾਂ ਦੀ ਨੁਹਾਰ ਬਦਲ ਦਿੱਤੀ ਹੈ। ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰਨ ਵਾਲੇ ਪਿੰਡਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ, "ਇਨ੍ਹਾਂ ਪਿੰਡਾਂ ਨੇ ਸੰਕੀਰਨ ਸੋਚ ਤੋਂ ਉੱਪਰ ਉੱਠ ਕੇ ਅਤੇ ਇੱਕ ਪਾਸੇ ਪਿੰਡਾਂ ਵਿੱਚ ਆਪਸੀ ਸਾਂਝ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕੀਤਾ ਅਤੇ ਦੂਜੇ ਪਾਸੇ ਸਰਵਪੱਖੀ ਵਿਕਾਸ ਯਕੀਨੀ ਬਣਾਉਣ ਲਈ ਸਰਬਸੰਮਤੀ ਨਾਲ ਆਪਣੇ ਸਰਪੰਚ ਚੁਣੇ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਉਨ੍ਹਾਂ ਦੀ ਸਰਕਾਰ ਪਿੰਡਾਂ ਦੇ ਸਮੁੱਚੇ ਵਿਕਾਸ ਅਤੇ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ, "ਸਰਪੰਚ ਸਰਕਾਰ ਅਤੇ ਪਿੰਡਾਂ ਵਿਚਕਾਰ ਇੱਕ ਪੁਲ ਹਨ ਅਤੇ ਉਨ੍ਹਾਂ ਨੂੰ ਪਿੰਡਾਂ ਦੇ ਵਿਕਾਸ ਵਿੱਚ ਵੱਡੀ ਭੂਮਿਕਾ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਸਰਪੰਚਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਦੀ ਅਪੀਲ ਵੀ ਕੀਤੀ ਤਾਂ ਜੋ ਸੂਬੇ ਦੇ ਵਾਤਾਵਰਨ ਨੂੰ ਬਚਾਇਆ ਜਾ ਸਕੇ। ਮੀਟਿੰਗ ਵਿੱਚ ਮਹਿਲਾ ਸਰਪੰਚਾਂ ਦੀ ਵੱਡੀ ਗਿਣਤੀ ਵਿੱਚ ਮੌਜੂਦਗੀ ਤੋਂ ਉਤਸ਼ਾਹਿਤ ਹੋ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਔਰਤਾਂ ਦੇਸ਼ ਦੀ ਰਾਜਨੀਤੀ ਵਿੱਚ ਅਹਿਮ ਭੂਮਿਕਾ ਨਿਭਾਉਣ। ਮੁੱਖ ਮੰਤਰੀ ਨੇ ਪ੍ਰਸ਼ਾਸਨ, ਆਰਥਿਕਤਾ ਅਤੇ ਸਮਾਜ ਵਿੱਚ ਔਰਤਾਂ ਦੀ ਭੂਮਿਕਾ ਲਈ ਵਿਆਪਕ ਦ੍ਰਿਸ਼ਟੀਕੋਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅਸਲ ਸ਼ਕਤੀਕਰਨ ਸਿੱਖਿਆ, ਪ੍ਰਤੀਨਿਧਤਾ ਅਤੇ ਆਰਥਿਕ ਮੌਕਿਆਂ ਵਿੱਚ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਔਰਤਾਂ ਨੂੰ ਫੈਸਲੇ ਲੈਣ ਦੀ ਭੂਮਿਕਾ ਵਿੱਚ ਅੱਗੇ ਆਉਣ ਅਤੇ ਸੂਬੇ ਦੇ ਭਵਿੱਖ ਨੂੰ ਨਵਾਂ ਰੂਪ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਬਹੁਤ ਜ਼ਰੂਰੀ ਹੈ ਕਿ ਲੜਕੀਆਂ ਅੱਗੇ ਆਉਣ ਅਤੇ ਸਿੱਖਿਆ ਰਾਹੀਂ ਆਪਣੇ ਆਪ ਨੂੰ ਮਜ਼ਬੂਤ ਕਰਨ। ਉਨ੍ਹਾਂ ਕਿਹਾ, "ਇਹ ਦੇਸ਼ ਦੇ ਵੱਡੇ ਹਿੱਤ ਵਿੱਚ ਹੈ, ਕਿਉਂਕਿ ਜੋ ਔਰਤਾਂ ਘਰਾਂ ਅਤੇ ਪਰਿਵਾਰਾਂ ਨੂੰ ਕੁਸ਼ਲਤਾ ਨਾਲ ਸੰਭਾਲਦੀਆਂ ਹਨ, ਉਨ੍ਹਾਂ ਨੂੰ ਦੇਸ਼ ਵੀ ਚਲਾਉਣਾ ਚਾਹੀਦਾ ਹੈ। ਸੂਬਾ ਸਰਕਾਰ ਇਸ ਨੇਕ ਕਾਰਜ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਸਿਆਸਤ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਔਰਤਾਂ ਨੂੰ ਰਾਜਨੀਤੀ ਵਿੱਚ ਅੱਗੇ ਆ ਕੇ ਹਿੱਸਾ ਲੈਣਾ ਚਾਹੀਦਾ ਹੈ ਤਾਂ ਜੋ ਉਹ ਫੈਸਲੇ ਲੈਣ ਵਿੱਚ ਸਰਗਰਮ ਭਾਈਵਾਲ ਬਣ ਸਕਣ ਅਤੇ ਸਮਾਜ ਵਿੱਚ ਲੋੜੀਂਦੀ ਤਬਦੀਲੀ ਲਿਆ ਸਕਣ। ਉਨ੍ਹਾਂ ਕਿਹਾ ਕਿ ਲੜਕੀਆਂ ਨੇ ਲਗਪਗ ਹਰ ਖੇਤਰ ਵਿੱਚ ਲੜਕਿਆਂ ਨੂੰ ਪਛਾੜ ਦਿੱਤਾ ਹੈ, ਪਰ ਰਾਜਨੀਤੀ ਅਜੇ ਵੀ ਉਨ੍ਹਾਂ ਦੀ ਪਹੁੰਚ ਤੋਂ ਦੂਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੀ ਗੱਲ ਖ਼ਤਮ ਕਰਦਿਆਂ ਕਿਹਾ, "ਇਸ ਖੇਤਰ ਨੂੰ ਲੰਬੇ ਸਮੇਂ ਤੋਂ ਮਰਦਾਂ ਦੇ ਦਬਦਬਾ ਵਾਲਾ ਮੰਨਿਆ ਜਾਂਦਾ ਰਿਹਾ ਹੈ, ਪਰ ਹੁਣ ਸਮਾਂ ਆ ਗਿਆ ਹੈ ਕਿ ਔਰਤਾਂ ਇੱਥੇ ਵੀ ਮੱਲਾਂ ਮਾਰਨ। ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਅਤੇ ਜ਼ਮੀਨੀ ਪੱਧਰ 'ਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਔਰਤਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ। ਇਸ ਨਾਲ ਪੰਜਾਬ ਨੂੰ ਪ੍ਰਗਤੀਸ਼ੀਲ ਅਤੇ ਖ਼ੁਸ਼ਹਾਲ ਸੂਬਾ ਬਣਾਉਣ ਵਿੱਚ ਮਦਦ ਮਿਲੇਗੀ।

**ਵਿਕਸਤ ਪਿੰਡ ਪੰਜਾਬ ਨੂੰ ਦੇਸ਼ ਦਾ ਸਭ ਤੋਂ ਵੱਧ ਵਿਕਸਤ ਸੂਬਾ ਬਣਾਉਣਗੇ**



## ਅੱਜ ਮੁੱਖ ਮੰਤਰੀ ਹਲਕੇ ਵਿੱਚ 90 ਕਰੋੜ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨਗੇ : ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਨੂੰ ਵੱਡੀ ਸੁਗਾਤ ਦਿੰਦਿਆਂ ਹੋਇਆਂ ਓਵਰ ਬ੍ਰਿਜ ਦਾ ਉਦਘਾਟਨ ਅਤੇ ਪਿੰਡ ਕਹੇਰੂ, ਜਹਾਂਗੀਰ ਦੇ ਵਿਚਕਾਰ ਬਣਨ ਵਾਲੇ ਪੰਜਾਬ ਦੇ ਦੂਜੇ ਸਟੇਡੀਅਮ ਦਾ ਉਦਘਾਟਨ ਕਰਨਾ ਹਲਕੇ ਦੇ ਲੋਕ ਵਧਾਈ ਦੇ ਪਾਤਰ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਆਗੂ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਅੱਜ ਹਲਕੇ ਵਿੱਚ 90 ਕਰੋੜ ਰੁਪਏ ਦੀ ਲਾਗਤ ਦੇ ਨਾਲ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਪੰਜਾਬ ਦੇ ਪਹਿਲੇ ਮੁੱਖ ਮੰਤਰੀ ਹਨ ਜਿਨ੍ਹਾਂ ਨੇ ਪੰਜਾਬੀਆ ਲਈ ਸਿਹਤ ਸਹੂਲਤਾਂ, ਮੁਹੱਲਾਂ ਕਲਿਨਕ, ਖੇਤਾਂ ਨੂੰ ਨਹਿਰੀ ਪਾਣੀ, 65000 ਨੌਜਵਾਨਾਂ ਨੂੰ ਨੌਕਰੀਆਂ , ਮਾਵਾਂ ਧੀਆਂ ਆਸ਼ੀਰਵਾਦ ਸਕੀਮ ,ਰਾਸਨ ਕੇਟਾਂ ਦਾ ਪ੍ਰਬੰਧ ਕਰਨਾ ,ਮੁੱਖ ਮੰਤਰੀ ਤੀਰਥ ਯਾਤਰਾ, ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਖਿਲਾਫ ਕਾਨੂੰਨ ਪਾਸ ਕਰਕੇ ਪੰਜਾਬੀ ਲਈ ਇਤਿਹਾਸਕ ਫੈਸਲੇ ਲਏ ਹਨ।

## ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਨਵਾਂ ਐਕਟ ਲਿਆਉਣ ਦੇ ਫ਼ੈਸਲੇ ਦਾ ਸਿੱਖ ਸੰਗਤਾਂ ਵੱਲੋਂ ਵਿਰੋਧ



**ਅੰਮ੍ਰਿਤਸਰ/ਨਾਂਦੇੜ, 24 ਜੂਨ (ਆਵਾਜ਼ਿ ਕੌਮ ਬਿਊਰੋ)**-ਸਮੁੱਚੇ ਗੁਰੂ ਨਾਨਕ ਨਾਮ ਲੇਵਾ ਸਿੱਖ ਸੰਗਤਾਂ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਲਈ ਨਵਾਂ ਐਕਟ ਲਾਗੂ ਕਰਨ ਦੇ ਪ੍ਰਸਤਾਵਿਤ ਫ਼ੈਸਲੇ ਦਾ ਡਟਵਾਂ ਵਿਰੋਧ ਕੀਤਾ ਹੈ। ਸੰਗਤਾਂ ਦਾ ਕਹਿਣਾ ਹੈ ਕਿ ਇਹ ਮਾਮਲਾ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ, ਪੰਥਕ ਮਰਿਆਦਾਵਾਂ ਅਤੇ ਤਖ਼ਤ ਸਾਹਿਬ ਦੀ ਖੁਦਮੁਖਤਿਆਰੀ ਨਾਲ ਜੁੜਿਆ ਹੋਇਆ ਹੈ, ਜਿਸ ਸਬੰਧੀ ਕੋਈ ਵੀ ਫ਼ੈਸਲਾ ਸਿੱਖ ਕੌਮ ਦੀ ਸਹਿਮਤੀ ਅਤੇ ਸਲਾਹ-ਮਸ਼ਵਰੇ ਤੋਂ ਬਿਨਾਂ ਨਹੀਂ ਲਿਆ ਜਾਣਾ ਚਾਹੀਦਾ। ਸੰਗਤਾਂ ਨੇ ਆਪਣੇ ਸਾਂਝੇ ਬਿਆਨ ਵਿੱਚ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਸਿੱਖ ਕੌਮ ਦੀਆਂ ਪੰਜ ਤਖ਼ਤਾਂ ਵਿੱਚੋਂ ਇੱਕ ਸਰਵੋਚ ਅਤੇ ਪਵਿੱਤਰ ਤਖ਼ਤ ਹੈ। ਇਹ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦਾ ਸੱਚਖੰਡ ਪਵਿੱਤਰ ਅਸਥਾਨ ਹੈ, ਜਿਸ ਨਾਲ ਸੰਸਾਰ ਭਰ ਦੀਆਂ ਸਿੱਖ ਸੰਗਤਾਂ ਦੀਆਂ ਅਟੁੱਟ ਧਾਰਮਿਕ ਭਾਵਨਾਵਾਂ ਜੁੜੀਆਂ ਹੋਈਆਂ ਹਨ। ਤਖ਼ਤ ਸਾਹਿਬ ਦੀਆਂ ਪਰੰਪਰਾਵਾਂ, ਰਵਾਇਤਾਂ ਅਤੇ ਮਰਿਆਦਾਵਾਂ ਸਦੀਆਂ ਤੋਂ ਪੰਥਕ ਰੀਤ-ਰਿਵਾਜਾਂ ਅਨੁਸਾਰ ਚੱਲਦੀਆਂ ਆ ਰਹੀਆਂ ਹਨ, ਜਿਨ੍ਹਾਂ ਦੀ ਰੱਖਿਆ ਕਰਨਾ ਸਮੁੱਚੀ ਸਿੱਖ ਕੌਮ ਦਾ ਫ਼ਰਜ਼ ਹੈ। ਸੰਗਤਾਂ ਨੇ ਕਿਹਾ ਕਿ ਧਾਰਮਿਕ ਅਸਥਾਨਾਂ ਦੇ ਪ੍ਰਬੰਧ ਵਿੱਚ ਸਰਕਾਰੀ ਦਖ਼ਲਅੰਦਾਜ਼ੀ ਕਿਸੇ ਵੀ ਧਰਮ ਦੇ ਮਾਨਣ ਵਾਲਿਆਂ ਲਈ ਚਿੰਤਾ ਦਾ ਵਿਸ਼ਾ ਹੋ ਸਕਦੀ ਹੈ। ਸਿੱਖ ਕੌਮ ਹਮੇਸ਼ਾਂ ਆਪਣੇ ਗੁਰੂ ਘਰਾਂ ਦੀ ਆਜ਼ਾਦੀ ਅਤੇ ਪਵਿੱਤਰਤਾ ਨੂੰ ਬਰਕਰਾਰ ਰੱਖਣ ਲਈ ਸੰਘਰਸ਼ਸ਼ੀਲ ਰਹੀ ਹੈ ਅਤੇ ਇਸ ਮਾਮਲੇ ਵਿੱਚ ਵੀ ਸੰਗਤਾਂ ਇਕਜੁੱਟ ਹੋ ਕੇ ਆਪਣੀ ਆਵਾਜ਼ ਉਠਾ ਰਹੀਆਂ ਹਨ। ਸਿੱਖ ਆਗੂਆਂ ਅਤੇ ਸੰਗਤਾਂ ਨੇ ਮਹਾਰਾਸ਼ਟਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਦਾ ਪੂਰਾ ਸਤਿਕਾਰ ਕਰੇ ਅਤੇ ਕੋਈ ਵੀ ਅਜਿਹਾ ਕਾਨੂੰਨੀ ਜਾਂ ਪ੍ਰਸ਼ਾਸਨਿਕ ਕਦਮ ਨਾ ਚੁੱਕੇ, ਜਿਸ ਨਾਲ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਖੁਦਮੁਖਤਿਆਰੀ, ਪੰਥਕ ਮਰਿਆਦਾ ਅਤੇ ਰਵਾਇਤੀ ਪ੍ਰਬੰਧ ਪ੍ਰਭਾਵਿਤ ਹੋਣ। ਉਨ੍ਹਾਂ ਕਿਹਾ ਕਿ ਅਜਿਹੇ ਮਹੱਤਵਪੂਰਨ ਮਾਮਲਿਆਂ ਵਿੱਚ ਸਿੱਖ ਕੌਮ ਦੇ ਨੁਮਾਇੰਦਿਆਂ, ਧਾਰਮਿਕ ਸੰਸਥਾਵਾਂ ਅਤੇ ਵਿਦਵਾਨਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ। ਸੰਗਤਾਂ ਨੇ ਦੇਸ਼ ਅਤੇ ਵਿਦੇਸ਼ ਵਿੱਚ ਵਸਦੇ ਸਿੱਖਾਂ ਨੂੰ ਵੀ ਅਪੀਲ ਕੀਤੀ ਕਿ ਉਹ ਤਖ਼ਤ ਸਾਹਿਬਾਨ ਦੀ ਮਰਿਆਦਾ ਅਤੇ ਪੰਥਕ ਸੰਸਥਾਵਾਂ ਦੀ ਆਜ਼ਾਦੀ ਦੀ ਰੱਖਿਆ ਲਈ ਇਕਜੁੱਟ ਰਹਿਣ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀ ਏਕਤਾ ਹੀ ਇਸ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਗੁਰੂ ਸਾਹਿਬ ਦੀ ਕਿਰਪਾ ਨਾਲ ਪੰਥ ਹਮੇਸ਼ਾਂ ਆਪਣੇ ਧਾਰਮਿਕ ਅਦਾਰਿਆਂ ਦੀ ਮਰਿਆਦਾ ਕਾਇਮ ਰੱਖਣ ਵਿੱਚ ਸਫ਼ਲ ਰਹੇਗਾ। ਅੰਤ ਵਿੱਚ ਸੰਗਤਾਂ ਨੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਦੀ ਮੇਹਰ ਸਦਕਾ ਪੰਥ ਵਿੱਚ ਚੜ੍ਹਦੀ ਕਲਾ, ਏਕਤਾ ਅਤੇ ਆਪਸੀ ਪਿਆਰ ਬਣਿਆ ਰਹੇ ਅਤੇ ਤਖ਼ਤ ਸਾਹਿਬਾਨ ਦੀਆਂ ਮਹਾਨ ਪਰੰਪਰਾਵਾਂ, ਮਰਿਆਦਾਵਾਂ ਅਤੇ ਸਿਧਾਂਤ ਸਦਾ ਅਟੱਲ ਰਹਿਣ।

## ਆਮ ਆਦਮੀ ਪਾਰਟੀ ਦੇ ਦੱਫਤਰ ਪੱਟੀ ਵਿੱਖੇ ਐਸ ਆਈ ਆਰ ਦੇ ਬੀਐਲਏ ਦੀ ਮੀਟਿੰਗ ਹੋਈ

**ਪੱਟੀ** : ਆਮ ਆਦਮੀ ਪਾਰਟੀ ਦੇ ਦੱਫਤਰ ਪੱਟੀ ਵਿੱਖੇ ਸਾਬਕਾ ਕੈਬਿਨੇਟ ਮੰਤਰੀ ਪੰਜਾਬ ਅਤੇ ਵਿਧਾਇਕ ਲਾਲਜੀਤ ਸਿੰਘ ਭੁੱਲਰ ਅਤੇ ਬੀਬਾ ਸੁਰਿੰਦਰ ਪਾਲ ਕੌਰ ਭੁੱਲਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਵਾਰਡ ਨੰਬਰ 1 ਤੋ ਲੈ ਕੇ ਵਾਰਡ ਨੰਬਰ 6 ਦੇ ਐਸ ਆਈ ਆਰ ਦੇ ਬੀਐਲਏ ਦੀ ਮੀਟਿੰਗ ਹੋਈ। ਜਿਸ ਵਿੱਚ ਔਰਤਾਂ ਨੂੰ 1000 ਅਤੇ 1500 ਰੂ ਮਹੀਨਾ ਮਿਲਣ ਸਬੰਧੀ ਆਂਗਨਵਾੜੀ ਵਰਕਰਾਂ ਦੀ ਡਿਊਟੀ ਦੀ ਲਿਸਟ ਬਣਾਈ ਗਈ। ਇਸ ਮੌਕੇ ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ, ਬਲਾਕ ਪ੍ਰਧਾਨ ਰਾਜਨਪ੍ਰੀਤ ਸਿੰਘ ਸੱਗੂ, ਮੀਡੀਆ ਇੰਚਾਰਜ ਮੋਹਿਤ ਅਰੋੜਾ ਪੱਟੀ ਨੇ ਕਿਹਾ ਕਿ ਪੰਜਾਬ ਵਿੱਚ ਵੋਟਰ ਸੂਚੀਆਂ ਨੂੰ ਅਪਡੇਟ ਕਰਨ ਲਈ ਸ਼ੁਰੂ ਹੋਣ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਮੁਹਿੰਮ ਸਬੰਧੀ ਬੂਥ ਲੈਵਲ ਅਫ਼ਸਰਾਂ ਅਤੇ ਸਿਆਸੀ ਪਾਰਟੀਆਂ ਦੀਆਂ ਅਹਿਮ ਮੀਟਿੰਗਾਂ ਆਯੋਜਿਤ ਕੀਤੀਆਂ ਗਈਆਂ ਹਨ। ਚੋਣ ਕਮਿਸ਼ਨ ਵੱਲੋਂ ਇਹ ਮੁਹਿੰਮ 25 ਜੂਨ ਤੋਂ 24 ਜੁਲਾਈ 2026 ਤੱਕ ਪੂਰੇ ਪੰਜਾਬ ਵਿੱਚ ਚਲਾਈ ਜਾਵੇਗੀ। ਇਸ ਦਾ ਮੁੱਖ ਉਦੇਸ਼ ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਤਸਦੀਕ ਕਰਨਾ ਹੈ। ਅਤੇ ਨਵੇਂ ਯੋਗ ਵੋਟਰਾਂ ਦੇ ਨਾਮ ਸ਼ਾਮਲ ਕਰਨਾ, ਗਲਤ/ਦੋਹਰੀਆਂ ਵੋਟਾਂ ਨੂੰ ਕੱਟਣਾ ਅਤੇ ਵੋਟਰ ਸੂਚੀ ਨੂੰ ਪਾਰਦਰਸ਼ੀ ਬਣਾਉਣਾ ਹੈ। ਇਸ ਮੌਕੇ 'ਤੇ ਸਰਪੰਚ ਗੁਰਪ੍ਰਤਾਪ ਸਿੰਘ ਲਾਡੀ ਬੁਰਜ਼, ਨਛੱਤਰ ਸਿੰਘ ਭੁੱਲਰ, ਜਰਨੈਲ ਸਿੰਘ ਬੱਬਾ, ਵੂਮੈਨ ਸੈੱਲ ਪ੍ਰਧਾਨ ਕੁਲਵਿੰਦਰ ਕੌਰ, ਵੂਮੈਨ ਸੈੱਲ ਪ੍ਰਧਾਨ ਅਮਰੀਕ ਕੌਰ, ਪ੍ਰਗਟ ਸਿੰਘ, ਗੁਰਸਰਨ ਸਿੰਘ ਦਦੇਹਰ ਸਾਹਿਬ, ਰਾਜਦੀਪ ਸਿੰਘ ਬੱਠੇ ਭੈਣੀ, ਜਸਵੰਤ ਸਿੰਘ ਨਦੋਹਰ ਆਦਿ ਹਾਜਿਰ ਸਨ।

**ਪੰਥਕ ਏਕਤਾ ਸਰਗਰਮੀਆਂ**

# ਸਾਬਕਾ ਐੱਮ. ਪੀ. ਸਿਮਰਨਜੀਤ ਸਿੰਘ ਮਾਨ ਅਤੇ ਸਿੰਘ ਸਾਹਿਬ ਗਿ: ਜਸਵੀਰ ਸਿੰਘ ਰੋਡੇ ਵਿਚਾਲੇ ਅਹਿਮ ਮੀਟਿੰਗ

## ■ ਪੰਥਕ ਏਕਤਾ ਸਹਿਤ ਸਿੰਘ ਸਾਹਿਬ ਦੀ ਰਾਏ ਅਨੁਸਾਰ ਲੜਾਂਗੇ ਅਗਲੀਆਂ ਚੋਣਾ-ਮਾਨ




ਮੀਟਿੰਗ ਦੌਰਾਨ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ, ਸ. ਸਿਮਰਨਜੀਤ ਸਿੰਘ ਮਾਨ, ਬਾਬਾ ਚਰਨਜੀਤ ਸਿੰਘ ਜੱਸੋਵਾਲ, ਭਾਈ ਗੁਰਦੀਪ ਸਿੰਘ ਬਠਿੰਡਾ ਅਤੇ ਹੋਰ।

ਫ਼ਤਹਿਗੜ੍ਹ ਸਾਹਿਬ • ਆਵਾਜ਼ਿ ਕੌਮ ਬਿਊਰੋ

ਅੱਜ ਇਥੋਂ ਥੋੜੀ ਦੂਰ ਪਿੰਡ ਤਲਾਣੀਆਂ ਵਿਖੇ ਸਥਿਤ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਤੇ ਸਾਬਕਾ ਐਮ.ਪੀ ਸ. ਸਿਮਰਨਜੀਤ ਸਿੰਘ ਮਾਨ ਦੇ ਗ੍ਰਹਿ ਕਿਲਾ ਹਰਨਾਮ ਸਿੰਘ ਵਿੱਚ ਪੰਥਕ ਏਕਤਾ ਦੇ ਸੰਦਰਭ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਗਿਆਨੀ ਜਸਵੀਰ ਸਿੰਘ ਰੋਡੇ ਜੋ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਵੀ ਹਨ, ਵੱਲੋਂ ਅਹਿਮ ਮੀਟਿੰਗ ਕੀਤੀ ਗਈ। ਇਸ ਉਪ੍ਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਿੰਘ ਸਾਹਿਬ ਨੇ ਅਪੀਲ ਕੀਤੀ ਕਿ ਪੰਥ ਦੀ ਚੜ੍ਹਦੀ ਕਲਾ ਲਈ ਅਤੇ ਪੰਥ ਦੇ ਬੋਲਬਾਲੇ ਲਈ ਸਾਰੀਆਂ ਪੰਥਕ ਧਿਰਾਂ ਨੂੰ ਇੱਕ ਮੰਚ 'ਤੇ ਇੱਕਤਰ ਹੋ ਕੇ ਅਗਲੀਆਂ ਅਸੰਬਲੀ ਦੀਆਂ ਚੋਣਾ ਲੜਨੀਆਂ ਚਾਹੀਦੀਆਂ ਹਨ, ਜਿਸ ਲਈ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਨਾਲ ਵਿਚਾਰ-ਚਰਚਾਵਾਂ ਹੋਈਆਂ ਅਤੇ ਅੱਗੇ ਵੀ ਹੋ ਰਹੀਆਂ ਹਨ। ਇਸ ਤੋਂ ਪਹਿਲਾਂ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਅਤੇ ਹੋਰਨਾਂ ਦੇ ਸਹਿਯੋਗ ਨਾਲ 4 ਜਥੇਬੰਦੀਆਂ ਇੱਕ ਮੰਚ 'ਤੇ ਆ ਚੁੱਕੀਆਂ ਹਨ। ਹੁਣ ਇਸ ਪੰਥਕ ਏਕਤਾ ਲਈ ਸ. ਸਿਮਰਨਜੀਤ ਸਿੰਘ ਮਾਨ ਹੁਣਾ ਵੱਲੋਂ ਵੀ ਭਰਵੇਂ ਸਹਿਯੋਗ ਦਾ ਭਰੋਸਾ ਦਿਤਾ ਗਿਆ ਹੈ। ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਹੋਰ ਦਸਿਆ ਕਿ ਸ. ਸਿਮਰਨਜੀਤ ਸਿੰਘ ਮਾਨ ਆਪਣੇ ਸੰਖੇਪ ਦੌਰੇ ਲਈ ਇੰਗਲੈਂਡ ਜਾ ਰਹੇ ਹਨ ਅਤੇ ਉਥੇ ਦੀਆਂ ਸੰਗਤਾਂ ਨੂੰ ਸ. ਮਾਨ ਦੇ ਨਾਲ ਮੀਟਿੰਗਾਂ ਕਰਕੇ ਆਪਣੇ ਵਿਚਾਰ ਸਾਂਝੇ ਕਰਨੇ ਚਾਹੀਦੇ ਹਨ, ਕਿਉਂਕਿ ਵਿਦੇਸ਼ਾਂ ਵਿੱਚ ਵੀ ਬਹੁਤ ਸਾਰੇ ਸਿੱਖ ਅਜਿਹੇ ਹਨ ਜਿਨ੍ਹਾਂ 'ਤੇ ਪਾਬੰਦੀਆਂ ਲੱਗੀਆਂ ਹੋਣ ਕਾਰਨ ਉਹ ਪੰਜਾਬ ਨਹੀਂ ਆ ਸਕਦੇ ਅਤੇ ਗੁਰਧਾਮਾ ਦੇ ਦਰਸ਼ਨ ਦੀਦਾਰੇ ਨਹੀਂ ਕਰ ਸਕਦੇ। ਸਿੰਘ ਸਾਹਿਬ ਨੇ ਇਸ ਮੌਕੇ ਵਿਦੇਸ਼ੀ ਸਿੱਖਾਂ ਨੂੰ ਵੀ ਸਹਿਯੋਗ ਦੀ ਅਪੀਲ ਕੀਤੀ। ਇਸ ਮੌਕੇ ਸ. ਸਿਮਰਨਜੀਤ ਸਿੰਘ ਮਾਨ ਨੇ ਆਪਣੇ ਸੰਬੋਧਨ ਵਿੱਚ ਪੰਥਕ ਏਕਤਾ 'ਤੇ ਜੋਰ ਦਿੰਦੇ ਹੋਏ ਕਿਹਾ ਕਿ ਅਸੀਂ ਪਹਿਲਾਂ ਵੀ ਜਿਵੇਂ ਸਿੰਘ ਸਾਹਿਬ ਕਹਿੰਦੇ ਸਨ ਉਸੇ ਤਰ੍ਹਾਂ ਚਲਦੇ ਰਹੇ ਹਾਂ ਅਤੇ ਅੱਗੋਂ ਵੀ ਚਲਦੇ ਰਹਾਂਗੇ। ਸ. ਮਾਨ ਨੇ ਕਿਹਾ ਕਿ ਉਹ ਭਾਵੇਂ ਕੁੱਝ ਸਮੇਂ ਲਈ ਇੰਗਲੈਂਡ ਜਾ ਰਹੇ ਹਨ ਪਰ ਉਨ੍ਹਾਂ ਦੇ ਪਾਰਟੀ ਆਗੂ ਸਿੰਘ ਸਾਹਿਬ ਦੇ ਨਾਲ ਤਾਲਮੇਲ ਵਿੱਚ ਰਹਿਣਗੇ ਅਤੇ ਪੰਥਕ ਏਕਤਾ ਬਾਰੇ ਯਤਨ ਅੱਗੇ ਵਧਾਉਂਦੇ ਰਹਿਣਗੇ। ਉਨ੍ਹਾਂ ਕਿਹਾ ਕਿ ਪੰਥਕ ਏਕਤਾ ਲਈ ਸੁਹਿਰਦਤਾ ਨਾਲ ਅੱਗੇ ਵੱਧਦੇ ਹੋਏ ਅਗਲੀਆਂ ਅਸੰਬਲੀ ਚੋਣਾ ਜਿਤੀਆਂ ਜਾਣਗੀਆਂ। ਇਸ ਮੌਕੇ ਭਾਈ ਗੁਰਦੀਪ ਸਿੰਘ ਬਠਿੰਡਾ, ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਕਮੇਟੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਸਿੱਖ ਜਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਰਲਡ ਸਿੱਖ ਪਾਰਲੀਮੈਂਟ ਨੇ ਸੰਯੁਕਤ ਰਾਸ਼ਟਰ ਅੱਗੇ ਸਿੱਖਾਂ ਵਿਰੁੱਧ ਭਾਰਤ ਦੇ ਸਰਹੱਦੋਂ ਪਾਰ ਦਮਨ ਦਾ ਮਾਮਲਾ ਉਠਾਇਆ

# 1984 ਦੀ ਸਿੱਖ ਨਸਲਕੁਸ਼ੀ ਨੂੰ ਅੰਤਰਰਾਸ਼ਟਰੀ ਮਾਨਤਾ ਦੇਣ ਦੀ ਮੰਗ






**ਜੇਨੇਵਾ (ਸਵਿਟਜ਼ਰਲੈਂਡ), 24 ਜੂਨ (ਸਰਬਜੀਤ ਸਿੰਘ ਬਨੂੜ)**-ਜੂਨ 1984 ਦੇ ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਮੌਕੇ ਵਰਲਡ ਸਿੱਖ ਪਾਰਲੀਮੈਂਟ ਨੇ ਸੰਯੁਕਤ ਰਾਸ਼ਟਰ ਜੇਨੇਵਾ ਵਿਖੇ ਭਾਰਤ ਵੱਲੋਂ ਵਿਦੇਸ਼ਾਂ ਵਿੱਚ ਸਿੱਖਾਂ ਵਿਰੁੱਧ ਕਥਿਤ ਸਰਹੱਦੋਂ ਪਾਰ ਦਮਨ (ਟਰਾਂਸਨੈਸ਼ਨਲ ਰਿਪ੍ਰੈਸ਼ਨ) ਦਾ ਮੁੱਦਾ ਜ਼ੋਰਦਾਰ ਢੰਗ ਨਾਲ ਉਠਾਇਆ। ਵਫ਼ਦ ਨੇ ਕਿਹਾ ਕਿ ਕੈਨੇਡਾ ਵਿੱਚ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ, ਯੂਨਾਈਟਿਡ ਕਿੰਗਡਮ ਵਿੱਚ ਭਾਈ ਅਵਤਾਰ ਸਿੰਘ ਖੰਡਾ ਦੀ ਮੌਤ ਅਤੇ ਵਿਦੇਸ਼ਾਂ ਵਿੱਚ ਸਿੱਖ ਕਾਰਕੁਨਾਂ, ਪੱਤਰਕਾਰਾਂ ਅਤੇ ਮਨੁੱਖੀ ਅਧਿਕਾਰ ਰੱਖਿਅਕਾਂ ਨੂੰ ਮਿਲ ਰਹੀਆਂ ਧਮਕੀਆਂ ਅੰਤਰਰਾਸ਼ਟਰੀ ਭਾਈਚਾਰੇ ਲਈ ਗੰਭੀਰ ਚਿੰਤਾ ਦਾ ਵਿਸ਼ਾ ਹਨ। ਵਰਲਡ ਸਿੱਖ ਪਾਰਲੀਮੈਂਟ ਦੇ ਵਫ਼ਦ ਨੇ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰ ਕਾਰਕੁਨਾਂ , ਕੂਟਨੀਤਿਕ ਪ੍ਰਤੀਨਿਧੀਆਂ ਅਤੇ ਅੰਤਰਰਾਸ਼ਟਰੀ ਮੀਡੀਆ ਨਾਲ ਹੋਈਆਂ ਮੁਲਾਕਾਤਾਂ ਦੌਰਾਨ ਕਿਹਾ ਕਿ ਵਿਦੇਸ਼ਾਂ ਵਿੱਚ ਸ਼ਾਂਤੀਪੂਰਨ ਢੰਗ ਨਾਲ ਸਿੱਖ ਹੱਕਾਂ ਅਤੇ ਖਾਲਿਸਤਾਨ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਨ ਵਾਲੇ ਵਿਅਕਤੀਆਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਦੋਸ਼ ਗੰਭੀਰ ਜਾਂਚ ਦੀ ਮੰਗ ਕਰਦੇ ਹਨ। ਵਫ਼ਦ ਨੇ ਦਲੀਲ ਦਿੱਤੀ ਕਿ ਅਜਿਹੇ ਮਾਮਲੇ ਨਾ ਸਿਰਫ਼ ਵਿਅਕਤੀਗਤ ਸੁਰੱਖਿਆ, ਸਗੋਂ ਪ੍ਰਗਟਾਵੇ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਨਾਲ ਵੀ ਜੁੜੇ ਹੋਏ ਹਨ। ਇਸ ਮੌਕੇ ਜੂਨ 1984 ਦੇ ਘੱਲੂਘਾਰੇ ਦੀ 42ਵੀਂ ਵਰ੍ਹੇਗੰਢ ਨੂੰ ਸਮਰਪਿਤ ਸੰਯੁਕਤ ਰਾਸ਼ਟਰ ਦੇ ਸਾਹਮਣੇ ਵਿਸ਼ੇਸ਼ ਯਾਦਗਾਰੀ ਪ੍ਰਦਰਸ਼ਨੀ ਵੀ ਲਗਾਈ ਗਈ। ਵਫ਼ਦ ਨੇ ਮਨੁੱਖੀ ਅਧਿਕਾਰ ਕਮਿਸ਼ਨਰ ਨੂੰ ਇੱਕ ਯਾਦ-ਪੱਤਰ ਸੌਂਪਦਿਆਂ 1984 ਤੋਂ ਬਾਅਦ ਪੰਜਾਬ ਵਿੱਚ ਹੋਈਆਂ ਕਥਿਤ ਜਬਰੀ ਗੁੰਮਸ਼ੁਦਗੀਆਂ, ਝੂਠੇ ਪੁਲਸ ਮੁਕਾਬਲਿਆਂ ਅਤੇ ਹੋਰ ਮਨੁੱਖੀ ਅਧਿਕਾਰ ਉਲੰਘਣਾਵਾਂ ਸਬੰਧੀ ਦਸਤਾਵੇਜ਼ ਵੀ ਪੇਸ਼ ਕੀਤੇ। ਸੰਯੁਕਤ ਰਾਸ਼ਟਰ ਦੇ ਪ੍ਰਵਾਸੀਆਂ ਦੇ ਮਨੁੱਖੀ ਅਧਿਕਾਰਾਂ ਬਾਰੇ ਵਿਸ਼ੇਸ਼ ਰਿਪੋਰਟਰ ਸ੍ਰੀ ਗੇਹਾਦ ਮਾਦੀ ਨਾਲ ਹੋਈ ਮੁਲਾਕਾਤ ਦੌਰਾਨ ਵਫ਼ਦ ਨੇ 1984 ਦੀਆਂ ਘਟਨਾਵਾਂ ਨੂੰ ਸਿੱਖ ਨਸਲਕੁਸ਼ੀ ਵਜੋਂ ਅੰਤਰਰਾਸ਼ਟਰੀ ਮਾਨਤਾ ਦੇਣ ਦੀ ਮੰਗ ਕੀਤੀ। ਇਸ ਦੇ ਨਾਲ ਹੀ ਸਿੱਖ ਕੌਮ ਦੇ ਸਵੈ-ਨਿਰਣੇ ਦੇ ਹੱਕ ਅਤੇ ਇਸ ਨਾਲ ਜੁੜੇ ਸ਼ਾਂਤੀਪੂਰਨ ਰਾਜਨੀਤਿਕ ਪ੍ਰਗਟਾਵੇ ਨੂੰ ਅਤਿਵਾਦ ਨਾਲ ਜੋੜਨ ਦੀਆਂ ਕੋਸ਼ਿਸ਼ਾਂ ਉੱਤੇ ਵੀ ਚਿੰਤਾ ਪ੍ਰਗਟ ਕੀਤੀ ਗਈ। ਵਫ਼ਦ ਨੇ ਸਿੱਖ ਕਾਰਕੁਨ ਗੁਰਪ੍ਰੀਤ ਸਿੰਘ ਰੀਹਲ ਦਾ ਮਾਮਲਾ ਵੀ ਸੰਯੁਕਤ ਰਾਸ਼ਟਰ ਦੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਂਦਿਆਂ ਕਿਹਾ ਕਿ ਇਹ ਮਾਮਲਾ ਮਨੁੱਖੀ ਅਧਿਕਾਰਾਂ, ਨਿਆਂਪੂਰਨ ਕਾਨੂੰਨੀ ਪ੍ਰਕਿਰਿਆ, ਪ੍ਰਗਟਾਵੇ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰ ਰੱਖਿਅਕਾਂ ਦੀ ਸੁਰੱਖਿਆ ਨਾਲ ਜੁੜੇ ਅਹਿਮ ਸਵਾਲ ਖੜ੍ਹੇ ਕਰਦਾ ਹੈ। ਇਸ ਤੋਂ ਇਲਾਵਾ ਵਫ਼ਦ ਨੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਰਾਜਸੀ ਸਿੱਖ ਕੈਦੀਆਂ (ਬੰਦੀ ਸਿੰਘਾਂ) ਦੀ ਰਿਹਾਈ ਦਾ ਮੁੱਦਾ ਵੀ ਉਠਾਇਆ। ਜੇਨੇਵਾ ਪ੍ਰੈਸ ਕਲੱਬ ਵਿੱਚ ਅੰਤਰਰਾਸ਼ਟਰੀ ਮੀਡੀਆ ਨਾਲ ਗੱਲਬਾਤ ਕਰਦਿਆਂ ਸੰਸਥਾ ਨੇ ਕਿਹਾ ਕਿ ਉਹ ਵਿਸ਼ੇਸ਼ ਸਲੂਕ ਨਹੀਂ, ਸਗੋਂ ਵਿਸ਼ਵਵਿਆਪੀ ਮਨੁੱਖੀ ਅਧਿਕਾਰਾਂ ਦੇ ਸਿਧਾਂਤਾਂ ਅਨੁਸਾਰ ਇਨਸਾਫ਼, ਆਜ਼ਾਦੀ ਅਤੇ ਸਨਮਾਨ ਦੀ ਮੰਗ ਕਰ ਰਹੀ ਹੈ। ਸੰਯੁਕਤ ਰਾਸ਼ਟਰ ਜੇਨੇਵਾ ਵਿਖੇ ਹੋਈ ਇਸ ਸ਼ਮੂਲੀਅਤ ਵਿੱਚ ਵਰਲਡ ਸਿੱਖ ਪਾਰਲੀਮੈਂਟ ਅਤੇ ਹੋਰ ਹਮਖਿਆਲੀ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ। ਵਫ਼ਦ ਵਿੱਚ ਭਾਈ ਹਿੰਮਤ ਸਿੰਘ (ਅਮਰੀਕਾ), ਭਾਈ ਪ੍ਰਭ ਸਿੰਘ (ਕੈਨੇਡਾ), ਭਾਈ ਜੋਗਾ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਅਮਰੀਕ ਸਿੰਘ ਸਹੋਤਾ (ਇੰਗਲੈਂਡ), ਭਾਈ ਪ੍ਰਿਤਪਾਲ ਸਿੰਘ (ਸਵਿਟਜ਼ਰਲੈਂਡ), ਭਾਈ ਸ਼ਿੰਗਾਰਾ ਸਿੰਘ, ਭਾਈ ਸਤਨਾਮ ਸਿੰਘ (ਫਰਾਂਸ), ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਗੁਰਪਾਲ ਸਿੰਘ, ਦਲ ਖਾਲਸਾ ਦੇ ਪ੍ਰਧਾਨ ਭਾਈ ਹਰਮੀਤ ਸਿੰਘ, ਭਾਈ ਜਤਿੰਦਰ ਸਿੰਘ ਅਤੇ ਭਾਈ ਬਹਾਦਰ ਸਿੰਘ (ਜਰਮਨੀ) ਸ਼ਾਮਲ ਸਨ। ਵਫ਼ਦ ਨੇ ਸੰਯੁਕਤ ਰਾਸ਼ਟਰ ਦੇ ਵੱਖ-ਵੱਖ ਮਨੁੱਖੀ ਅਧਿਕਾਰ ਮਕੈਨਿਜ਼ਮਾਂ, ਕੂਟਨੀਤਿਕ ਪ੍ਰਤੀਨਿਧੀਆਂ ਅਤੇ ਅੰਤਰਰਾਸ਼ਟਰੀ ਮੀਡੀਆ ਨਾਲ ਮੁਲਾਕਾਤਾਂ ਕਰਕੇ ਸਿੱਖਾਂ ਨਾਲ ਸਬੰਧਤ ਮਨੁੱਖੀ ਅਧਿਕਾਰਾਂ ਦੇ ਮੁੱਦਿਆਂ ਨੂੰ ਵਿਸਥਾਰ ਨਾਲ ਉਠਾਇਆ।

### ਗੁਰਪ੍ਰੀਤ ਸਿੰਘ ਰੀਹਲ ਦੇ ਕੇਸ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ

ਆਵਾਜ਼ਿ ਕੌਮ AWAZE QAUM International Newspaper & WEB TV

ਲੁਧਿਆਣਾ ਸ਼ਹਿਰ ਦੇ ਥਾਣਾ ਡਾਬਾ ਏਰੀਆ ਵਿੱਚ

# ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਪ੍ਰਾਪਰਟੀ ਕੀਤੀ ਗਈ ਡਿਮੋਲਿਸ਼

**ਲੁਧਿਆਣਾ, 24 ਜੂਨ ( ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਅਤੇ ਸਵਪਨ ਸ਼ਰਮਾ, ਕਮਿਸ਼ਨਰ ਪੁਲਿਸ, ਲੁਧਿਆਣਾ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਰਪਾਲ ਸਿੰਘ, ਡਿਪਟੀ ਕਮਿਸ਼ਨਰ ਪੁਲਿਸ (ਇਨਵੈਸਟੀਗੇਸ਼ਨ), ਲੁਧਿਆਣਾ, ਕਰਨਵੀਰ ਸਿੰਘ ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਜੋਨ-2, ਲੁਧਿਆਣਾ ਅਤੇ ਅੰਗਰੇਜ਼ ਸਿੰਘ, ਸਹਾਇਕ ਕਮਿਸ਼ਨਰ ਪੁਲਿਸ, ਇੰਡਸਟਰੀਅਲ ਏਰੀਆ-ਬੀ, ਲੁਧਿਆਣਾ ਦੀ ਨਿਗਰਾਨੀ ਹੇਠ ਇੰਸਪੈਕਟਰ ਪਰਮਦੀਪ ਸਿੰਘ, ਮੁੱਖ ਅਫ਼ਸਰ ਥਾਣਾ ਡਾਬਾ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਕਾਰਵਾਈ ਤਹਿਤ ਰਾਣਾ ਕੁਮਾਰ ਪੁੱਤਰ ਸੁਖਦੇਵ ਕੁਮਾਰ, ਵਾਸੀ ਗਲੀ ਨੰਬਰ 04, ਸੁਖਦੇਵ ਨਗਰ, ਪਿੰਡ ਲੋਹਾਰਾ, ਲੁਧਿਆਣਾ ਖ਼ਿਲਾਫ਼ ਕਾਰਵਾਈ ਕੀਤੀ ਗਈ। ਉਕਤ ਵਿਅਕਤੀ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਪਹਿਲਾਂ ਹੀ 04 ਮੁਕੱਦਮੇ ਦਰਜ ਹਨ ਅਤੇ ਉਹ ਨਸ਼ੇ ਦੀ ਤਸਕਰੀ ਵਿੱਚ ਸ਼ਾਮਲ ਪਾਇਆ ਗਿਆ ਹੈ।ਇਸ ਦੇ ਮੱਦੇਨਜ਼ਰ, ਮਿਤੀ 24-06-2026 ਨੂੰ ਕਾਨੂੰਨੀ ਪ੍ਰਕਿਰਿਆ ਪੂਰੀ ਕਰਕੇ ਉਕਤ ਦੋਸ਼ੀ ਦੇ ਕਰੀਬ 100 ਗਜ਼ ਰਕਬੇ ਵਿੱਚ ਬਣੇ ਅਤੇ ਲਗਭਗ 20 ਲੱਖ ਰੁਪਏ ਮੁੱਲ ਦੇ ਰਿਹਾਇਸ਼ੀ ਮਕਾਨ ਨੂੰ ਯੋਗ ਅਧਿਕਾਰੀਆਂ ਤੋਂ ਪ੍ਰਾਪਤ ਹੁਕਮਾਂ ਉਪਰੰਤ ਡਿਮੋਲਿਸ਼ ਕਰਵਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV



# ਸਿੱਖਸ ਫਾਰ ਜਸਟਿਸ ਵੱਲੋਂ ਕਨਿਸ਼ਕਾ ਏਅਰ ਕਾਂਡ ਦਾ ਸੱਚ ਦੁਨੀਆ ਸਾਹਮਣੇ ਲਿਆਉਣ ਲਈ ਨਵੀਂ ਸੁਤੰਤਰ ਜਾਂਚ ਦੀ ਮੰਗ

## ਭਾਰਤੀ ਕੌਂਸਲੇਟ ਅਧਿਕਾਰੀ ਰੰਗਸੰਗ ਨੂੰ ਖਾਲਿਸਤਾਨ ਹਮਾਇਤੀ ਸਿੱਖਾਂ ਦੇ ਵਿਰੋਧ ਦਾ ਕਰਨਾ ਪਿਆ ਸਾਹਮਣਾ







**ਵੈਨਕੂਵਰ, 24 ਜੂਨ (ਸਰਬਜੀਤ ਸਿੰਘ ਬਨੂੜ)**-ਕੈਨੇਡਾ ਦੇ ਵੈਨਕੂਵਰ ਸਥਿਤ ਸਟੈਨਲੀ ਪਾਰਕ ਵਿੱਚ ਕਨਿਸ਼ਕਾ ਯਾਦਗਾਰ ਸਥਾਨ 'ਤੇ 1985 ਦੇ ਏਅਰ ਇੰਡੀਆ ਫਲਾਈਟ 182 (ਕਨਿਸ਼ਕਾ) ਧਮਾਕੇ ਵਿੱਚ ਮਾਰੇ ਗਏ 329 ਬੇਗੁਨਾਹ ਲੋਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਿੱਖਸ ਫਾਰ ਜਸਟਿਸ ਅਤੇ ਖਾਲਿਸਤਾਨ ਹਮਾਇਤੀ ਸਿੱਖ ਇਕੱਠੇ ਹੋਏ। ਸਮਾਗਮ ਦੌਰਾਨ ਇਨਸਾਫ਼, ਜਵਾਬਦੇਹੀ ਅਤੇ ਪੂਰੇ ਸੱਚ ਦੀ ਮੰਗ ਪ੍ਰਮੁੱਖ ਤੌਰ 'ਤੇ ਉਭਰੀ।

ਇਸ ਮੌਕੇ 'ਤੇ ਤਲਵਿੰਦਰ ਸਿੰਘ ਪਰਮਾਰ ਦਾ ਵੱਡਾ ਬੈਨਰ ਵੀ ਪ੍ਰਦਰਸ਼ਿਤ ਕੀਤਾ ਗਿਆ। ਬੁਲਾਰਿਆਂ ਨੇ ਕਨਿਸ਼ਕਾ ਕਾਂਡ ਸਬੰਧੀ ਸਾਰੇ ਤੱਥ ਜਨਤਾ ਸਾਹਮਣੇ ਲਿਆਉਣ ਲਈ ਇੱਕ ਨਵੀਂ, ਸੁਤੰਤਰ ਅਤੇ ਨਿਰਪੱਖ ਜਾਂਚ ਸ਼ੁਰੂ ਕਰਨ ਦੀ ਮੰਗ ਕੀਤੀ।

ਸਮਾਗਮ ਦੌਰਾਨ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਅਧਿਕਾਰੀ ਰੰਗਸੰਗ ਨੂੰ ਖਾਲਿਸਤਾਨ ਹਮਾਇਤੀ ਸਿੱਖਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਿਆ। ਸਿੱਖ ਆਗੂਆਂ ਨੇ ਕਿਹਾ ਕਿ ਉਹ ਦੌਰ ਲੰਘ ਗਿਆ ਜਦੋਂ ਹਰ ਸਾਲ 23 ਜੂਨ ਨੂੰ ਭਾਰਤੀ ਨੁਮਾਇੰਦੇ ਯਾਦਗਾਰ 'ਤੇ ਪਹੁੰਚ ਕੇ ਇਸ ਘਟਨਾ ਬਾਰੇ ਆਪਣਾ ਇਕ-ਪੱਖੀ ਪੱਖ ਪੇਸ਼ ਕਰਦੇ ਸਨ। ਉਨ੍ਹਾਂ ਕਿਹਾ ਕਿ ਹੁਣ ਹਰ ਸਾਲ ਸਿੱਖ ਭਾਈਚਾਰਾ ਯਾਦਗਾਰ 'ਤੇ ਪਹੁੰਚ ਕੇ ਨਾ ਸਿਰਫ਼ ਮ੍ਰਿਤਕਾਂ ਨੂੰ ਸ਼ਰਧਾਂਜਲੀ ਦਿੰਦਾ ਹੈ, ਸਗੋਂ ਕੈਨੇਡੀਅਨ ਜਨਤਾ ਸਾਹਮਣੇ ਇਨਸਾਫ਼, ਜਵਾਬਦੇਹੀ ਅਤੇ ਪੂਰੇ ਸੱਚ ਦੀ ਮੰਗ ਵੀ ਰੱਖਦਾ ਹੈ।

ਇਸ ਇਕੱਠ ਵਿੱਚ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਭਾਈ ਨਰਿੰਦਰ ਸਿੰਘ ਰੰਧਾਵਾ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਟਸਫੋਰਡ ਤੋਂ ਕਰਨੈਲ ਸਿੰਘ ਟੁੱਟ, ਰਣਜੀਤ ਸਿੰਘ ਚਾਹਲ, ਰਣਜੀਤ ਸਿੰਘ ਖਾਲਸਾ, ਐਸਐਫਜੇ ਦੇ ਮਨਜਿੰਦਰ ਸਿੰਘ ਖਾਲਸਾ, ਟੀਮ ਸ਼ਹੀਦ ਨਿੱਝਰ ਤੋਂ ਭਾਈ ਜੈਗ ਸਿੰਘ ਸਿੱਧੂ, ਭਾਈ ਦਲਜੀਤ ਸਿੰਘ, ਭਾਈ ਪਵਨਦੀਪ ਸਿੰਘ ਬਾਸੀ, ਭਾਈ ਭੁਪਿੰਦਰ ਸਿੰਘ ਢੇਸੀ, ਭਾਈ ਰਜਿੰਦਰ ਸਿੰਘ, ਭਾਈ ਰਜਿੰਦਰ ਸਿੰਘ ਨੱਤ, ਭਾਈ ਸਲਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਨਰਿੰਦਰ ਸਿੰਘ ਰੰਧਾਵਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ 1985 ਦੇ ਕਨਿਸ਼ਕਾ (ਏਅਰ ਇੰਡੀਆ ਫਲਾਈਟ 182) ਬੰਬ ਧਮਾਕੇ ਸਬੰਧੀ ਕੈਨੇਡਾ ਸਰਕਾਰ ਨੂੰ ਮੁੜ ਇੱਕ ਸੁਤੰਤਰ ਜਾਂਚ ਸ਼ੁਰੂ ਕਰਨੀ ਚਾਹੀਦੀ ਹੈ, ਤਾਂ ਜੋ ਇਸ ਦੁਖਦਾਈ ਘਟਨਾ ਨਾਲ ਜੁੜੇ ਸਾਰੇ ਤੱਥ, ਸੰਭਾਵਿਤ ਜਵਾਬਦੇਹ ਤੱਤ ਅਤੇ ਪੂਰੀ ਹਕੀਕਤ ਲੋਕਾਂ ਸਾਹਮਣੇ ਆ ਸਕੇ। ਉਨ੍ਹਾਂ ਕਿਹਾ ਕਿ ਇਤਿਹਾਸ ਦੇ ਇਸ ਦੁਖਦਾਈ ਅਧਿਆਇ 'ਤੇ ਪਿਆ ਪਰਦਾ ਹਟਾਉਣਾ ਸਮੇਂ ਦੀ ਲੋੜ ਹੈ, ਕਿਉਂਕਿ ਇਨਸਾਫ਼ ਤਦੋਂ ਹੀ ਸੰਭਵ ਹੈ ਜਦੋਂ ਸੱਚ ਨਿਰਪੱਖ ਢੰਗ ਨਾਲ ਸਾਹਮਣੇ ਆਵੇ।

# ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼ ਸਿੱਖ ਇਤਿਹਾਸ ਦਾ ਮਹਾਂ ਨਾਇਕ: ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ




**ਸ਼ਹੀਦ** ਬਾਬਾ ਬੰਦਾ ਸਿੰਘ ਬਹਾਦਰ ਦਾ ਨਾਮ ਸਿੱਖ ਇਤਿਹਾਸ, ਭਾਰਤੀ ਇਤਿਹਾਸ ਅਤੇ ਮਨੁੱਖੀ ਮੁਕਤੀ ਦੇ ਸੰਘਰਸ਼ ਦੇ ਇਤਿਹਾਸ ਵਿੱਚ ਅਦੁੱਤੀ ਸਨਮਾਨ ਨਾਲ ਲਿਆ ਜਾਂਦਾ ਹੈ। ਉਹ ਕੇਵਲ ਇੱਕ ਮਹਾਨ ਯੋਧੇ ਹੀ ਨਹੀਂ ਸਨ, ਸਗੋਂ ਇੱਕ ਅਜਿਹੇ ਇਨਕਲਾਬੀ ਆਗੂ ਸਨ ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਿਸ਼ਨ ਨੂੰ ਅੱਗੇ ਵਧਾਉਂਦਿਆਂ ਜ਼ੁਲਮ, ਜਾਗੀਰਦਾਰੀ ਅਤੇ ਸਮਾਜਿਕ ਅਸਮਾਨਤਾ ਨੂੰ ਸਿੱਧੀ ਚੁਣੌਤੀ ਦਿੱਤੀ। ਉਨ੍ਹਾਂ ਦੀ ਸਭ ਤੋਂ ਵੱਡੀ ਦੇਣ ਉਨ੍ਹਾਂ ਦੀ ਸਮਾਜਿਕ ਕ੍ਰਾਂਤੀ ਸੀ। ਉਨ੍ਹਾਂ ਨੇ ਜਾਗੀਰਦਾਰੀ ਪ੍ਰਣਾਲੀ ਨੂੰ ਢਾਹ ਕੇ ਜ਼ਮੀਨਾਂ ਦਾ ਮਾਲਕਾਨਾ ਹੱਕ ਉਹਨਾਂ ਕਿਸਾਨਾਂ ਨੂੰ ਦਿੱਤਾ ਜੋ ਪੀੜ੍ਹੀਆਂ ਤੋਂ ਉਨ੍ਹਾਂ 'ਤੇ ਮਿਹਨਤ ਕਰਦੇ ਆ ਰਹੇ ਸਨ। ਇਹ ਭਾਰਤੀ ਉਪ-ਮਹਾਂਦੀਪ ਦੇ ਇਤਿਹਾਸ ਵਿੱਚ ਇੱਕ ਵਿਲੱਖਣ ਅਤੇ ਕ੍ਰਾਂਤੀਕਾਰੀ ਕਦਮ ਸੀ।

ਉਨ੍ਹਾਂ ਨੇ ਜਾਤ-ਪਾਤ ਅਤੇ ਉੱਚ-ਨੀਚ ਦੇ ਭੇਦਭਾਵ ਨੂੰ ਰੱਦ ਕਰਦਿਆਂ ਸਮਾਜ ਦੇ ਸਭ ਤੋਂ ਹੇਠਲੇ ਵਰਗਾਂ ਨੂੰ ਵੀ ਇੱਜ਼ਤ, ਅਧਿਕਾਰ ਅਤੇ ਸੱਤਾ ਵਿੱਚ ਹਿੱਸੇਦਾਰੀ ਵੀ ਦਿਵਾਈ। ਉਹ ਅਜਿਹੇ ਪਹਿਲੇ ਮਹਾਨ ਆਗੂ ਵਜੋਂ ਉੱਭਰੇ ਜਿਨ੍ਹਾਂ ਨੇ ਮੁਗ਼ਲ ਸਾਮਰਾਜ ਵਿਰੁੱਧ ਲੜਾਈ ਵਿੱਚ ਖ਼ਾਲਸਾ ਫ਼ੌਜ ਦੀ ਅਗਵਾਈ ਕਰਦਿਆਂ ਨਾ ਸਿਰਫ਼ ਮੁਗ਼ਲੀਆ ਹਕੂਮਤਾਂ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਸਗੋਂ ਕੁਝ ਸਾਲਾਂ ਵਿਚ ਹੀ ਆਮ ਲੋਕਾਂ ਦਾ ਪਹਿਲਾ ਖ਼ਾਲਸਈ ਰਾਜ ਸਥਾਪਿਤ ਕਰਦਿਆਂ ਪੰਜਾਬ ਦੀ ਧਰਤੀ 'ਤੇ ਸਮਾਜਿਕ ਨਿਆਂ, ਲੋਕ-ਕਲਿਆਣੀ ਅਤੇ ਬਰਾਬਰੀ ਦੇ ਸਿਧਾਂਤਾਂ 'ਤੇ ਆਧਾਰਿਤ ਪਹਿਲੇ ਖ਼ਾਲਸਾ ਰਾਜ ਦੀ ਨੀਂਹ ਰੱਖੀ। ਬੰਦਾ ਸਿੰਘ ਬਹਾਦਰ ਦੀ ਨਿਮਰਤਾ ਅਤੇ ਗੁਰੂ-ਨਿਸ਼ਠਾ ਦਾ ਅਨੋਖਾ ਉਦਾਹਰਨ ਉਨ੍ਹਾਂ ਦੇ ਜਾਰੀ ਕੀਤੇ ਸਿੱਕਿਆਂ ਵਿੱਚ ਵੇਖਣ ਨੂੰ ਮਿਲਦਾ ਹੈ। ਉਨ੍ਹਾਂ ਨੇ ਆਪਣੇ ਨਾਮ ਦਾ ਸਿੱਕਾ ਜਾਰੀ ਕਰਨ ਦੀ ਬਜਾਏ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨਾਮ 'ਤੇ ਸਿੱਕੇ ਚਲਾਏ। ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਉਹ ਆਪਣੇ ਆਪ ਨੂੰ ਕਿਸੇ ਰਾਜਵੰਸ਼ ਦਾ ਸੰਸਥਾਪਕ ਨਹੀਂ, ਸਗੋਂ ਗੁਰੂ ਸਾਹਿਬਾਨ ਦੇ ਮਿਸ਼ਨ ਦਾ ਸੇਵਕ ਮੰਨਦੇ ਸਨ।

ਸਿੱਖ ਇਤਿਹਾਸ ਵਿਚ ਭਾਵੇਂ ਕੋਈ ਅਜਿਹੀ ਸਮਕਾਲੀ ਰਚਨਾ ਨਹੀਂ ਮਿਲਦੀ ਜਿਸ ਵਿਚ ਬੰਦਾ ਸਿੰਘ ਬਹਾਦਰ ਦੇ ਮੁਢਲੇ ਜੀਵਨ ਬਾਰੇ ਪੂਰੀ ਜਾਣਕਾਰੀ ਮਿਲ ਸਕੇ, ਪਰ ਜ਼ਿਆਦਾਤਰ ਜਾਣਕਾਰੀ ਉਸ ਦੇ ਗੁਰੂ ਗੋਬਿੰਦ ਸਿੰਘ ਜੀ ਨੂੰ ਨਾਂਦੇੜ ਨੇੜੇ ਮਿਲਣ ਅਤੇ ਉਸ ਤੋਂ ਬਾਅਦ ਪੰਜਾਬ ਵਿਚ ਬਿਤਾਏ 7-8 ਸਾਲ ਦੇ ਸਮੇਂ ਬਾਰੇ ਹੈ।

ਬਾਬਾ ਬੰਦਾ ਸਿੰਘ ਬਹਾਦਰ ਦਾ ਜਨਮ 27 ਅਕਤੂਬਰ 1670 ਨੂੰ ਰਾਜੌਰੀ (ਮੌਜੂਦਾ ਜੰਮੂ-ਕਸ਼ਮੀਰ) ਵਿਖੇ ਇਕ ਰਾਜਪੂਤ ਕਿਸਾਨ ਪਰਿਵਾਰ ਵਿਚ ਨਾਮ ਦੇਵ ਦੇ ਘਰ ਹੋਇਆ। ਨਾਮ ਲਛਮਣ ਦਾਸ ਸੀ। ਪਰ ਸ਼ਿਕਾਰ ਦੌਰਾਨ ਵਾਪਰੀ ਇੱਕ ਘਟਨਾ ਨੇ ਉਨ੍ਹਾਂ ਦੇ ਮਨ 'ਤੇ ਡੂੰਘਾ ਪ੍ਰਭਾਵ ਪਾਇਆ ਅਤੇ ਉਹ ਸੰਸਾਰਕ ਜੀਵਨ ਤੋਂ ਵਿਰਕਤ ਹੋ ਗਏ। ਬਾਅਦ ਵਿੱਚ ਉਨ੍ਹਾਂ ਨੇ ਤਿਆਗੀ ਜੀਵਨ ਅਪਣਾਇਆ ਅਤੇ ਮਾਧੋ ਦਾਸ ਵਜੋਂ ਜਾਣੇ ਜਾਣ ਲੱਗੇ। ਫਿਰ ਉਹ ਦੱਖਣ ਵਿਚ ਗੋਦਾਵਰੀ ਨਦੀ ਕੰਢੇ ਨਾਸਿਕ ਵਿਖੇ ਅਮਰ ਜੋਗੀ ਦਾ ਚੇਲਾ ਬਣਿਆ ਅਤੇ ਬਾਅਦ 'ਚ ਨਾਂਦੇੜ ਸਾਹਿਬ ਪੁੱਜ ਕੇ ਆਪਣੇ ਮੱਠ ਨੂੰ ਸਥਾਪਿਤ ਕੀਤਾ, ਜਿੱਥੇ 1708 ਵਿੱਚ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਮੇਲ ਹੋਇਆ। ਉਨ੍ਹਾਂ ਦੀ ਇਹ ਮੁਲਾਕਾਤ ਕੇਵਲ ਦੋ ਵਿਅਕਤੀਆਂ ਦਾ ਮਿਲਾਪ ਨਹੀਂ ਸੀ, ਸਗੋਂ ਇਤਿਹਾਸ ਦੀ ਦਿਸ਼ਾ ਬਦਲਣ ਵਾਲਾ ਪਲ ਸੀ। ਇਸ ਤੋਂ ਬਾਅਦ ਉਨ੍ਹਾਂ ਅੰਮ੍ਰਿਤ ਛਕਿਆ ਅਤੇ ਗੁਰਬਖ਼ਸ਼ ਸਿੰਘ ਨਾਮ ਧਾਰਨ ਕੀਤਾ, ਪਰ "ਬੰਦਾ ਸਿੰਘ ਬਹਾਦਰ" ਦੇ ਨਾਮ ਨਾਲ ਪ੍ਰਸਿੱਧੀ ਪ੍ਰਾਪਤ ਕੀਤੀ। ਗੁਰੂ ਸਾਹਿਬ ਨੇ ਉਨ੍ਹਾਂ ਨੂੰ ਮੁਗ਼ਲ ਸ਼ਾਸਨ ਦੇ ਅੱਤਿਆਚਾਰਾਂ ਵਿਰੁੱਧ ਲੜਨ ਅਤੇ ਲੋਕਾਂ ਨੂੰ ਨਿਆਂ ਪ੍ਰਦਾਨ ਕਰਨ ਲਈ ਉਨ੍ਹਾਂ ਨੂੰ ਪੰਜ ਤੀਰ, ਨਿਸ਼ਾਨ ਸਾਹਿਬ, ਨਗਾਰਾ ਅਤੇ ਸਿੱਖ ਸੰਗਤਾਂ ਨੂੰ ਉਨ੍ਹਾਂ ਦੀ ਅਗਵਾਈ ਹੇਠ ਇਕੱਠੇ ਹੋਣ ਦਾ ਸੰਦੇਸ਼ ਵਾਲੇ ਨਾਮ ਹੁਕਮਨਾਮੇ ਸੌਂਪ ਕੇ ਪੰਜਾਬ ਭੇਜਿਆ।

ਬਾਬਾ ਬੰਦਾ ਸਿੰਘ ਬਹਾਦਰ ਦੀ ਮੁਗ਼ਲ ਸ਼ਾਸਨ ਵਿਰੁੱਧ ਲੜਾਈ ਅੱਜ ਦੇ ਹਰਿਆਣਾ, ਹਿਮਾਚਲ ਅਤੇ ਪੰਜਾਬ ਵਿੱਚ ਕੇਂਦਰਿਤ ਸੀ। ਉਨ੍ਹਾਂ ਨੇ ਸਮਾਣਾ, ਸਢੌਰਾ , ਕਪੂਰੀ, ਥਾਨੇਸਰ, ਕੁਰੂਕਸ਼ੇਤਰ ਅਤੇ ਸੋਨੀਪਤ ਵਰਗੇ ਖੇਤਰਾਂ ਨੂੰ ਮੁਗ਼ਲਾਂ ਤੋਂ ਆਜ਼ਾਦ ਕਰਵਾਇਆ। ਇਹੀ ਕਾਰਨ ਹੈ ਕਿ ਹਰਿਆਣਾ ਸਰਕਾਰ ਬੰਦਾ ਸਿੰਘ ਬਹਾਦਰ ਨੂੰ ਕੇਵਲ ਧਾਰਮਿਕ ਹੀ ਨਹੀਂ ਸਗੋਂ ਰਾਸ਼ਟਰੀ ਨੇਤਾ ਵਜੋਂ ਦੇਖਦੀ ਹੈ। ਉਨ੍ਹਾਂ ਨੂੰ ਸਿਰਫ਼ ਇੱਕ ਸਿੱਖ ਯੋਧੇ ਵਜੋਂ ਹੀ ਨਹੀਂ, ਸਗੋਂ ਇੱਕ ਰਾਸ਼ਟਰੀ ਆਜ਼ਾਦੀ ਦੇ ਯੋਧੇ ਵਜੋਂ ਪੇਸ਼ ਕਰਦੀ ਹੈ। ਉਨ੍ਹਾਂ ਨੂੰ ਧਾਰਮਿਕ ਪਛਾਣ ਤੋਂ ਉੱਪਰ ਇੱਕ ਲੋਕ ਨਾਇਕ, ਇੱਕ ਸੰਯੁਕਤ ਸਭਿਆਚਾਰਕ ਪ੍ਰਤੀਕ ਵਜੋਂ ਤਸੱਵਰ ਕਰਦੀ ਹੈ।

ਉਨ੍ਹਾਂ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਿਹ ਸਿੰਘ ਨੂੰ ਸ਼ਹੀਦ ਕਰਨ ਵਾਲੇ ਸਰਹਿੰਦ ਦੇ ਨਵਾਬ ਵਜ਼ੀਰ ਖ਼ਾਨ ਨੂੰ 1710 'ਚ ਚੱਪੜਚਿੜੀ ਦੇ ਮੈਦਾਨ ਵਿਚ ਹਾਰ ਦੇ ਕੇ ਸਿੱਖ ਇਤਿਹਾਸ ਦਾ ਇੱਕ ਨਵਾਂ ਅਧਿਆਇ ਲਿਖਿਆ। ਸਰਹਿੰਦ ਦੀ ਜਿੱਤ ਕੇਵਲ ਇੱਕ ਸੈਨਿਕ ਜਿੱਤ ਨਹੀਂ ਸੀ, ਸਗੋਂ ਨਿਆਂ ਦੀ ਜਿੱਤ ਸੀ। ਜਲਾਲਾਬਾਦ, ਜਲੰਧਰ ਅਤੇ ਹੁਸ਼ਿਆਰਪੁਰ ਹੀ ਨਹੀਂ, ਖ਼ਾਲਸਾਈ ਝੰਡਾ ਲਾਹੌਰ ਦੀਆਂ ਦੀਵਾਰਾਂ ਤੱਕ ਲਿਜਾਣ ਵਿਚ ਸਫਲ ਹੋਏ। ਉਨ੍ਹਾਂ ਨੂੰ ਭਾਵੇਂ ਰਾਜ ਕਰਨ ਜਾਂ ਜੀਣ ਲਈ ਬਹੁਤਾ ਸਮਾਂ ਨਹੀਂ ਮਿਲਿਆ ਪਰ ਆਪਣੇ 7-8 ਸਾਲ ਦੇ ਸਮੇਂ ਵਿਚ ਹੀ ਉਹ ਅਜਿਹਾ ਤੂਫ਼ਾਨ ਬਣ ਕੇ ਆਏ ਕਿ ਜਾਬਰਾਂ-ਜਰਵਾਣਿਆਂ ਨੂੰ ਆਪਣੀਆਂ ਹਕੂਮਤਾਂ ਹੀ ਨਹੀਂ, ਜਾਨਾਂ ਬਚਾਉਣੀਆਂ ਮੁਸ਼ਕਿਲ ਹੋ ਗਈਆਂ ਸਨ। ਜਿੱਥੇ ਉਹ ਮੈਦਾਨੇ-ਜੰਗ ਵਿਚ ਬੜੀ ਸੂਰਮਗਤੀ ਨਾਲ ਲੜੇ ਅਤੇ ਬਿਨਾ ਕਿਸੇ ਸਿਖਲਾਈ-ਪ੍ਰਾਪਤ ਫ਼ੌਜ ਦੇ ਆਮ ਲੋਕਾਂ ਦੀ ਮਦਦ ਨਾਲ ਜਿੱਤਾਂ ਹਾਸਲ ਕੀਤੀਆਂ, ਅੰਤ ਉਹ ਆਪਣੇ ਸਾਥੀਆਂ ਨਾਲ ਗੜ੍ਹੀ ਗੁਰਦਾਸ ਨੰਗਲ (ਜ਼ਿਲ੍ਹਾ ਗੁਰਦਾਸਪੁਰ) ਵਿਖੇ ਸ਼ਾਹੀ ਫ਼ੌਜਾਂ ਦੁਆਰਾ ਘੇਰ ਲਏ ਗਏ। ਫਿਰ ਬੜੀ ਸਾਜ਼ਿਸ਼ ਕਰ ਕੇ ਬੰਦਾ ਸਿੰਘ ਨੂੰ ਠੀਕ ਉਸੇ ਤਰ੍ਹਾਂ ਗੜ੍ਹੀ ਵਿਚੋਂ ਬਾਹਰ ਕੱਢਿਆ ਗਿਆ ਜਿਸ ਤਰ੍ਹਾਂ ਗੁਰੂ ਗੋਬਿੰਦ ਸਿੰਘ ਜੀ ਨੂੰ ਅਨੰਦਪੁਰ ਦਾ ਕਿਲ੍ਹਾ ਛੱਡਣ ਲਈ ਮਜਬੂਰ ਕੀਤਾ ਗਿਆ ਸੀ। ਜਿਸ ਤਰ੍ਹਾਂ ਮਗਰੋਂ ਗੁਰੂ ਸਾਹਿਬ 'ਤੇ ਪਹਾੜੀ ਰਾਜਿਆਂ ਤੇ ਮੁਗ਼ਲਾਂ ਨੇ ਹਮਲਾ ਕਰ ਦਿੱਤਾ ਸੀ ਪਰ ਉਹ ਬਚ ਗਏ ਸਨ ਅਤੇ ਬਹੁਤ ਸਿੰਘ ਸ਼ਹੀਦ ਹੋ ਗਏ ਸਨ, ਪਰ ਬੰਦਾ ਸਿੰਘ ਬਹਾਦਰ ਅਤੇ ਉਨ੍ਹਾਂ ਦੇ ਸੈਂਕੜੇ ਸਾਥੀ ਗ੍ਰਿਫ਼ਤਾਰ ਕਰਕੇ ਬਾਅਦ ਵਿਚ ਦਿੱਲੀ ਲਿਜਾਏ ਗਏ । ਇਸ ਕਾਫ਼ਲੇ 'ਚ ਗਿਣਤੀ ਵਧਾਉਣ ਲਈ ਅਨੇਕਾਂ ਉਹ ਸਿੱਖ ਸ਼ਾਮਲ ਕੀਤੇ ਗਏ ਜਿਨ੍ਹਾਂ ਨੂੰ ਵੱਖ ਵੱਖ ਥਾਂਵਾਂ ਤੋਂ ਬੰਦੀ ਬਣਾ ਲਏ ਗਏ ਸਨ। ਪੁਰਾਣੀ ਦਿੱਲੀ ਵਿਚ ਕੋਤਵਾਲੀ ਚੌਕ ਅਤੇ ਮਹਿਰੌਲੀ ਖੇਤਰ ਨਾਲ ਜੁੜੀਆਂ ਥਾਵਾਂ 'ਤੇ ਬੰਦਾ ਸਿੰਘ ਨੂੰ ਸ਼ਹੀਦ ਕਰਨ ਤੋਂ ਪਹਿਲਾਂ ਕਈ ਦਿਨ ਰੋਜ਼ਾਨਾ ਉਸ ਦੇ 100-100 ਸਾਥੀਆਂ ਨੂੰ ਲੋਕਾਂ ਸਾਹਮਣੇ ਸ਼ਹੀਦ ਕੀਤਾ ਜਾਂਦਾ ਸੀ ਅਤੇ ਲਾਸ਼ਾਂ ਦੇ ਸਿਰ ਕੱਟ ਕੇ ਸੜਕਾਂ ਦੇ ਮੋੜਾਂ 'ਤੇ ਟੰਗੇ ਜਾਂਦੇ ਸਨ ਤਾਂ ਜੋ ਲੋਕਾਂ ਨੂੰ ਸੁਨੇਹਾ ਜਾਵੇ ਕਿ ਮੁਗ਼ਲੀਆ ਹਕੂਮਤ ਵਿਰੁੱਧ ਬਗ਼ਾਵਤ ਕਰਨ ਵਾਲਿਆਂ ਦਾ ਹਸ਼ਰ ਕੀ ਹੁੰਦਾ ਹੈ। ਪਰ ਬੰਦਾ ਸਿੰਘ ਤੇ ਉਸ ਦੇ ਨਾਲ ਗ੍ਰਿਫ਼ਤਾਰ ਕਿਸੇ ਸਿੱਖ ਨੇ ਵੀ ਈਨ ਨਹੀਂ ਮੰਨੀ। ਜੂਨ 1716 ਵਿੱਚ ਉਸ ਦੇ ਸਾਹਮਣੇ ਉਸ ਦੇ ਛੋਟੇ ਜਿਹੇ ਪੁੱਤਰ ਭਾਈ ਅਜੈ ਸਿੰਘ ਨੂੰ ਸ਼ਹੀਦ ਕਰਨ ਉਪਰੰਤ ਉਸ ਦਾ ਦਿਲ ਕੱਢ ਕੇ ਬਾਬਾ ਬੰਦਾ ਸਿੰਘ ਦੇ ਮੂੰਹ ਵਿਚ ਤੁੰਨਿਆ ਗਿਆ ਅਤੇ ਅਖੀਰ ਬਾਬਾ ਬੰਦਾ ਸਿੰਘ ਅੰਤਾਂ ਦੇ ਤਸੀਹੇ ਝੱਲਦੇ ਹੋਏ ਬੜੀ ਬਹਾਦਰੀ ਨਾਲ ਖਿੜੇ ਮੱਥੇ ਸ਼ਹਾਦਤ ਪ੍ਰਾਪਤ ਕਰ ਗਏ। ਬੰਦਾ ਸਿੰਘ ਬਹਾਦਰ ਪੋਰਸ ਤੋਂ ਬਾਅਦ ਪੰਜਾਬ ਦੀ ਧਰਤੀ 'ਤੇ ਅਜਿਹਾ ਪਹਿਲਾ ਜਰਨੈਲ ਹੋ ਨਿੱਬੜਿਆ ਜਿਸ ਨੇ ਪੰਜਾਬ ਨੂੰ ਸੁਤੰਤਰ ਰਾਜ ਵਿਚ ਤਬਦੀਲ ਕੀਤਾ। ਅੰਗਰੇਜ਼ ਇਤਿਹਾਸਕਾਰ ਵਿਲੀਅਮ ਇਰਵਨ ਆਪਣੀ ਕਿਤਾਬ 'ਲੇਟਰ ਮੁਗਲਜ਼' ਵਿਚ ਲਿਖਦਾ ਹੈ ਕਿ ਬੰਦਾ ਸਿੰਘ ਦੀ ਸੈਨਾ ਵਿਚ ਜਿਹੜੇ ਨੀਵੀਂਆਂ ਸਮਝੀਆਂ ਜਾਂਦੀਆਂ ਜਾਤਾਂ ਦੇ ਲੋਕ ਸ਼ਾਮਲ ਹੁੰਦੇ ਸਨ, ਉਹ ਆਪਣੇ ਘਰਾਂ ਨੂੰ ਹਾਕਮ ਬਣ ਕੇ ਮੁੜਦੇ ਸਨ। ਵੱਡੇ ਧਨਾਢ ਲੋਕ ਵੀ ਉਨ੍ਹਾਂ ਦਾ ਸਵਾਗਤ ਕਰਦੇ ਸਨ ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਬੰਦਾ ਸਿੰਘ ਬਹਾਦਰ ਨੇ ਉਨ੍ਹਾਂ ਨੀਚਾਂ ਨੂੰ ਪਾਤਸ਼ਾਹੀ ਬਖ਼ਸ਼ ਦਿੱਤੀ ਸੀ ਜਿਸ ਦਾ ਸੁਪਨਾ ਗੁਰੂ ਗੋਬਿੰਦ ਸਿੰਘ ਜੀ ਨੇ ਲਿਆ ਸੀ: "ਇਨ ਗਰੀਬ ਸਿੱਖਨ ਕੋ ਦੇਊਂ ਪਾਤਸ਼ਾਹੀ, ਇਹ ਯਾਦ ਰਖੇਂ ਹਮਰੀ ਗੁਰਿਆਈ"

ਬੰਦਾ ਸਿੰਘ ਬਹਾਦਰ ਸਿੱਖ ਇਤਿਹਾਸ ਦੀ ਅਜਿਹੀ ਬੁਝਾਰਤ ਹੈ ਜਿਸ ਬਾਰੇ ਸਿੱਖ ਵਿਦਵਾਨਾਂ ਤੇ ਇਤਿਹਾਸਕਾਰਾਂ ਵੱਲੋਂ ਕੋਈ ਵਿਸ਼ੇਸ਼ ਖੋਜ ਕਰਨ ਦੀ ਥਾਂ ਪੁਰਾਣੀਆਂ ਲਿਖਤਾਂ ਨੂੰ ਆਧਾਰ ਬਣਾ ਕੇ ਮੱਖੀ 'ਤੇ ਮੱਖੀ ਮਾਰਨ ਤੋਂ ਵੱਧ ਕੁਝ ਨਹੀਂ ਕੀਤਾ ਗਿਆ। ਪਰ ਇਸ ਦਾ ਮਤਲਬ ਇਹ ਨਹੀਂ ਕਿ ਬੰਦਾ ਸਿੰਘ ਬਹਾਦਰ ਬਾਰੇ ਕਿਸੇ ਨੇ ਕੁਝ ਨਹੀਂ ਲਿਖਿਆ। ਬੰਦਾ ਸਿੰਘ ਬਾਰੇ ਫ਼ਾਰਸੀ, ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿਚ ਅਨੇਕਾਂ ਲਿਖਤਾਂ ਹਨ ਜਿਨ੍ਹਾਂ ਵਿਚੋਂ ਪੰਜਾਬੀ ਦੀਆਂ ਲਿਖਤਾਂ ਉਸ ਦੇ ਜੀਵਨ ਕਾਲ ਤੋਂ 50-60 ਸਾਲ ਬਾਅਦ ਲਿਖੀਆਂ ਜਾਣ ਲੱਗੀਆਂ ਸਨ। ਕੇਸਰ ਸਿੰਘ ਛਿੱਬਰ ਦਾ 'ਬੰਸਾਵਲੀਨਾਮਾ ਦਸਾਂ ਪਾਤਸ਼ਾਹੀਆਂ ਕਾ' ਪਹਿਲੀ ਪੰਜਾਬੀ ਲਿਖਤ ਹੈ ਜਿਸ ਵਿਚ ਬੰਦਾ ਸਿੰਘ ਬਹਾਦਰ ਬਾਰੇ ਜ਼ਿਕਰ ਮਿਲਦਾ ਹੈ। ਇਹ ਲਿਖਤ 1769 ਦੇ ਕਰੀਬ ਲਿਖੀ ਗਈ ਸੀ। ਇਸ ਤੋਂ ਇਲਾਵਾ ਢਾਡੀ ਨੱਥ ਮੱਲ ਦਾ ਫ਼ਾਰਸੀ 'ਅਮਰਨਾਮਾ' ਵੀ ਮਹੱਤਵਪੂਰਨ ਸਰੋਤ ਹੈ।

ਇੱਕ ਪਾਸੇ ਜਿੱਥੇ ਮੁਸਲਮਾਨ ਲਿਖਾਰੀਆਂ ਨੇ ਬਹੁਤ ਕੁਝ ਸਮੇਂ ਦੇ ਹਾਕਮਾਂ ਨੂੰ ਖ਼ੁਸ਼ ਕਰਨ ਲਈ ਲਿਖਿਆ ਹੈ, ਉਥੇ ਮਜ਼ਹਬੀ ਫ਼ਿਰਕੂ ਜ਼ਿਹਨੀਅਤ ਵੀ ਭਾਰੂ ਸੀ ਜਿਸ ਕਰਕੇ ਬੰਦਾ ਸਿੰਘ ਦੇ ਹਮਲਿਆਂ ਨੂੰ ਆਧਾਰ ਬਣਾ ਕੇ ਉਸ ਨੂੰ ਜਾਬਰ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਦੂਜੇ ਪਾਸੇ ਕੁਝ ਸਿੱਖ ਲੇਖਕਾਂ ਨੇ ਵੀ ਸਮੇਂ ਦੀਆਂ ਕਾਬਜ਼ ਧਿਰਾਂ ਨੂੰ ਖ਼ੁਸ਼ ਕਰਨ ਲਈ ਅਜਿਹੀਆਂ ਕਹਾਣੀਆਂ ਲਿਖੀਆਂ ਜਿਨ੍ਹਾਂ ਨਾਲ ਬੰਦਾ ਸਿੰਘ ਦੀ ਸ਼ਖਸੀਅਤ ਨੂੰ ਦਾਗ਼ਦਾਰ ਕਰਨ ਦੀ ਕੋਸ਼ਿਸ਼ ਕੀਤੀ ਗਈ।

ਜਦਕਿ ਉਸ ਦੀ ਸ਼ਹਾਦਤ ਬਾਰੇ ਫ਼ਾਰਸੀ ਦੀਆਂ ਸਮਕਾਲੀ ਰਚਨਾਵਾਂ 'ਅਖਬਾਰ-ਏ-ਦਰਬਾਰ-ਏ-ਮੁਅੱਲਾ', ਮੁਹੰਮਦ ਕਾਸਿਮ ਦਾ 'ਇਬਰਤਨਾਮਾ', ਮਿਰਜ਼ਾ ਮੁਹੰਮਦ ਦਾ 'ਇਬਰਤਨਾਮਾ', ਹਾਜ਼ੀ ਕਾਮਵਰ ਖਾਨ ਦਾ 'ਤਜ਼ਿਕਰਾਤ-ਉਲ-ਸਲਾਤੀਨ ਚੁਗੱਤਾ' ਅਤੇ ਖਾਫੀ ਖਾਨ ਦੀ 'ਮੁਨਤਖ਼ਬ-ਉਲ-ਲੁਬਾਬ' ਵਿਚ ਕਾਫ਼ੀ ਜ਼ਿਕਰ ਆਉਂਦਾ ਹੈ ਕਿ ਬੰਦਾ ਸਿੰਘ ਬਹਾਦਰ, ਉਸ ਦੇ ਪੁੱਤਰ ਅਤੇ 700 ਤੋਂ ਵੱਧ ਸਾਥੀਆਂ ਨੂੰ ਕਿਸ ਤਰ੍ਹਾਂ ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ।

ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਾਬਾ ਬੰਦਾ ਸਿੰਘ ਬਹਾਦਰ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ, "ਬੰਦਾ ਸਿੰਘ ਬਹਾਦਰ ਇੱਕ ਮਹਾਨ ਯੋਧਾ ਸੀ। ਉਸ ਦਾ ਜੀਵਨ ਸਾਡੇ ਸਭ ਲਈ ਪ੍ਰੇਰਣਾ ਸਰੋਤ ਹੈ। ਮੈਂ ਬਾਬਾ ਬੰਦਾ ਸਿੰਘ ਬਹਾਦਰ ਨੂੰ ਉਨ੍ਹਾਂ ਦੀ ਬਹਾਦਰੀ ਅਤੇ ਬਲੀਦਾਨ ਲਈ ਨਮਨ ਕਰਦਾ ਹਾਂ।"

ਇੱਥੇ ਮੇਰਾ ਮੰਨਣਾ ਹੈ ਕਿ ਬੰਦਾ ਬਹਾਦਰ ਦੀਆਂ ਪ੍ਰਾਪਤੀਆਂ ਧਾਰਮਿਕ ਅਤੇ ਰਾਜਨੀਤਿਕ ਖੇਤਰ ਵਿਚ ਇਕ ਮਹਾਨ ਕ੍ਰਾਂਤੀ ਸਨ। ਉਨ੍ਹਾਂ ਦੀ ਮਹਾਨਤਾ ਨੂੰ ਕਿਸੇ ਵੀ ਦਾਇਰੇ ਵਿਚ ਸੀਮਤ ਨਹੀਂ ਰੱਖਿਆ ਜਾ ਸਕਦਾ। ਬਾਬਾ ਬੰਦਾ ਸਿੰਘ ਬਹਾਦਰ ਨੂੰ ਕਿਸੇ ਇੱਕ ਭਾਈਚਾਰੇ, ਖੇਤਰ ਜਾਂ ਵਿਚਾਰਧਾਰਾ ਦੀ ਸੀਮਾ ਵਿੱਚ ਬੰਨ੍ਹਣਾ ਉਨ੍ਹਾਂ ਦੀ ਵਿਸ਼ਾਲ ਇਤਿਹਾਸਕ ਸ਼ਖ਼ਸੀਅਤ ਨਾਲ ਇਨਸਾਫ਼ ਨਹੀਂ ਹੋਵੇਗਾ। ਉਹ ਸਿੱਖ ਕੌਮ ਦੇ ਮਹਾਨ ਨਾਇਕ ਹੋਣ ਦੇ ਨਾਲ-ਨਾਲ ਨਿਆਂ, ਬਰਾਬਰੀ ਅਤੇ ਮਨੁੱਖੀ ਮਰਿਆਦਾ ਲਈ ਸੰਘਰਸ਼ ਕਰਨ ਵਾਲੀ ਸਮੁੱਚੀ ਮਨੁੱਖਤਾ ਦੀ ਸਾਂਝੀ ਵਿਰਾਸਤ ਹਨ। ਇਸੇ ਲਈ ਬਾਬਾ ਬੰਦਾ ਸਿੰਘ ਬਹਾਦਰ ਦੀ ਲਾਸਾਨੀ ਸ਼ਹਾਦਤ ਅਤੇ ਕੁਰਬਾਨੀ ਨੂੰ ਸਿੱਖ ਕੌਮ ਹੀ ਨਹੀਂ, ਸਗੋਂ ਸਮੂਹ ਮਨੁੱਖਤਾ ਸਤਿਕਾਰ ਨਾਲ ਯਾਦ ਕਰਦੀ ਹੈ। ਮੈਂ ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਅਤੇ ਕੁਰਬਾਨੀ ਨੂੰ ਲੱਖ-ਲੱਖ ਵਾਰ ਸਿੱਜਦਾ ਕਰਦਾ ਹਾਂ।



**-ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ ਪੰਜਾਬ ਭਾਜਪਾ। 9781355522**